Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 75 Chief Editor : Chowdhary Prabhjit Singh, Editor : Chhatarpal Singh 98146-32807, Friday 4 September 2026 Price : 2 Rs. Page : 6

## ਨਵੇਂ ਅਹੁਦੇਦਾਰਾਂ ਦੀ ਚੋਣ ਤੱਕ ਮਿਸ਼ਰਾ ਬਾਰ ਕੌਂਸਲ ਦੇ ਚੇਅਰਪਰਸਨ: ਸੁਪਰੀਮ ਕੋਰਟ

**ਨਵੀਂ ਦਿੱਲੀ, 3 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਸੁਪਰੀਮ ਕੋਰਟ ਨੇ ਅੱਜ ਟਿੱਪਣੀ ਕੀਤੀ ਕਿ ਬਾਰ ਕੌਂਸਲ ਆਫ ਇੰਡੀਆ (ਬੀ ਸੀ ਆਈ) ਦੇ ਚੇਅਰਮੈਨ ਮਨਨ ਕੁਮਾਰ ਮਿਸ਼ਰਾ ਦਾ ਅਹੁਦਾ ਉਦੋਂ ਤੱਕ ਸਿਰਫ਼ 'ਪ੍ਰੋ ਟੈਮ' (ਆਰਜ਼ੀ) ਹੈ ਜਦੋਂ ਤੱਕ ਨਵੇਂ ਸਿਰਿਓਂ ਗਠਿਤ ਵਕੀਲਾਂ ਦੀ ਸੰਸਥਾ ਆਪਣੇ ਅਹੁਦੇਦਾਰਾਂ ਦੀ ਚੋਣ ਨਹੀਂ ਕਰ ਲੈਂਦੀ। ਅਦਾਲਤ ਨੇ ਹਦਾਇਤ ਕੀਤੀ ਕਿ ਇਸ ਨੂੰ ਕੋਈ ਵੀ ਨੀਤੀਗਤ ਫ਼ੈਸਲਾ ਭਾਰਤ ਦੇ ਅਟਾਰਨੀ ਜਨਰਲ ਅਤੇ ਸੌਲੀਸਿਟਰ ਜਨਰਲ ਨਾਲ ਸਲਾਹ-ਮਸ਼ਵਰਾ ਕਰ ਕੇ ਹੀ ਲੈਣਾ ਹੋਵੇਗਾ।



ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੌਇਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੇ ਬੈਂਚ ਨੇ ਕਿਹਾ ਕਿ ਇਹ ਕਿਸੇ ਵੀ ਦੋਸ਼ ਤੋਂ ਪ੍ਰਭਾਵਿਤ ਨਹੀਂ ਹੋਵੇਗੀ ਅਤੇ ਇਸ ਦਾ ਸਬੰਧ ਕਿਸੇ ਵਿਅਕਤੀ ਦੇ ਆਚਰਨ ਨਾਲ ਨਹੀਂ, ਸਗੋਂ ਬੀ ਸੀ ਆਈ ਦੇ ਸੰਸਥਾਈ ਕੰਮਕਾਜ ਨਾਲ ਹੈ। ਸਿਖਰਲੀ ਅਦਾਲਤ ਨੇ ਕਿਹਾ ਕਿ ਉਹ ਮਿਸ਼ਰਾ ਦੇ ਅਹੁਦੇ 'ਤੇ ਰਹਿਣ ਕਾਰਨ ਕਿਸੇ ਵੀ ਪਰਦੇ ਦੇ ਪਿੱਛੇ ਦੀ ਲੜਾਈ ਨੂੰ ਉਤਸ਼ਾਹਿਤ ਨਹੀਂ ਕਰ ਰਹੀ ਅਤੇ ਚੁਣੀ ਹੋਈ ਬੀ ਸੀ ਆਈ ਦਾ ਗਠਨ ਹੋਣ ਤੱਕ ਸੰਸਥਾਈ ਅਖੰਡਤਾ ਯਕੀਨੀ ਬਣਾਉਣ ਦੀ ਲੋੜ ਹੈ।

ਸਿਖਰਲੀ ਅਦਾਲਤ ਉਨ੍ਹਾਂ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਸੀ, ਜਿਨ੍ਹਾਂ ਵਿੱਚ ਬੀ ਸੀ ਆਈ ਦੇ ਚੇਅਰਮੈਨ ਵਜੋਂ ਮਿਸ਼ਰਾ ਦੇ ਲੰਬੇ ਕਾਰਜਕਾਲ ਦੀ ਕਾਨੂੰਨੀ ਮਾਨਤਾ ਨੂੰ ਚੁਣੌਤੀ ਦਿੱਤੀ ਗਈ ਹੈ, ਉਨ੍ਹਾਂ ਨੂੰ ਇਸ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਗਈ ਹੈ ਅਤੇ ਚੇਅਰਮੈਨ ਤੇ ਵਾਈਸ ਚੇਅਰਮੈਨ ਦਾ ਕਾਰਜਕਾਲ 2030 ਤੱਕ ਵਧਾਉਣ ਵਾਲੇ ਨੋਟੀਫਿਕੇਸ਼ਨਾਂ ਦੀ ਵਾਜਬੀਅਤ 'ਤੇ ਸਵਾਲ ਉਠਾਏ ਗਏ ਹਨ। ਜਸਟਿਸ ਬਾਗਚੀ ਨੇ ਜ਼ੁਬਾਨੀ ਟਿੱਪਣੀ ਕਰਦਿਆਂ ਕਿਹਾ, "ਅਸੀਂ ਮੌਜੂਦਾ ਪ੍ਰਬੰਧ 'ਤੇ ਕੋਈ ਮੋਹਰ ਨਹੀਂ ਲਾ ਰਹੇ।

ਇਹ ਸਪੱਸ਼ਟ ਹੈ ਕਿ ਮੌਜੂਦਾ ਚੇਅਰਮੈਨ ਸਿਰਫ਼ ਉਦੋਂ ਤੱਕ ਹੀ ਆਪਣੇ ਅਹੁਦੇ 'ਤੇ ਰਹਿ ਸਕਦੇ ਹਨ, ਜਦੋਂ ਤੱਕ ਨਵੀਆਂ ਚੋਣਾਂ ਨਹੀਂ ਹੋ ਜਾਂਦੀਆਂ।"

## ਪੰਜਾਬ ਦੀ ਖਰੜਾ ਵੋਟਰ ਸੂਚੀ 'ਚੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਆਊਟ

**ਚੰਡੀਗੜ੍ਹ, 3 ਸਤੰਬਰ**
**-ਮਨੋਜ ਵਰਮਾ-**

ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਪ੍ਰਕਿਰਿਆ ਮਗਰੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਪੰਜਾਬ ਦੀ ਖਰੜਾ ਵੋਟਰ ਸੂਚੀ 'ਚੋਂ ਆਊਟ ਹੋ ਗਏ ਹਨ। ਵਿਸ਼ੇਸ਼ ਸੁਧਾਈ ਦੀ ਪ੍ਰਕਿਰਿਆ ਦੌਰਾਨ ਰਾਘਵ ਚੱਢਾ ਦੇ ਪੰਜਾਬ ਵਿਚਲੇ ਆਪਣੇ ਰਿਹਾਇਸ਼ੀ ਟਿਕਾਣੇ ਤੋਂ ਸ਼ਿਫ਼ਟ ਹੋਣ ਦੀ ਪੁਸ਼ਟੀ ਹੋਈ ਹੈ ਜਿਸ ਮਗਰੋਂ ਰਾਘਵ ਚੱਢਾ ਦੀ ਵੋਟ ਪੰਜਾਬ 'ਚੋਂ ਕੱਟ ਦਿੱਤੀ ਗਈ ਹੈ। ਕੁੱਝ ਸਮਾਂ ਪਹਿਲਾਂ ਭਾਜਪਾ 'ਚ ਸ਼ਾਮਲ ਹੋਏ ਰਾਘਵ ਚੱਢਾ ਨੇ ਆਪਣੀ ਵੋਟ ਕੱਟੇ ਜਾਣ ਨੂੰ 'ਸਿਆਸੀ ਬਦਲਾਖੋਰੀ' ਕਰਾਰ ਦਿੰਦਿਆਂ ਪੰਜਾਬ ਦੀ 'ਆਪ' ਸਰਕਾਰ 'ਤੇ ਗ਼ੁੱਸਾ ਕੱਢਿਆ ਹੈ।



ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਆਖਦੇ ਹਨ ਕਿ ਭਾਰਤੀ ਚੋਣ ਕਮਿਸ਼ਨ ਦੀ ਵਿਸ਼ੇਸ਼ ਸੁਧਾਈ ਪ੍ਰਕਿਰਿਆ 'ਚ ਰਾਘਵ ਚੱਢਾ ਦੀ ਵੋਟ ਕੱਟੇ ਜਾਣ ਨਾਲ ਸੂਬਾਈ ਸਰਕਾਰ ਦੀ ਕੀ ਤੁਅੱਲਕ। ਦੱਸਣਯੋਗ ਹੈ ਕਿ ਚੋਣ ਕਮਿਸ਼ਨ ਵੱਲੋਂ 13 ਅਗਸਤ ਨੂੰ ਖਰੜਾ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਗਈ ਹੈ ਜਿਸ 'ਚ ਰਾਘਵ ਚੱਢਾ ਦੀ ਵੋਟ ਕੱਟੇ ਜਾਣ ਦਾ ਪਤਾ ਚੱਲਿਆ ਹੈ। ਪੰਜਾਬ 'ਚ 20.66 ਲੱਖ ਵੋਟਰਾਂ ਦੇ ਨਾਮ ਕੱਟੇ ਗਏ ਹਨ ਜੋ ਕਿ ਕੁੱਲ ਵੋਟਰ ਸੂਚੀ ਦਾ ਕਰੀਬ 9.7 ਫ਼ੀਸਦੀ ਬਣਦੇ ਹਨ।

ਵੇਰਵਿਆਂ ਅਨੁਸਾਰ ਰਾਘਵ ਚੱਢਾ ਨੇ ਜਦੋਂ ਤੋਂ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਿਹਾ ਹੈ, ਉਸ ਮਗਰੋਂ ਸਿਰਫ਼ ਇੱਕ ਵਾਰ ਉਹ ਪੰਜਾਬ 'ਚ ਨਜ਼ਰ ਆਏ ਹਨ। ਪਿਛਲੀਆਂ ਨਗਰ ਨਿਗਮ ਚੋਣਾਂ 'ਚ ਵੀ ਰਾਘਵ ਚੱਢਾ ਨੇ ਆਪਣੀ ਵੋਟ ਦਾ ਇਸਤੇਮਾਲ ਨਹੀਂ ਕੀਤਾ ਸੀ। ਮੁਹਾਲੀ ਨਿਗਮ ਦੀ ਵੋਟਰ ਸੂਚੀ 'ਚ ਵਾਰਡ ਨੰਬਰ 44 'ਚ ਸੀਰੀਅਲ ਨੰਬਰ 253 ਅਤੇ ਬੂਥ ਨੰਬਰ 160 'ਚ ਰਾਘਵ ਚੱਢਾ ਦੀ ਵੋਟ ਬਣੀ ਹੋਈ ਸੀ। ਮੁਹਾਲੀ ਦੇ ਵਾਰਡ ਨੰਬਰ 44 'ਚ ਪੈਂਦੇ ਰੀਜੈਂਸੀ ਹਾਈਟਸ 'ਚ ਰਾਘਵ ਚੱਢਾ ਦੀ ਰਿਹਾਇਸ਼ ਹੈ ਜਿੱਥੋਂ ਉਨ੍ਹਾਂ ਦੇ ਹੁਣ ਪੱਕੇ ਤੌਰ 'ਤੇ ਸ਼ਿਫ਼ਟ ਹੋਣ ਦੀ ਗੱਲ ਕਹੀ ਗਈ ਹੈ।

ਆਮ ਆਦਮੀ ਪਾਰਟੀ ਨੇ ਜਦੋਂ ਰਾਘਵ ਚੱਢਾ ਦੀ ਰਾਜ ਸਭਾ ਲਈ 21 ਮਾਰਚ 2022 ਨੂੰ ਨਾਮਜ਼ਦਗੀ ਦਾ ਐਲਾਨ ਕੀਤਾ ਸੀ ਤਾਂ ਉਸ ਵਕਤ ਪੰਜਾਬ 'ਚ ਸਿਆਸੀ ਹਿਲਜੁਲ ਹੋਈ ਸੀ ਕਿ ਪੰਜਾਬ ਤੋਂ ਬਾਹਰ ਦੇ ਬਾਸ਼ਿੰਦੇ ਨੂੰ ਰਾਜ ਸਭਾ ਦੀ ਟਿਕਟ ਦਿੱਤੀ ਗਈ ਹੈ। ਰਾਘਵ ਚੱਢਾ ਅਪਰੈਲ 2022 'ਚ ਪੰਜਾਬ ਤੋਂ ਰਾਜ ਸਭਾ ਮੈਂਬਰ ਬਣੇ ਸਨ। ਰਾਜ ਸਭਾ ਦੀ ਸਾਲ 2022 'ਚ ਨਾਮਜ਼ਦਗੀ ਮੌਕੇ ਚੋਣ ਕਮਿਸ਼ਨ ਕੋਲ ਦਾਇਰ ਕੀਤੇ ਹਲਫ਼ੀਆ ਬਿਆਨ ਮੁਤਾਬਿਕ ਰਾਘਵ ਚੱਢਾ ਦੀ ਦਿੱਲੀ ਦੇ ਵਿਧਾਨ ਸਭਾ ਹਲਕਾ ਰਜੇਂਦਰ ਨਗਰ 'ਚ ਸੀਰੀਅਲ ਨੰਬਰ 313, ਪਾਰਟ ਨੰਬਰ 52 ਤਹਿਤ ਵੋਟ ਬਣੀ ਹੋਈ ਸੀ।

## ਪੰਜਾਬ ਦੇ ਮੁਲਾਜ਼ਮਾਂ ਨੂੰ ਮਿਲਦੀ ਦੇਸ਼ 'ਚ ਸਭ ਤੋਂ ਵੱਧ ਤਨਖਾਹ: ਹਰਪਾਲ ਚੀਮਾ

### ਪੰਜਾਬ ਦੇ ਮਾਲੀਏ ਦਾ 51 ਫੀਸਾਂ ਮੁਲਾਜ਼ਮਾਂ ਦੀ ਤਨਖਾਹ ਅਤੇ ਪੈਨਸ਼ਨਾਂ ਉੱਤੇ ਹੁੰਦਾ ਹੈ ਖਰਚ; ਸੂਬਾ ਸਰਕਾਰ ਮੁਲਾਜ਼ਮਾਂ ਨਾਲ ਬੈਠ ਕੇ ਗੱਲਬਾਤ ਕਰਨ ਲਈ ਤਿਆਰ



**ਚੰਡੀਗੜ੍ਹ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਮਹਿੰਗਾਈ ਭੱਤੇ ਦੇ ਬਕਾਈ ਨੂੰ ਲੈ ਕੇ ਸੂਬਾ ਸਰਕਾਰ ਅਤੇ ਮੁਲਾਜ਼ਮਾਂ ਵਿੱਚ ਚੱਲ ਰਿਹਾ ਟਕਰਾਅ ਖ਼ਤਮ ਹੋਣ ਦਾ ਨਾਂਅ ਨਹੀਂ ਲੈ ਰਿਹਾ। ਇਸੇ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਅਤੇ ਡਾਕਟਰ ਬਲਜੀਤ ਕੌਰ ਨੇ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਦੇਸ਼ ਵਿੱਚ ਸਭ ਤੋਂ ਵੱਧ ਤਨਖਾਹ ਮਿਲ ਰਹੀ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਗੁਜਰਾਤ ਦੇ ਮੁਲਾਜ਼ਮਾਂ ਨਾਲੋਂ 28 ਫੀਸਦ ਵੱਧ ਅਤੇ ਹਰਿਆਣਾ ਦੇ ਮੁਲਾਜ਼ਮਾਂ ਨਾਲੋਂ 13 ਫੀਸਦ ਤਨਖਾਹ ਵੱਧ ਦਿੱਤੀ ਜਾ ਰਹੀ ਹੈ। ਇਸੇ ਕਰਕੇ ਪੰਜਾਬ ਦੇ ਕੁੱਲ ਮਾਲੀਏ ਦਾ 51 ਫੀਸਦ ਹਿੱਸਾ ਮੁਲਾਜ਼ਮਾਂ ਦੀ ਤਨਖਾਹ ਅਤੇ ਪੈਨਸ਼ਨਾਂ ਉੱਤੇ ਖਰਚ ਹੁੰਦਾ ਹੈ। ਜਦੋਂ ਕਿ ਦੇਸ਼ ਵਿੱਚ ਔਸਤਨ ਮਾਲੀਏ ਦਾ 38 ਫੀਸਦ ਹਿੱਸਾ ਹੀ ਮੁਲਾਜ਼ਮਾਂ ਦੀ ਤਨਖਾਹ ਅਤੇ ਪੈਨਸ਼ਨ ਤੇ ਖਰਚ ਹੁੰਦਾ ਹੈ।ਹਰਪਾਲ ਸਿੰਘ ਚੀਮਾ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਵੱਲ ਮੁਲਾਜ਼ਮਾਂ ਦੇ ਡੀਏ ਦਾ ਬਕਾਇਆ ਖੜ੍ਹਾ 14100 ਕਰੋੜ ਰੁਪਏ ਪੁਰਾਣੀ ਅਕਾਲੀ ਭਾਜਪਾ ਅਤੇ ਕਾਂਗਰਸ ਸਰਕਾਰਾਂ ਦੇ ਸਮੇਂ ਦੇ ਹਨ, ਜਿਸ ਵਿੱਚੋਂ ਆਮ ਆਦਮੀ ਪਾਰਟੀ ਦੀ ਸਰਕਾਰ ਥੋੜੇ ਥੋੜੇ ਕਰਕੇ ਭੁਗਤਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਾਈ ਕੋਰਟ ਵਿੱਚ ਦਿੱਤੇ ਪਲਾਨ ਅਨੁਸਾਰ 4500 ਕਰੋੜ ਰੁਪਏ ਤੋਂ ਵੱਧ ਦੀ ਰਕਮ ਦਾ ਭੁਗਤਾਨ ਕਰ ਵੀ ਦਿੱਤਾ ਹੈ ਅਤੇ ਬਾਕੀਆਂ ਦਾ ਭੁਗਤਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਪਾਰਟੀਆਂ ਪੰਜਾਬ ਦੇ ਮੁਲਾਜ਼ਮਾਂ ਅਤੇ ਲੋਕਾਂ ਨੂੰ ਝੂਠ ਬੋਲ ਕੇ ਗੁਮਰਾਹ ਕਰ ਰਹੀਆਂ ਹਨ। ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ 2022 ਦੀਆਂ ਚੋਣਾਂ ਦੇ ਨਜ਼ਦੀਕ ਆਉਣ ਤੇ ਮੁਲਾਜ਼ਮਾਂ ਨੂੰ ਡੀਏ ਦੇਣ ਦਾ ਐਲਾਨ ਕਰ ਦਿੱਤਾ ਸੀ ਪਰ ਡੀਏ ਨਹੀਂ ਦਿੱਤਾ।

## ਸੁਖਬੀਰ ਬਾਦਲ ਚੰਡੀਗੜ੍ਹ ਦੀ ਅਦਾਲਤ ਵਿੱਚ ਪੇਸ਼

**ਚੰਡੀਗੜ੍ਹ, 3 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅੱਜ ਕੋਟਕਪੂਰਾ ਗੋਲੀ ਕਾਂਡ ਅਤੇ ਬੇਅਦਬੀ ਨਾਲ ਜੁੜੇ ਹੋਰਨਾਂ ਮਾਮਲਿਆਂ ਵਿੱਚ ਹੋਰਨਾਂ ਮੁਲਜ਼ਮਾਂ ਸਮੇਤ ਚੰਡੀਗੜ੍ਹ ਦੀ ਅਦਾਲਤ ਵਿੱਚ ਪੇਸ਼ ਹੋਏ। ਸੁਣਵਾਈ ਦੌਰਾਨ ਅਦਾਲਤ ਵਿੱਚ ਭਾਰੀ ਸੁਰੱਖਿਆ ਬਲ ਤਾਇਨਾਤ ਰਿਹਾ। ਅਦਾਲਤ ਦੇ ਬਾਹਰ ਵੀ ਵੱਡੀ ਗਿਣਤੀ ਵਿੱਚ ਪੁਲੀਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ। ਇਸ ਤੋਂ ਪਹਿਲਾਂ 10 ਅਗਸਤ ਨੂੰ ਹੋਈ ਸੁਣਵਾਈ ਦੌਰਾਨ ਪੰਜਾਬ ਪੁਲੀਸ ਵੱਲੋਂ ਪਬਲਿਕ ਪ੍ਰੌਸੀਕਿਊਟਰ ਜ਼ਰੀਏ ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀ ਕਾਂਡ ਦੀ ਬਕਾਇਆ ਜਾਂਚ ਬਾਰੇ ਇੱਕ ਸੀਲਬੰਦ ਲਿਫ਼ਾਫ਼ੇ ਵਿੱਚ ਸਟੇਟਸ ਰਿਪੋਰਟ ਚੰਡੀਗੜ੍ਹ ਦੀ ਅਦਾਲਤ ਵਿੱਚ ਦਾਖ਼ਲ ਕੀਤੀ ਗਈ ਸੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ 'ਤੇ ਅਪਰੈਲ 2026 ਵਿੱਚ ਕੋਟਕਪੂਰਾ ਗੋਲੀ ਕਾਂਡ ਅਤੇ ਜਾਇਦਾਦ ਦੇ ਨੁਕਸਾਨ ਨਾਲ ਸਬੰਧਤ ਬੇਅਦਬੀ ਕੇਸਾਂ ਦੀ ਸੁਣਵਾਈ ਚੰਡੀਗੜ੍ਹ ਸੈਸ਼ਨ ਕੋਰਟ ਵਿੱਚ ਤਬਦੀਲ ਕਰ ਦਿੱਤੀ ਗਈ ਸੀ।

ਕੋਟਕਪੂਰਾ ਗੋਲੀ ਕਾਂਡ ਦੀ ਇਹ ਘਟਨਾ 14 ਅਕਤੂਬਰ 2015 ਨੂੰ ਵਾਪਰੀ ਸੀ, ਜੋ ਕਿ ਜੂਨ ਅਤੇ ਸਤੰਬਰ 2015 ਵਿੱਚ ਬਰਗਾੜੀ ਅਤੇ ਬੁਰਜ ਜਵਾਹਰ ਸਿੰਘ ਵਾਲਾ ਪਿੰਡਾਂ ਦੇ ਗੁਰਦੁਆਰਿਆਂ ਵਿੱਚ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਤੋਂ ਬਾਅਦ ਵਾਪਰੀ ਸੀ। ਬੇਅਦਬੀ ਦੀਆਂ ਇਨ੍ਹਾਂ ਘਟਨਾਵਾਂ ਵਿਰੁੱਧ ਰੋਸ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ 'ਤੇ ਪੁਲੀਸ ਵੱਲੋਂ ਗੋਲੀਬਾਰੀ ਕੀਤੀ ਗਈ ਸੀ। ਇਸ ਦੌਰਾਨ ਬਹਿਬਲ ਕਲਾਂ ਵਿਖੇ ਹੋਈ ਗੋਲੀਬਾਰੀ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਸੀ, ਜਦੋਂ ਕਿ ਕੋਟਕਪੂਰਾ ਦੀ ਘਟਨਾ ਵਿੱਚ ਕਈ ਲੋਕ ਜ਼ਖ਼ਮੀ ਹੋ ਗਏ ਸਨ।

ਇਸ ਮਾਮਲੇ ਵਿੱਚ ਸਾਬਕਾ ਪੁਲੀਸ ਮੁਖੀ (ਡੀ.ਜੀ.ਪੀ.) ਸੁਮੈਧ ਸਿੰਘ ਸੈਣੀ, ਪਰਮਰਾਜ ਸਿੰਘ ਉਮਰਾਨੰਗਲ, ਚਰਨਜੀਤ ਸਿੰਘ ਸ਼ਰਮਾ, ਅਮਰ ਸਿੰਘ ਚਾਹਲ ਅਤੇ ਸੁਖਮਿੰਦਰ ਸਿੰਘ ਮਾਨ ਸਮੇਤ ਕਈ ਸੀਨੀਅਰ ਪੁਲੀਸ ਅਧਿਕਾਰੀ ਵੀ ਮੁਲਜ਼ਮ ਹਨ। ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੀ ਕੋਟਕਪੂਰਾ ਗੋਲੀ ਕਾਂਡ ਵਿੱਚ ਮੁਲਜ਼ਮਾਂ ਵਿੱਚ ਸ਼ਾਮਲ ਹਨ। ਜਿਵੇਂ ਹੀ ਸੁਣਵਾਈ ਸ਼ੁਰੂ ਹੋਈ, ਮੁਲਜ਼ਮਾਂ ਦੇ ਵਕੀਲਾਂ ਨੇ ਅਦਾਲਤ ਨੂੰ ਅਪੀਲ ਕੀਤੀ ਕਿ ਉਹ ਪ੍ਰੌਸੀਕਿਊਸ਼ਨ ਨੂੰ ਇਨ੍ਹਾਂ ਕੇਸਾਂ ਦੀ ਬਕਾਇਆ ਜਾਂਚ ਬਾਰੇ ਸਥਿਤੀ ਸਪੱਸ਼ਟ ਕਰਨ ਦੇ ਨਿਰਦੇਸ਼ ਦੇਣ। ਉਨ੍ਹਾਂ ਕਿਹਾ ਕਿ ਪੰਜਾਬ ਪੁਲੀਸ ਵੱਲੋਂ ਕੀਤੀ ਜਾ ਰਹੀ ਜਾਂਚ ਨੂੰ ਲੈ ਕੇ ਕਾਫ਼ੀ ਉਲਝਣ ਬਣੀ ਹੋਈ ਹੈ। ਅਦਾਲਤ ਨੇ ਵੀ ਪ੍ਰੌਸੀਕਿਊਸ਼ਨ ਨੂੰ ਸੁਣਵਾਈ ਦੀ ਅਗਲੀ ਤਰੀਕ ਤੱਕ ਸਾਰੇ ਮਾਮਲਿਆਂ ਦੀ ਬਕਾਇਆ ਜਾਂਚ ਸਬੰਧੀ ਸਥਿਤੀ ਸਪੱਸ਼ਟ ਕਰਨ ਦੇ ਆਦੇਸ਼ ਦਿੱਤੇ ਹਨ।

## ਮੁੱਖ ਮੰਤਰੀ ਦੇ ਦੌਰੇ ਤੋਂ ਦੋ ਦਿਨ ਪਹਿਲਾਂ ਜ਼ਿਲ੍ਹਾ ਪ੍ਰੀਸ਼ਦ ਬਠਿੰਡਾ 'ਚ ਬੰਬ ਧਮਾਕੇ ਦੀ ਧਮਕੀ

**ਬਠਿੰਡਾ, 3 ਸਤੰਬਰ**
**-ਗੁਰਤੇਜ ਅਤਲਾ-**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦੋ ਬਠਿੰਡਾ ਦੌਰੇ ਤੋਂ ਦੋ ਦਿਨ ਪਹਿਲਾਂ ਜ਼ਿਲ੍ਹਾ ਪ੍ਰੀਸ਼ਦ ਦਫਤਰ ਨੂੰ ਈਮੇਲ ਰਾਹੀਂ ਬੰਬ ਧਮਾਕੇ ਦੀ ਧਮਕੀ ਦਿੱਤੀ ਗਈ ਹੈ। ਨਵੇਂ ਜਿਲ੍ਹਾ ਪੁਲਿਸ ਮੁਖੀ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਇਹ ਪਹਿਲਾ ਮਾਮਲਾ ਹੈ ਕਿ ਅਜਿਹੀ ਕੋਈ ਈਮੇਲ ਸਾਹਮਣੇ ਆਈ ਹੈ। ਜ਼ਿਲ੍ਹਾ ਪੁਲਿਸ ਨੇ ਸੁਰੱਖਿਆ ਦੇ ਮੱਦੇ ਨਜ਼ਰ ਅਲਾਰਟ ਜਾਰੀ ਕਰ ਦਿੱਤਾ ਹੈ। ਇਸ ਕੰਪਲੈਕਸ ਵਿੱਚ ਸਰਕਾਰੀ ਬੈਂਕ ਤੋਂ ਇਲਾਵਾ, ਲਾਇਬਰੇਰੀ ਅਤੇ ਕਈ ਦੁਕਾਨਾਂ ਵੀ ਹਨ ਜਿਸ ਨੂੰ ਦੇਖਦਿਆਂ ਪੁਲਿਸ ਨੇ ਇਸ ਧਮਕੀ ਨੂੰ ਗੰਭੀਰਤਾ ਨਾਲ ਲਿਆ ਹੈ। ਇਸ ਮੌਕੇ ਪੁਲਿਸ ਨੇ ਲਾਇਬਰੇਰੀ ਨੂੰ ਖਾਲੀ ਕਰਵਾਇਆ ਅਤੇ ਡੂੰਘਾਈ ਨਾਲ ਤਲਾਸ਼ੀ ਲਈ।

ਇਹ ਧਮਕੀ ਮੁੱਖ ਮੰਤਰੀ ਭਗਵੰਤ ਮਾਨ ਦੇ 5 ਤੋਂ 7 ਸਤੰਬਰ ਤੱਕ ਬਠਿੰਡਾ ਜ਼ਿਲ੍ਹੇ ਦੇ ਦੌਰੇ ਤੋਂ ਪਹਿਲਾਂ ਸਾਹਮਣੇ ਆਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ 5 ਸਤੰਬਰ ਨੂੰ, ਇੱਥੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਮੁਕਾਬਲਿਆਂ ਦਾ ਉਦਘਾਟਨ ਕਰਨ ਲਈ ਆ ਰਹੇ ਹਨ। ਉਹ 6 ਸਤੰਬਰ ਨੂੰ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਪੁਰਖਿਆਂ ਦੇ ਪਿੰਡ ਘੁੱਦਾ ਅਤੇ 7 ਸਤੰਬਰ ਨੂੰ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਦੇ ਪਿੰਡ ਮਹਿਰਾਜ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਨੂੰ ਵੀ ਸੰਬੋਧਨ ਕਰਨਗੇ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ 26 ਅਗਸਤ ਨੂੰ ਜ਼ਿਲ੍ਹਾ ਅਦਾਲਤ ਕੰਪਲੈਕਸ ਅਤੇ ਕੁਝ ਵਿਦਿਅਕ ਅਦਾਰਿਆਂ ਨੂੰ ਬੰਬ ਧਮਾਕਿਆਂ ਦੀ ਚਿਤਾਵਨੀ ਦੇਣ ਵਾਲੀਆਂ ਧਮਕੀ ਭਰੀਆਂ ਈਮੇਲਾਂ ਪ੍ਰਾਪਤ ਹੋਈਆਂ ਸਨ। ਪੁਲੀਸ ਟੀਮਾਂ ਨੇ ਤਲਾਸ਼ੀ ਲਈ ਅਤੇ ਬਾਅਦ ਵਿੱਚ ਈਮੇਲਾਂ ਨੂੰ ਅਫ਼ਵਾਹ (ਹੋਕਸ) ਕਰਾਰ ਦਿੱਤਾ ਸੀ ਇਨ੍ਹਾਂ ਈਮੇਲਾਂ ਵਿੱਚ 5 ਸਤੰਬਰ ਨੂੰ ਬਠਿੰਡਾ ਵਿੱਚ ਮੁੱਖ ਮੰਤਰੀ ਦੀ ਹੱਤਿਆ ਕਰਨ ਦੀ ਧਮਕੀ ਵੀ ਸ਼ਾਮਲ ਸੀ।

## ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵਲੋਂ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਕਰਵਾਇਆ ਗਿਆ ਵਿਸ਼ੇਸ਼ ਸਮਾਗਮ



**ਪਟਿਆਲਾ, 3 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵਲੋਂ ਅੱਜ ਮਿਤੀ 3 ਸਤੰਬਰ ਨੂੰ ਆਪਣਾ ਸਾਲਾਨਾ ਸਥਾਪਨਾ ਦਿਵਸ ਮਨਾਇਆ ਗਿਆ । ਯੂਨੀਵਰਸਿਟੀ ਦੇ ਮਾਨਯੋਗ ਉਪ ਕੁਲਪਤੀ ਪ੍ਰੋ. ਰਤਨ ਸਿੰਘ ਜੀ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਇਸ ਸਥਾਪਨਾ ਦਿਵਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆਂ ਪਵਿੱਤਰ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਅਤੇ ਉਪਰੰਤ ਅਕਾਦਮਿਕ ਸੈਸ਼ਨ ਸੈਮੀਨਾਰ ਰੂਪ ਵਿਚ ਆਯੋਜਿਤ ਕੀਤਾ ਗਿਆ। ਇਸ ਅਕਾਦਮਿਕ ਸੈਸ਼ਨ ਮੌਕੇ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ਡਾ . ਹਰਪਾਲ ਸਿੰਘ ਪੰਨੂ ਜੀ ਨੇ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਮੌਕੇ ਜਗਤ ਗੁਰੂ, ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਸਾਖੀ ਸਾਹਿਤ ਦੇ ਰਾਹੀ ਬਹੁਤ ਹੀ ਖ਼ੂਬਸੂਰਤ ਸ਼ਬਦਾਂ ਰਾਹੀ ਜਾਣੂੰ ਕਰਵਾਇਆ ਵਿਸ਼ੇਸ਼ ਮਹਿਮਾਨ ਡਾ. ਕਸ਼ਮੀਰ ਸਿੰਘ ਜੀ ਨੇ ਗੁਰੂ ਨਾਨਕ ਦੇਵ ਜੀ ਬਾਣੀ ਅਤੇ ਇਤਿਹਾਸ ਦਾ ਚਾਨਣਾ ਆਪਣੇ ਸ਼ਬਦਾਂ ਰਾਹੀ ਦਰਸਾਇਆ ਬਹੁਤ ਹੀ ਸਤਿਕਾਰ ਯੋਗ ਅਤੇ ਆਪਣੀ ਅਸੀਸ ਦੇਣ ਲਈ ਯੂਨੀਵਰਸਿਟੀ ਪਹੁੰਚੇ ਸੰਤ ਬਾਬਾ ਹਰਚਰਨ ਸਿੰਘ ਜੀ ਨਾਨਕਸਰ ਕੁਟੀਆ ਵਾਲਿਆਂ ਨੇ ਜਿਥੇ ਯੂਨੀਵਰਸਿਟੀ ਦੇ ਇਸ ਕਰਵਾਏ ਗਏ ਸਮਾਗਮ ਦੀ ਸ਼ਲਾਘਾ ਕੀਤੀ, ਉਸ ਦੇ ਨਾਲ ਹੀ ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਵਸ ਨੂੰ ਅਤੇ ਸ਼ਤਾਬਦੀਆਂ ਨੂੰ ਮਨਾਉਣ ਦਾ ਸਾਡੇ ਉੱਤੇ ਪ੍ਰਭਾਵ ਕੀ ਪੈਂਦਾ ਹੈ ਤੇ ਅੱਗੇ ਹੋਰਕੀ ਪੈਣਾ ਚਾਹੀਦਾ ਹੈ ਇਸ ਬਾਰੇ ਵਿਸ਼ੇਸ਼ ਤੋਰ ਤੇ ਆਪਣੇ ਵਿਚਾਰ ਸਾਡੇ ਸਰਿਆਂ ਨਾਲ ਸਾਂਝੇ ਕੀਤੇ ਮਾਨਯੋਗ ਉਪ-ਕੁਲਪਤੀ ਜੀ ਨੇ ਆਪਣੇ ਸੰਬੋਧਨ ਦੌਰਾਨ ਇਹ ਐਲਾਨ ਕੀਤਾ ਕਿ ਅਜਿਹੇ ਪ੍ਰੋਗਰਾਮਾਂ ਦੀ ਨਿਰੰਤਰਤਾ ਜਾਰੀ ਰਹੇਗੀ ਯੂਨੀਵਰਸਿਟੀ ਦੇ ਡਾਇਰੈਕਟਰ CIQA ਡਾ. ਕੁਲਦੀਪ ਵਾਲੀਆ ਜੀ ਨੇ ਇਸ ਮੌਕੇ ਸਵਾਗਤੀ ਸ਼ਬਦ ਅਤੇ ਡਾ. ਅਮਿਤੋਜ ਸਿੰਘ ਡੀਨ ਅਕਾਦਮਿਕ ਮਾਮਲੇ ਨੇ ਧੰਨਵਾਦੀ ਸ਼ਬਦ ਸਾਰਿਆਂ ਨਾਲ ਸਾਂਝੇ ਕੀਤੇ ਇਸ ਸਾਰੇ ਪ੍ਰੋਗਰਾਮ ਦੇ ਕਨਵੀਨਰ ਡਾ. ਸੁਖਦੇਵ ਸਿੰਘ , ਮੁਖੀ ਸਕੂਲ ਆਫ ਰਿਲੀਜੀਅਸ ਸਟੱਡੀਜ਼ ਵਿਭਾਗ ਅਤੇ ਲੋਕ ਸੰਪਰਕ ਅਫਸਰ ਨੇ ਇਸ ਸਾਰੇ ਸਮਾਗਮ ਨੂੰ ਸੁਚਾਰੂ ਢੰਗ ਨਾਲ ਚਲਾਇਆ ਇਸ ਸਾਰੇ ਸਮਾਗਮ ਦੌਰਾਨ ਯੂਨੀਵਰਸਿਟੀ ਦੇ ਸਮੂਹ ਟੀਚਿੰਗ ਅਤੇ ਨਾਨ- ਟੀਚਿੰਗ , ਸੱਮੁਚੇ ਪੰਜਾਬ ਵਿੱਚੋ ਲਰਨਰ ਸਪੋਰਟ ਸੈਂਟਰਾਂ ਅਤੇ ਪੁੰਜਾਬੀ ਟ੍ਰਿਬਿਊਨ ਵਿੱਚੋ ਸ੍. ਗੁਰਨਾਮ ਸਿੰਘ ਅਕੀਦਾ ਜੀ ਨੇ ਆਪਣੀ ਵਿਸ਼ੇਸ਼ ਮੌਜੂਦਗੀ ਦਰਜ ਕਰਵਾਈ

## ਮੁਹਾਲੀ ਨੂੰ ਮਿਲਿਆ ਨਵਾਂ ਐੱਸ. ਐੱਸ. ਪੀ., ਆਈ. ਪੀ. ਐੱਸ. ਵਰੁਣ ਸ਼ਰਮਾ ਨੇ ਸੰਭਾਲਿਆ ਅਹੁਦਾ



**ਮੁਹਾਲੀ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੇ ਦਿਨੀ ਪੰਜਾਬ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਕਈ ਆਈਪੀਐਸ ਅਧਿਕਾਰੀਆਂ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਇਸੇ ਹੁਕਮਾਂ ਤਹਿਤ ਮੁਹਾਲੀ ਦੇ ਐਸਐਸਪੀ ਦੇ ਅਹੁਦੇ 'ਤੇ ਸਾਲ 2015 ਦੇ ਆਈਪੀਐਸ ਅਧਿਕਾਰੀ ਹਰਮਨਦੀਪ ਸਿੰਘ ਹਾਂਸ ਦੀ ਜਗ੍ਹਾ ਸਾਲ 2014 ਦੇ ਆਈਪੀਐਸ ਅਧਿਕਾਰੀ ਵਰੁਣ ਸ਼ਰਮਾ ਨੂੰ ਨਿਯੁਕਤ ਕੀਤਾ ਗਿਆ ਹੈ।

ਅੱਜ ਦਿਨ ਵੀਰਵਾਰ ਦੁਪਹਿਰ ਨੂੰ ਆਈਪੀਐਸ ਅਧਿਕਾਰੀ ਵਰੁਣ ਸ਼ਰਮਾ ਨੇ ਬਾਅਦ ਦੁਪਹਿਰ ਐਸਐਸਪੀ ਮੁਹਾਲੀ ਦਾ ਅਹੁਦਾ ਸੰਭਾਲ ਲਿਆ ਹੈ।

## ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦਿਖਾਈ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ




**ਪਟਿਆਲਾ, 3 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਸਨੌਰੀ ਅੱਡਾ ਤੋਂ ਅੱਜ ਬੱਸ ਰਵਾਨਾ ਕੀਤੀ। ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ ਅਤੇ ਵਾਰਡ ਨੰਬਰ 39 ਦੇ ਇੰਚਾਰਜ ਜਯੋਤੀ ਵੀ ਮੌਜੂਦ ਸਨ। ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਬੱਸ ਹਰਿਦੁਆਰ ਅਤੇ ਰਿਸ਼ੀਕੇਸ਼ ਜਾਵੇਗੀ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਅਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਵਿਧਾਇਕ ਕੋਹਲੀ ਨੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸ੍ਰ ਸਰਕਾਰ ਅਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।




## ਕੈਬਨਿਟ ਮੰਤਰੀ ਬੈਂਸ ਨੇ ਸੰਗਤ ਨਾਲ ਮਿਲ ਕੇ ਬਾਬਾ ਬਾਲਕ ਨਾਥ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ



**ਸ੍ਰੀ ਆਨੰਦਪੁਰ ਸਾਹਿਬ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਬਨਿਟ ਮੰਤਰੀ ਪੰਜਾਬ ਅਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਹਰਜੋਤ ਸਿੰਘ ਬੈਂਸ ਨੇ ਪਿੰਡ ਗੰਭੀਰਪੁਰ ਲੋਅਰ ਵਿਖੇ ਬਾਬਾ ਬਾਲਕ ਨਾਥ ਜੀ ਦੇ ਮੰਦਿਰ ਵਿੱਚ ਕਰਵਾਈ ਗਈ ਡੰਮਰੂਆ ਵਾਲੀ ਦਿਹਾੜੀ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਨੇ ਮੰਦਿਰ ਵਿੱਚ ਨਤਮਸਤਕ ਹੋ ਕੇ ਬਾਬਾ ਬਾਲਕ ਨਾਥ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਧਾਰਮਿਕ ਸਮਾਗਮ ਦੌਰਾਨ ਸੰਗਤ ਵੱਲੋਂ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਹਾਜ਼ਰੀ ਭਰੀ ਗਈ ਅਤੇ ਮਾਹੌਲ ਭਗਤੀਮਈ ਬਣਿਆ ਰਿਹਾ।

ਹਰਜੋਤ ਸਿੰਘ ਬੈਂਸ ਨੇ ਇਸ ਪਾਵਨ ਦਿਹਾੜੇ ਮੌਕੇ ਸੰਗਤ ਨਾਲ ਮਿਲ ਕੇ ਬਾਬਾ ਬਾਲਕ ਨਾਥ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ। ਉਨ੍ਹਾਂ ਨੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ, ਤੰਦਰੁਸਤੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ, ਸੰਤਾਂ ਅਤੇ ਪੀਰਾਂ ਦੀ ਪਵਿੱਤਰ ਧਰਤੀ ਹੈ ਅਤੇ ਇੱਥੇ ਮਨਾਏ ਜਾਂਦੇ ਧਾਰਮਿਕ ਦਿਹਾੜੇ ਸਾਨੂੰ ਆਪਣੀ ਵਿਰਾਸਤ ਅਤੇ ਆਧਿਆਤਮਿਕ ਪਰੰਪਰਾਵਾਂ ਨਾਲ ਜੋੜਦੇ ਹਨ। ਅਜਿਹੇ ਪਵਿੱਤਰ ਸਮਾਗਮ ਲੋਕਾਂ ਵਿੱਚ ਆਪਸੀ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਧਾਰਮਿਕ ਸਥਾਨ ਸਾਡੇ ਸਮਾਜ ਦੀ ਅਮੀਰ ਵਿਰਾਸਤ ਦਾ ਅਹਿਮ ਹਿੱਸਾ ਹਨ। ਇਨ੍ਹਾਂ ਅਸਥਾਨਾਂ 'ਤੇ ਨਤਮਸਤਕ ਹੋ ਕੇ ਮਨ ਨੂੰ ਆਤਮਿਕ ਸ਼ਾਂਤੀ ਮਿਲਦੀ ਹੈ ਅਤੇ ਸੇਵਾ, ਨਿਮਰਤਾ ਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨੂੰ ਸੰਭਾਲਣ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਇਸ ਨਾਲ ਜੋੜਨਾ ਚਾਹੀਦਾ ਹੈ। ਉਨ੍ਹਾਂ ਨੇ ਸਮੂਹ ਸੰਗਤ ਨੂੰ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਸਾਰਿਆਂ ਲਈ ਚੜ੍ਹਦੀ ਕਲਾ ਦੀ ਕਾਮਨਾ ਕੀਤੀ।

ਇਸ ਮੌਕੇ ਪਿੰਡ ਵਾਸੀਆਂ ਅਤੇ ਸੰਗਤ ਵੱਲੋਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਸੰਗਤ ਨਾਲ ਮਿਲ ਕੇ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰੀ । ਪਿੰਡ ਵਾਸੀਆਂ ਨੇ ਕਿਹਾ ਕਿ ਅਜਿਹੇ ਪਵਿੱਤਰ ਸਮਾਗਮ ਸਾਂਝੀਵਾਲਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਸੁਨੇਹਾ ਦਿੰਦੇ ਹਨ। ਸਮਾਗਮ ਦੌਰਾਨ ਸੰਗਤ ਨੇ ਬਾਬਾ ਬਾਲਕ ਨਾਥ ਜੀ ਅੱਗੇ ਸਰਬੱਤ ਦੇ ਭਲੇ ਅਤੇ ਪੰਜਾਬ ਦੀ ਤਰੱਕੀ ਲਈ ਅਰਦਾਸ ਕੀਤੀ। ਇਸ ਮੌਕੇ ਮੀਨਾ ਕਾਲੀਆ ਸਰਪੰਚ, ਪ੍ਰਦੀਪ ਕੁਮਾਰ, ਪਵਨ ਕੁਮਾਰ, ਜੋਲੀ, ਐਡਵੋਕੇਟ ਆਰਤੀ ਬਾਲੀ, ਨਿਤਿਨ, ਅੰਕੁਸ਼ ਬਾਸੋਵਾਲ, ਸ਼ਿਲਪਾ ਧਰਮਾਣੀ, ਸੁਰਵੀ, ਅਸ਼ੋਕ ਕੁਮਾਰ, ਸੁਖਦੇਵ ਕੁਮਾਰ, ਆਕਾਸ਼ ਸ਼ਰਮਾ, ਅੰਤੁਲ ਸ਼ਰਮਾ, ਸੋਢੀ, ਰਾਮ ਕੁਮਾਰ, ਸ਼ਿਵ ਕੁਮਾਰ ਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ, ਆਪ ਵਰਕਰ ਹਾਜ਼ਰ ਸਨ।

## ਏਐਮ/ਐਨਐਸ ਜੂਨੀਅਰ ਇੰਡੀਆ ਖੋ-ਖੋ ਚੈਂਪੀਅਨਸ਼ਿਪ ਵਿੱਚ ਪੰਜਾਬ ਦੀਆਂ ਖਿਡਾਰਨਾਂ ਨੇ ਬਰਾਊਨਜ਼ ਮੈਡਲ ਜਿੱਤਿਆ




**ਪਟਿਆਲਾ, 3 ਸਤੰਬਰ**
**-ਬਲਜੀਤ ਸਰਨਾ-**

ਉਪਕਾਰ ਸਿੰਘ ਵਿਰਕ ਜਨਰਲ ਸੈਕਟਰੀ ਖੋਖ ਫੈਡਰੇਸ਼ਨ ਆਫ ਇੰਡੀਆ ਨੇ ਦੱਸਿਆ ਕਿ ਪੰਜਾਬ ਦੀ ਜੂਨੀਅਰ ਲੜਕੀਆਂ ਦੀ ਖੋਖੋ ਟੀਮ ਨੇ ਬਹੁਤ ਵਧੀਆ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ, ਉਡੀਸਾ (ਪੁਰੀ) ਦੇ ਵਿੱਚ ਹੋਏ ਮੁਕਾਬਲਿਆਂ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਬਰਾਊਨਜ਼ ਮੈਡਲ ਜਿੱਤ ਕੇ ਪੰਜਾਬ ਦਾ ਨਾਂ ਰਾਸ਼ਟਰੀ ਪੱਧਰ ਤੇ ਰੋਸ਼ਨ ਕੀਤਾ।ਇਸ ਚੈਂਪੀਅਨਸ਼ਿਪ ਵਿੱਚ ਖਿਡਾਰਨਾਂ ਨੂੰ 30 ਹਜ਼ਾਰ ਰੁਪਏ ਰਾਸ਼ੀ ਦਾ ਇਨਾਮ ਵੀ ਮਿਲਿਆ।ਪੰਜਾਬ ਦੀ ਇਸ ਟੀਮ ਵਿੱਚ ਪਟਿਆਲੇ ਜ਼ਿਲ੍ਹੇ ਦੀਆਂ 10 ਖਿਡਾਰਨਾਂ ਖੇਡੀਆਂ,ਇਨ੍ਹਾਂ ਨੇ ਜ਼ਿਲ੍ਹਾ ਦਾ ਨਾਂ ਰਾਸ਼ਟਰੀ ਪੱਧਰ ਤੇ ਰੌਸ਼ਨ ਕੀਤਾ। ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪੋਲੋ ਗਰਾਉਂਡ ਵਿਖੇ ਪਹੁੰਚ ਕੇ ਖਿਡਾਰਨਾਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਤੇ ਜ਼ਿਲ੍ਹਾ ਟੂਰਨਾਮੈਂਟ ਸਕੱਤਰ ਚਰਨਜੀਤ ਸਿੰਘ ਭੁੱਲਰ, ਅਮਨਿੰਦਰ ਸਿੰਘ ਬਾਬਾ ਜੋਨਲ ਸਕੱਤਰ ਪਟਿ-1, ਗੁਰਚੰਦ ਸਿੰਘ,ਸੁਖਦੀਪ ਸਿੰਘ ਕੋਚ,ਵਿਨੋਦ ਕੁਮਾਰ,ਕਮਲਦੀਪ ਸਿੰਘ ਕੋਚ,ਸਲੀਮ ਖਾਨ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਸੰਪਾਦਕੀ

## ਵਿਕਾਸ ਦੀ ਤਾਲ ਤੇ ਕੁਦਰਤ ਬਦਹਾਲ

ਜਲਵਾਯੂ ਪਰਿਵਰਤਨ ਹੁਣ ਭਵਿੱਖ ਦੀ ਕੋਈ ਦੂਰਲੀ ਚੇਤਾਵਨੀ ਨਹੀਂ ਰਿਹਾ। ਇਹ ਅੱਜ ਪਾਣੀ, ਖੇਤੀਬਾੜੀ, ਮਿੱਟੀ, ਜੰਗਲਾਂ, ਜੀਵ-ਵਿਭਿੰਨਤਾ, ਸ਼ਹਿਰੀ ਜੀਵਨ ਅਤੇ ਮਨੁੱਖੀ ਸੁਰੱਖਿਆ ਨੂੰ ਇੱਕੋ ਸਮੇਂ ਪ੍ਰਭਾਵਿਤ ਕਰ ਰਿਹਾ ਹੈ। ਜੁਲਾਈ 2026 ਵਿੱਚ ਵਿਗਿਆਨਕ ਰਸਾਲੇ 'ਖੇਤਰੀ ਵਾਤਾਵਰਣੀ ਤਬਦੀਲੀ' ਵਿੱਚ ਪ੍ਰਕਾਸ਼ਿਤ ਖੋਜਾਂ ਇਸ ਹਕੀਕਤ ਨੂੰ ਖੇਤਰੀ ਪੱਧਰ 'ਤੇ ਸਮਝਣ ਦੀ ਲੋੜ ਨੂੰ ਹੋਰ ਮਜ਼ਬੂਤ ਕਰਦੀਆਂ ਹਨ। ਰਸਾਲੇ ਵਿੱਚ ਜੁਲਾਈ ਦੌਰਾਨ ਜਲਵਾਯੂ ਖ਼ਤਰਿਆਂ, ਪਾਣੀ-ਊਰਜਾ-ਭੋਜਨ ਸੁਰੱਖਿਆ, ਪਸ਼ੂਧਨ, ਹਿਮਨਦੀਆਂ, ਵਰਖਾ, ਮਾਰੂਥਲੀਕਰਨ ਅਤੇ ਵਾਤਾਵਰਣੀ ਪ੍ਰਬੰਧਨ ਨਾਲ ਸਬੰਧਤ ਕਈ ਅਧਿਐਨ ਪ੍ਰਕਾਸ਼ਿਤ ਹੋਏ। 27 ਜੁਲਾਈ ਨੂੰ ਪ੍ਰਕਾਸ਼ਿਤ 'ਪਰਿਸਥਿਤਕੀ ਸੇਵਾਵਾਂ ਲਈ ਜਲਵਾਯੂ-ਅਨੁਕੂਲ ਪ੍ਰਬੰਧਨ' ਨਾਮਕ ਸਮੀਖਿਆ ਵਿੱਚ ਖੇਤਰ ਨਾਲ ਜੁੜੀ ਚੇਤਾਵਨੀ ਦਿੱਤੀ ਕਿ ਜਲਵਾਯੂ ਪਰਿਵਰਤਨ ਧਰਤੀ ਦੇ ਕੁਦਰਤੀ ਤੰਤਰਾਂ ਨੂੰ ਕਮਜ਼ੋਰ ਕਰ ਰਿਹਾ ਹੈ, ਕਾਰਬਨ ਸੰਭਾਲਣ ਦੀ ਸਮਰੱਥਾ ਨੂੰ ਪ੍ਰਭਾਵਿਤ ਕਰ ਰਿਹਾ ਹੈ ਅਤੇ ਪਾਣੀ ਦੇ ਸਰੋਤਾਂ ਦੀ ਕੁਦਰਤੀ ਗਤੀਸ਼ੀਲਤਾ ਨੂੰ ਅਸਥਿਰ ਕਰ ਰਿਹਾ ਹੈ। ਇਸ ਦਾ ਇੱਕ ਵੱਡਾ ਕਾਰਨ ਇਹ ਵੀ ਹੈ ਕਿ ਪਾਣੀ, ਜੰਗਲਾਤ, ਖੇਤੀਬਾੜੀ, ਜੀਵ-ਵਿਭਿੰਨਤਾ ਅਤੇ ਜਲਵਾਯੂ ਨਾਲ ਸਬੰਧਤ ਨੀਤੀਆਂ ਅਕਸਰ ਇੱਕ-ਦੂਜੇ ਤੋਂ ਵੱਖਰੇ ਢੰਗ ਨਾਲ ਚਲਾਈਆਂ ਜਾਂਦੀਆਂ ਹਨ।

ਖੋਜ ਦਾ ਮੁੱਖ ਸੰਦੇਸ਼ ਹੈ ਕੁਦਰਤ-ਆਧਾਰਿਤ ਹੱਲ, ਇਕੱਠਾ ਭੂਮੀ-ਪਾਣੀ ਪ੍ਰਬੰਧਨ ਅਤੇ ਬਿਹਤਰ ਵਾਤਾਵਰਣੀ ਸ਼ਾਸਨ ਨੂੰ ਇੱਕ ਸਾਂਝੀ ਨੀਤੀ ਦੇ ਰੂਪ ਵਿੱਚ ਅਪਣਾਉਣਾ। ਕੁਦਰਤ ਨੂੰ ਸਿਰਫ਼ ਸਰੋਤ ਸਮਝਣ ਦੀ ਬਜਾਏ ਉਸ ਨੂੰ ਜੀਵਨ-ਪ੍ਰਣਾਲੀ ਦਾ ਅਟੁੱਟ ਹਿੱਸਾ ਮੰਨਣਾ ਸਮੇਂ ਦੀ ਲੋੜ ਹੈ।

ਇਹ ਸਿਧਾਂਤ ਪੰਜਾਬ ਲਈ ਬੇਹੱਦ ਮਹੱਤਵਪੂਰਨ ਹੈ। ਪੰਜਾਬ ਦੀ ਖੇਤੀ ਪ੍ਰਣਾਲੀ ਪਾਣੀ, ਮਿੱਟੀ ਅਤੇ ਮੌਸਮ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਜੇ ਧਰਤੀ ਹੇਠਲਾ ਪਾਣੀ ਲਗਾਤਾਰ ਹੇਠਾਂ ਜਾਂਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ, ਮੌਸਮੀ ਪੈਟਰਨ ਅਨਿਸ਼ਚਿਤ ਹੁੰਦੇ ਹਨ ਅਤੇ ਅਤਿਅਧਿਕ ਗਰਮੀ ਜਾਂ ਭਾਰੀ ਵਰਖਾ ਦੀਆਂ ਘਟਨਾਵਾਂ ਵਧਦੀਆਂ ਹਨ ਤਾਂ ਇਸ ਨੂੰ ਸਿਰਫ਼ 'ਖੇਤੀਬਾੜੀ ਦੀ ਸਮੱਸਿਆ' ਕਹਿਣਾ ਵਿਗਿਆਨਕ ਤੌਰ 'ਤੇ ਅਧੂਰਾ ਹੋਵੇਗਾ। ਇਹ ਵਿਆਪਕ ਖੇਤਰੀ ਵਾਤਾਵਰਣੀ ਤਬਦੀਲੀ ਦਾ ਹਿੱਸਾ ਹੈ।ਇਸ ਲਈ ਨੀਤੀ-ਨਿਰਮਾਣ ਵਿੱਚ ਵੀ ਵੱਡੀ ਤਬਦੀਲੀ ਦੀ ਲੋੜ ਹੈ। ਕਿਸਾਨ ਨੂੰ ਕੇਵਲ ਵੱਧ ਉਤਪਾਦਨ ਲਈ ਪ੍ਰੇਰਿਤ ਕਰਨ ਦੀ ਬਜਾਏ ਪਾਣੀ-ਬਚਾਉ ਖੇਤੀ, ਮਿੱਟੀ ਦੀ ਸਿਹਤ, ਫ਼ਸਲੀ ਵਿਭਿੰਨਤਾ ਅਤੇ ਕੁਦਰਤੀ ਸਰੋਤਾਂ ਦੀ ਪੁਨਰ-ਬਹਾਲੀ ਲਈ ਆਰਥਿਕ ਪ੍ਰੋਤਸਾਹਨ ਦਿੱਤਾ ਜਾਣਾ ਚਾਹੀਦਾ ਹੈ। ਸ਼ਹਿਰਾਂ ਵਿੱਚ ਵਰਖਾ-ਜਲ ਸੰਭਾਲ, ਵੱਧ ਤੋਂ ਵੱਧ ਹਰੇ-ਭਰੇ ਖੇਤਰ, ਰੁੱਖਾਂ ਦੀ ਸੰਭਾਲ ਅਤੇ ਕੁਦਰਤੀ ਜਲ-ਨਿਕਾਸ ਪ੍ਰਣਾਲੀਆਂ ਨੂੰ ਸ਼ਹਿਰੀ ਵਿਕਾਸ ਯੋਜਨਾਵਾਂ ਦਾ ਲਾਜ਼ਮੀ ਹਿੱਸਾ ਬਣਾਉਣਾ ਚਾਹੀਦਾ ਹੈ। ਕੰਕਰੀਟ ਦੇ ਵਧਦੇ ਫੈਲਾਅ ਨੂੰ ਹੀ ਵਿਕਾਸ ਦਾ ਮਾਪਦੰਡ ਮੰਨਣਾ ਭਵਿੱਖ ਵਿੱਚ ਸ਼ਹਿਰਾਂ ਨੂੰ ਪਾਣੀ ਭਰਨ, ਗਰਮੀ ਅਤੇ ਜਲ-ਸੰਕਟ ਵਰਗੀਆਂ ਸਮੱਸਿਆਵਾਂ ਵੱਲ ਧੱਕ ਸਕਦਾ ਹੈ। ਜੁਲਾਈ 2026 ਵਿੱਚ ਇਸੇ ਵਿਗਿਆਨਕ ਰਸਾਲੇ ਵਿੱਚ ਪ੍ਰਕਾਸ਼ਿਤ ਇੱਕ ਹੋਰ ਖੋਜ ਨੇ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਖੇਤਰ ਵਿੱਚ ਜਲਵਾਯੂ ਪਰਿਵਰਤਨ ਅਤੇ ਘਰਾਂ ਦੀ ਅਸੁਰੱਖਿਆ ਵਿਚਕਾਰ ਆਪਸੀ ਸਬੰਧ ਨੂੰ ਉਜਾਗਰ ਕੀਤਾ। ਖੋਜ ਅਨੁਸਾਰ ਜਲਵਾਯੂ ਨਾਲ ਸਬੰਧਤ ਆਫ਼ਤਾਂ ਅਤੇ ਰਹਿਣ ਲਈ ਅਸੁਰੱਖਿਅਤ ਹਾਲਾਤ ਇੱਕ-ਦੂਜੇ ਨੂੰ ਹੋਰ ਗੰਭੀਰ ਬਣਾ ਸਕਦੇ ਹਨ, ਖਾਸ ਕਰਕੇ ਘੱਟ ਆਮਦਨ ਵਾਲੇ ਅਤੇ ਕਿਰਾਏਦਾਰ ਪਰਿਵਾਰਾਂ ਲਈ।

ਇਸ ਤੋਂ ਇੱਕ ਬਹੁਤ ਵੱਡਾ ਸਬਕ ਮਿਲਦਾ ਹੈ ਵਾਤਾਵਰਣ ਦੀ ਅਜੀਬ ਤਬਦੀਲੀ ਸਿਰਫ਼ ਰੁੱਖਾਂ, ਦਰਿਆਵਾਂ ਜਾਂ ਤਾਪਮਾਨ ਦਾ ਮੁੱਦਾ ਨਹੀਂ ਸਗੋਂ ਇਹ ਸਮਾਜਿਕ ਨਿਆਂ, ਆਰਥਿਕ ਸੁਰੱਖਿਆ ਅਤੇ ਮਨੁੱਖੀ ਮਰਿਆਦਾ ਦਾ ਵੀ ਮੁੱਦਾ ਹੈ।

ਜਿਨ੍ਹਾਂ ਲੋਕਾਂ ਕੋਲ ਮਜ਼ਬੂਤ ਘਰ, ਆਰਥਿਕ ਸਰੋਤ, ਸਿਹਤ ਸਹੂਲਤਾਂ ਅਤੇ ਬਦਲਵੇਂ ਰਹਿਣ ਦੇ ਸਾਧਨ ਹੁੰਦੇ ਹਨ, ਉਹ ਬਦਲਦੇ ਵਾਤਾਵਰਣ ਕਾਰਨ ਆਫ਼ਤਾਂ ਦਾ ਮੁਕਾਬਲਾ ਤੁਲਨਾਤਮਕ ਤੌਰ 'ਤੇ ਵਧੀਆ ਕਰ ਸਕਦੇ ਹਨ। ਪਰ ਗਰੀਬ, ਬੇਜ਼ਮੀਨੇ, ਛੋਟੇ ਕਿਸਾਨ, ਮਜ਼ਦੂਰ ਅਤੇ ਕਿਰਾਏਦਾਰ ਪਰਿਵਾਰ ਅਜਿਹੇ ਸੰਕਟਾਂ ਦਾ ਵਧੇਰੇ ਭਾਰ ਝੱਲਦੇ ਹਨ। ਇਸ ਲਈ ਵਾਤਾਵਰਣ ਸੁਰੱਖਿਆ ਦੀ ਹਰ ਨੀਤੀ ਵਿੱਚ ਸਮਾਜ ਦੇ ਕਮਜ਼ੋਰ ਵਰਗਾਂ ਦੀ ਸੁਰੱਖਿਆ ਨੂੰ ਕੇਂਦਰ ਵਿੱਚ ਰੱਖਣਾ ਜ਼ਰੂਰੀ ਹੈ।

ਪੰਜਾਬ ਨੂੰ ਹੁਣ 'ਵਿਕਾਸ ਬਨਾਮ ਵਾਤਾਵਰਣ' ਦੀ ਪੁਰਾਣੀ ਸੋਚ ਤੋਂ ਬਾਹਰ ਆਉਣਾ ਪਵੇਗਾ। ਵਿਕਾਸ ਅਤੇ ਵਾਤਾਵਰਣ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ। ਅਸਲ ਚੁਣੌਤੀ ਅਜਿਹਾ ਵਿਕਾਸ ਮਾਡਲ ਬਣਾਉਣ ਦੀ ਹੈ ਜੋ ਕੁਦਰਤੀ ਸਰੋਤਾਂ ਨੂੰ ਖ਼ਤਮ ਕਰਨ ਦੀ ਬਜਾਏ ਉਨ੍ਹਾਂ ਨੂੰ ਮੁੜ ਜੀਵੰਤ ਕਰੇ। ਅਸਲ ਵਿਕਾਸ ਉਹੀ ਹੈ ਜਿਸ ਵਿੱਚ ਉਦਯੋਗ ਵੀ ਵਧਣ, ਕਿਸਾਨ ਵੀ ਖੁਸ਼ਹਾਲ ਹੋਵੇ, ਪਾਣੀ ਵੀ ਬਚੇ, ਮਿੱਟੀ ਵੀ ਜ਼ਿੰਦਾ ਰਹੇ, ਜੰਗਲ ਅਤੇ ਜੀਵ-ਜੰਤੂ ਵੀ ਸੁਰੱਖਿਅਤ ਰਹਿਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਦਰਤੀ ਸਰੋਤ ਵੀ ਬਚੇ ਰਹਿਣ।

ਅੱਜ ਪੰਜਾਬ ਨੂੰ ਸਿਰਫ਼ ਹੋਰ ਸੜਕਾਂ, ਹੋਰ ਇਮਾਰਤਾਂ ਅਤੇ ਹੋਰ ਉਦਯੋਗਾਂ ਦੀ ਨਹੀਂ, ਸਗੋਂ ਸੰਤੁਲਿਤ, ਟਿਕਾਊ ਅਤੇ ਕੁਦਰਤ-ਮਿੱਤਰ ਵਿਕਾਸ ਦੀ ਲੋੜ ਹੈ। ਸਾਨੂੰ ਆਪਣੀਆਂ ਨੀਤੀਆਂ, ਖੇਤੀ ਪ੍ਰਣਾਲੀ, ਸ਼ਹਿਰੀ ਯੋਜਨਾਬੰਦੀ ਅਤੇ ਜੀਵਨ-ਢੰਗ ਨੂੰ ਇਸ ਬਦਲਾਅ ਦੇ ਅਨੁਕੂਲ ਬਦਲਣਾ ਪਵੇਗਾ, ਨਹੀਂ ਤਾਂ ਕੁਦਰਤ ਨਾਲ ਕੀਤਾ ਗਿਆ ਹਰ ਸਮਝੌਤਾ ਆਖ਼ਿਰਕਾਰ ਮਨੁੱਖੀ ਜੀਵਨ ਨੂੰ ਹੀ ਉਸ ਦੀ ਕੀਮਤ ਚੁਕਾਉਣ ਲਈ ਮਜਬੂਰ ਕਰ ਦਿੰਦਾ ਹੈ।

**-ਛਤਰਪਾਲ ਸਿੰਘ**

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਹੋਰਮੁਜ਼ ਤੋ ਤੇਲ ਦੀ ਧਾਰ, ਲਾਏਗੀ ਦੁਨੀਆ ਦਾ ਬੇੜਾ ਪਾਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਪੱਛਮੀ ਏਸ਼ੀਆ ਵਿੱਚ ਅਮਰੀਕਾ ਅਤੇ ਇਰਾਨ ਦਰਮਿਆਨ ਵਧ ਰਹੇ ਟਕਰਾਅ ਕਾਰਨ ਊਰਜਾ ਸੁਰੱਖਿਆ, ਸਮੁੰਦਰੀ ਵਪਾਰ ਅਤੇ ਵਿਸ਼ਵ ਅਰਥਵਿਵਸਥਾ ਦੀ ਚਿੰਤਾ ਨੇ ਹੁਣ ਜੰਗ ਦੇ ਮੈਦਾਨ ਤੋਂ ਬਾਹਰ ਵਿਸ਼ਵ ਅਰਥਵਿਵਸਥਾ ਲਈ ਵੀ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ। ਇਸ ਸੰਕਟ ਦਾ ਸਭ ਤੋਂ ਸੰਵੇਦਨਸ਼ੀਲ ਕੇਂਦਰ ਹੌਰਮੁਜ਼ ਦੀ ਸਮੁੰਦਰੀ ਖਾੜੀ ਬਣੀ ਹੋਈ ਹੈ। ਇਹ ਉਹ ਮਹੱਤਵਪੂਰਨ ਜਲਮਾਰਗ ਹੈ ਜੋ ਫ਼ਾਰਸ ਦੀ ਖਾੜੀ ਨੂੰ ਅਰਬ ਸਾਗਰ ਨਾਲ ਜੋੜਦਾ ਹੈ ਅਤੇ ਜਿਸ ਰਾਹੀਂ ਵਿਸ਼ਵ ਦੇ ਵੱਡੇ ਹਿੱਸੇ ਦੀ ਕੱਚੇ ਤੇਲ ਅਤੇ ਗੈਸ ਦੀ ਸਪਲਾਈ ਹੁੰਦੀ ਹੈ।

ਤਾਜ਼ਾ ਹਾਲਾਤਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜੇ ਇਸ ਜਲਮਾਰਗ ਵਿੱਚ ਸਮੁੰਦਰੀ ਆਵਾਜਾਈ ਲੰਬੇ ਸਮੇਂ ਲਈ ਪ੍ਰਭਾਵਿਤ ਹੁੰਦੀ ਹੈ ਤਾਂ ਇਸ ਦਾ ਅਸਰ ਸਿਰਫ਼ ਮੱਧ-ਪੂਰਬ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਭਾਰਤ ਸਮੇਤ ਦੁਨੀਆ ਦੇ ਹਰ ਵੱਡੇ ਆਰਥਿਕ ਕੇਂਦਰ ਤੱਕ ਪਹੁੰਚ ਸਕਦਾ ਹੈ।

3 ਸਤੰਬਰ ਦੀਆਂ ਤਾਜ਼ਾ ਰਿਪੋਰਟਾਂ ਅਨੁਸਾਰ ਹੌਰਮੁਜ਼ ਦੇ ਜਲਮਾਰਗ ਰਾਹੀਂ ਇੱਕ ਦਿਨ ਵਿੱਚ ਸਿਰਫ਼ 4 ਜਹਾਜ਼ ਲੰਘੇ, ਜਦਕਿ ਪਿਛਲੇ ਦਸ ਦਿਨਾਂ ਦੌਰਾਨ ਇੱਥੋਂ ਲੰਘਣ ਵਾਲੇ ਜਹਾਜ਼ਾਂ ਦੀ ਔਸਤ ਗਿਣਤੀ 13 ਜਹਾਜ਼ ਪ੍ਰਤੀ ਦਿਨ ਰਹੀ ਸੀ।

ਇਹ ਗਿਰਾਵਟ ਸਿਰਫ਼ ਸਮੁੰਦਰੀ ਆਵਾਜਾਈ ਵਿੱਚ ਕਮੀ ਨਹੀਂ, ਸਗੋਂ ਵਿਸ਼ਵ ਊਰਜਾ ਸਪਲਾਈ ਪ੍ਰਣਾਲੀ ਲਈ ਇੱਕ ਗੰਭੀਰ ਚੇਤਾਵਨੀ ਹੈ।

ਇਸੇ ਦੌਰਾਨ ਕੱਚੇ ਤੇਲ ਦੀ ਕੌਮਾਂਤਰੀ ਕੀਮਤ ਵਿੱਚ ਵੀ ਭਾਰੀ ਉਤਾਰ-ਚੜ੍ਹਾਅ ਦੇਖਣ ਨੂੰ ਮਿਲਿਆ। ਬ੍ਰੈਂਟ ਕੱਚਾ ਤੇਲ ਲਗਭਗ 95.20 ਡਾਲਰ ਪ੍ਰਤੀ ਬੈਰਲ ਅਤੇ ਅਮਰੀਕੀ ਕੱਚਾ ਤੇਲ ਲਗਭਗ 90.77 ਡਾਲਰ ਪ੍ਰਤੀ ਬੈਰਲ ਰਿਹਾ।

ਤਾਜ਼ਾ ਰਿਪੋਰਟਾਂ ਅਨੁਸਾਰ 56 ਜਹਾਜ਼ਾਂ ਨੂੰ ਕਾਲੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਵਿੱਚ ਕੱਚਾ ਤੇਲ ਲਿਜਾਣ ਵਾਲੇ ਵੱਡੇ ਜਹਾਜ਼ਾਂ ਤੋਂ ਇਲਾਵਾ ਤਰਲ ਕੁਦਰਤੀ ਗੈਸ, ਤਰਲ ਪੈਟਰੋਲੀਅਮ ਗੈਸ ਅਤੇ ਹੋਰ ਪੈਟਰੋਲੀਅਮ ਉਤਪਾਦ ਲਿਜਾਣ ਵਾਲੇ ਜਹਾਜ਼ ਵੀ ਸ਼ਾਮਲ ਹਨ।

ਇਸ ਕਾਰਨ ਸਮੁੰਦਰੀ ਆਵਾਜਾਈ ਕੰਪਨੀਆਂ ਲਈ ਖ਼ਤਰਾ ਦੋਹਰਾ ਹੋ ਗਿਆ ਹੈ—ਇੱਕ ਪਾਸੇ ਜੰਗੀ ਖ਼ਤਰਾ ਅਤੇ ਦੂਜੇ ਪਾਸੇ ਪਾਬੰਦੀਆਂ, ਜਹਾਜ਼ ਜ਼ਬਤ ਹੋਣ ਅਤੇ ਬੀਮੇ ਦੀ ਲਾਗਤ ਵਧਣ ਦਾ ਡਰ।

ਸਾਲ 2025 ਦੀ ਆਖਰੀ ਤਿਮਾਹੀ ਵਿੱਚ ਇਸ ਜਲਮਾਰਗ ਰਾਹੀਂ ਲਗਭਗ 2 ਕਰੋੜ 16 ਲੱਖ ਬੈਰਲ ਪ੍ਰਤੀ ਦਿਨ ਕੱਚਾ ਤੇਲ ਅਤੇ ਪੈਟਰੋਲੀਅਮ ਤਰਲ ਪਦਾਰਥ ਲੰਘਦੇ ਸਨ। ਪਰ ਸਾਲ 2026 ਦੀ ਦੂਜੀ ਤਿਮਾਹੀ ਵਿੱਚ ਇਹ ਮਾਤਰਾ ਘਟ ਕੇ ਲਗਭਗ 49 ਲੱਖ ਬੈਰਲ ਪ੍ਰਤੀ ਦਿਨ ਰਹਿ ਗਈ।

ਦੁਨੀਆ ਦੀ ਊਰਜਾ ਸਪਲਾਈ ਦੀ ਇੱਕ ਬਹੁਤ ਮਹੱਤਵਪੂਰਨ ਧਾਰ ਵਿੱਚ ਭਾਰੀ ਰੁਕਾਵਟ ਪੈਦਾ ਹੋ ਚੁੱਕੀ ਹੈ।

ਜੇ ਇਹ ਸਥਿਤੀ ਲੰਬੀ ਚੱਲਦੀ ਹੈ ਤਾਂ ਇਸ ਦਾ ਪ੍ਰਭਾਵ ਕੱਚੇ ਤੇਲ ਤੋਂ ਅੱਗੇ ਵਧ ਕੇ ਪੈਟਰੋਲ, ਡੀਜ਼ਲ, ਰਸੋਈ ਗੈਸ, ਹਵਾਈ ਇੰਧਨ, ਖਾਦਾਂ, ਰਸਾਇਣਕ ਉਦਯੋਗ, ਬਿਜਲੀ ਉਤਪਾਦਨ ਅਤੇ ਆਵਾਜਾਈ ਤੱਕ ਪਹੁੰਚ ਸਕਦਾ ਹੈ।

ਭਾਰਤ ਲਈ ਇਹ ਸੰਕਟ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਹੈ, ਕਿਉਂਕਿ ਦੇਸ਼ ਆਪਣੀ ਕੱਚੇ ਤੇਲ ਦੀ ਲੋੜ ਦਾ ਲਗਭਗ 88 ਫ਼ੀਸਦੀ ਹਿੱਸਾ ਵਿਦੇਸ਼ਾਂ ਤੋਂ ਮੰਗਵਾਉਂਦਾ ਹੈ।

ਆਮ ਹਾਲਾਤਾਂ ਵਿੱਚ ਭਾਰਤ ਦੇ ਕੱਚੇ ਤੇਲ ਦੀ ਦਰਾਮਦ ਦਾ ਲਗਭਗ 30 ਫ਼ੀਸਦੀ ਹਿੱਸਾ ਹੌਰਮੁਜ਼ ਦੇ ਰਸਤੇ ਆਉਂਦਾ ਰਿਹਾ ਹੈ। ਇਸ ਤੋਂ ਇਲਾਵਾ ਰਸੋਈ ਗੈਸ ਅਤੇ ਤਰਲ ਕੁਦਰਤੀ ਗੈਸ ਦੀ ਸਪਲਾਈ ਲਈ ਵੀ ਇਹ ਜਲਮਾਰਗ ਬੇਹੱਦ ਮਹੱਤਵਪੂਰਨ ਹੈ।

ਇਸ ਲਈ ਜੇ ਹੌਰਮੁਜ਼ ਵਿੱਚ ਸੰਕਟ ਲੰਬਾ ਖਿੱਚਦਾ ਹੈ ਤਾਂ ਭਾਰਤ ਵਿੱਚ ਇਸ ਦੇ ਪ੍ਰਭਾਵ ਦੀ ਲੜੀ ਕੁਝ ਇਸ ਤਰ੍ਹਾਂ ਹੋ ਸਕਦੀ ਹੈ—ਮਹਿੰਗਾ ਤੇਲ ?ਮਹਿੰਗੀ ਆਵਾਜਾਈ ? ਵਧੀ ਉਤਪਾਦਨ ਲਾਗਤ ?ਮਹਿੰਗਾਈ ?ਘਰੇਲੂ ਬਜਟ 'ਤੇ ਦਬਾਅ।

ਇਸ ਦਾ ਪ੍ਰਭਾਵ ਕਿਸਾਨਾਂ, ਉਦਯੋਗਾਂ, ਵਪਾਰੀਆਂ, ਆਵਾਜਾਈ ਖੇਤਰ ਅਤੇ ਆਮ ਪਰਿਵਾਰਾਂ ਤੱਕ ਪਹੁੰਚ ਸਕਦਾ ਹੈ।

ਮੱਧ-ਪੂਰਬੀ ਤਣਾਅ ਨੇ ਦੁਨਿਆਵੀ ਵਿੱਤੀ ਬਾਜ਼ਾਰਾਂ ਵਿੱਚ ਵੀ ਅਸਥਿਰਤਾ ਪੈਦਾ ਕੀਤੀ ਹੈ। ਬੇਯਕੀਨੀ ਨਿਵੇਸ਼ਕ ਦੇ ਮਾਹੌਲ ਵਿੱਚ ਆਪਣੀ ਪੂੰਜੀ ਨੂੰ ਵੱਖ-ਵੱਖ ਸੁਰੱਖਿਅਤ ਜਾਂ ਘੱਟ ਜੋਖ਼ਮ ਵਾਲੇ ਸਾਧਨਾਂ ਵੱਲ ਮੋੜਦੇ ਹਨ।

ਹਾਲਾਂਕਿ ਸੋਨੇ ਦੀ ਕੀਮਤ ਵਿੱਚ ਹਾਲੀਆ ਕਮੀ ਨੂੰ ਸਿਰਫ਼ ਮੱਧ-ਪੂਰਬੀ ਤਣਾਅ ਦਾ ਨਤੀਜਾ ਮੰਨਣਾ ਸਹੀ ਨਹੀਂ ਹੋਵੇਗਾ। ਅਮਰੀਕੀ ਵਿਆਜ ਦਰਾਂ, ਸਰਕਾਰੀ ਕਰਜ਼ੇ 'ਤੇ ਮਿਲਣ ਵਾਲਾ ਮੁਨਾਫ਼ਾ ਅਤੇ ਕੇਂਦਰੀ ਬੈਂਕਾਂ ਦੀਆਂ ਨੀਤੀਆਂ ਵੀ ਸੋਨੇ ਦੀ ਕੀਮਤ ਨੂੰ ਪ੍ਰਭਾਵਿਤ ਕਰਦੀਆਂ ਹਨ।

ਇਸੇ ਤਰ੍ਹਾਂ ਸ਼ੇਅਰ ਬਾਜ਼ਾਰਾਂ ਵਿੱਚ ਗਿਰਾਵਟ ਦਾ ਮੁੱਖ ਕਾਰਨ ਸਿਰਫ਼ ਜੰਗ ਨਹੀਂ, ਸਗੋਂ ਭਵਿੱਖ ਦੀ ਆਰਥਿਕ ਵਿਕਾਸ ਦਰ, ਮਹਿੰਗਾਈ ਅਤੇ ਊਰਜਾ ਲਾਗਤਾਂ ਬਾਰੇ ਵਧ ਰਹੀ ਅਨਿਸ਼ਚਿਤਤਾ ਵੀ ਹੈ।

ਭਾਰਤ ਨੇ ਪਿਛਲੇ ਕੁਝ ਸਾਲਾਂ ਵਿੱਚ ਆਪਣੀ ਊਰਜਾ ਦਰਾਮਦ ਦੇ ਸਰੋਤਾਂ ਵਿੱਚ ਵੱਖਰਾਪਣ ਲਿਆਉਣ ਦੀ ਕੋਸ਼ਿਸ਼ ਕੀਤੀ ਹੈ। ਵੱਖ-ਵੱਖ ਦੇਸ਼ਾਂ ਤੋਂ ਕੱਚਾ ਤੇਲ ਮੰਗਵਾਉਣਾ ਅਤੇ ਵਿਕਲਪਕ ਸਮੁੰਦਰੀ ਰਸਤਿਆਂ ਦੀ ਵਰਤੋਂ ਇਸ ਰਣਨੀਤੀ ਦਾ ਹਿੱਸਾ ਹੈ।

ਰਿਪੋਰਟਾਂ ਅਨੁਸਾਰ ਭਾਰਤ ਨੇ ਸੰਕਟ ਦੌਰਾਨ ਆਪਣੇ ਕੱਚੇ ਤੇਲ ਦੀ ਦਰਾਮਦ ਦਾ ਲਗਭਗ 70 ਫ਼ੀਸਦੀ ਹਿੱਸਾ ਹੌਰਮੁਜ਼ ਤੋਂ ਬਾਹਰਲੇ ਸਰੋਤਾਂ ਵੱਲ ਮੋੜਨ ਦੀ ਕੋਸ਼ਿਸ਼ ਕੀਤੀ ਹੈ।

ਇਹ ਕਦਮ ਤੁਰੰਤ ਸੰਕਟ ਦੇ ਪ੍ਰਭਾਵ ਨੂੰ ਘਟਾ ਸਕਦਾ ਹੈ, ਪਰ ਜੇ ਕੱਚੇ ਤੇਲ ਦੀ ਕੌਮਾਂਤਰੀ ਕੀਮਤ ਲੰਬੇ ਸਮੇਂ ਤੱਕ ਵਧੀ ਹੀ ਰਹਿੰਦੀ ਹੈ ਤਾਂ ਭਾਰਤ ਦਾ ਵਿਦੇਸ਼ੀ ਮੁਦਰਾ ਖ਼ਰਚ, ਦਰਾਮਦੀ ਬਿੱਲ ਅਤੇ ਮਹਿੰਗਾਈ 'ਤੇ ਦਬਾਅ ਵਧ ਸਕਦਾ ਹੈ।

ਹੌਰਮੁਜ਼ ਦਾ ਮੌਜੂਦਾ ਸੰਕਟ ਦੁਨੀਆ ਨੂੰ ਇੱਕ ਬਹੁਤ ਵੱਡਾ ਸਬਕ ਦੇ ਰਿਹਾ ਹੈ—ਵਿਸ਼ਵ ਅਰਥਵਿਵਸਥਾ ਅਜੇ ਵੀ ਕੁਝ ਮਹੱਤਵਪੂਰਨ ਭੂਗੋਲਿਕ ਜਲਮਾਰਗਾਂ 'ਤੇ ਬੇਹੱਦ ਨਿਰਭਰ ਹੈ।

ਜੇ ਹੌਰਮੁਜ਼ ਵਿੱਚ ਸਮੁੰਦਰੀ ਆਵਾਜਾਈ ਪੂਰੀ ਤਰ੍ਹਾਂ ਸਥਿਰ ਨਹੀਂ ਹੁੰਦੀ ਜਾਂ ਹੋਰ ਪ੍ਰਭਾਵਿਤ ਹੁੰਦੀ ਹੈ ਤਾਂ ਇਸ ਦੇ ਨਤੀਜੇ ਦੂਰਗਾਮੀ ਹੋ ਸਕਦੇ ਹਨ। ਸਮੁੰਦਰੀ ਬੀਮਾ ਮਹਿੰਗਾ ਹੋ ਸਕਦਾ ਹੈ, ਮਾਲ ਢੋਆਈ ਦੀ ਲਾਗਤ ਵਧ ਸਕਦੀ ਹੈ ਅਤੇ ਊਰਜਾ ਨਾਲ ਜੁੜੇ ਉਦਯੋਗਾਂ 'ਤੇ ਵਾਧੂ ਬੋਝ ਪੈ ਸਕਦਾ ਹੈ। ਸਭ ਤੋਂ ਵੱਡਾ ਖ਼ਤਰਾ ਇਹ ਹੈ ਕਿ ਦੁਨੀਆ ਨੂੰ ਇੱਕੋ ਸਮੇਂ ਉੱਚੀ ਮਹਿੰਗਾਈ ਅਤੇ ਹੌਲੀ ਆਰਥਿਕ ਵਿਕਾਸ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਹੌਰਮੁਜ਼ ਵਿੱਚ ਸੁਰੱਖਿਅਤ ਅਤੇ ਨਿਰਵਿਘਨ ਸਮੁੰਦਰੀ ਆਵਾਜਾਈ ਕੱਚੇ ਤੇਲ ਦੀ ਕੀਮਤ ਤਹਿ ਕਰੇਗੀ। ਕਿਉਂਕਿ ਜੰਗ ਭਾਵੇਂ ਪੱਛਮੀ ਏਸ਼ੀਆ ਵਿੱਚ ਹੋਵੇ, ਪਰ ਇਸ ਦੀ ਆਰਥਿਕ ਲਹਿਰ ਦੁਨੀਆ ਦੇ ਹਰ ਕੋਨੇ ਤੱਕ ਪਹੁੰਚੀ ਹੈ।

ਹੌਰਮੁਜ਼ ਵਿੱਚ ਰੁਕਿਆ ਇੱਕ ਤੇਲ ਟੈਂਕਰ ਸਿਰਫ਼ ਇੱਕ ਜਹਾਜ਼ ਨਹੀਂ ਰੋਕਦਾ ਸਗੋਂ ਉਹ ਵਿਸ਼ਵ ਅਰਥਵਿਵਸਥਾ ਦੀਆਂ ਅਨੇਕਾਂ ਜੁੜੀਆਂ ਹੋਈਆਂ ਕੜੀਆਂ ਨੂੰ ਹਿਲਾ ਦਿੰਦਾ ਹੈ।

ਇਸ ਲਈ ਹੌਰਮੁਜ਼ ਦਾ ਸੰਕਟ ਸਿਰਫ਼ ਮੱਧ-ਪੂਰਬ ਦੀ ਜੰਗ ਨਹੀਂ; ਇਹ ਵਿਸ਼ਵ ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ ਦੀ ਸਭ ਤੋਂ ਵੱਡੀ ਪਰਖ ਬਣ ਚੁੱਕਾ ਹੈ।

# ਇਤਿਹਾਸ ਵਿਚ ਬਹੁਤ ਡੂੰਘੀਆਂ ਜੜ੍ਹਾਂ ਵਾਲੇ ਹਨ ਭਾਰਤ ਅਤੇ ਬੈਲਜੀਅਮ ਵਿਚਕਾਰ ਸੰਬੰਧ : ਪ੍ਰਧਾਨ ਮੰਤਰੀ ਮੋਦੀ



**ਨਵੀਂ ਦਿੱਲੀ, 3 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਹੈਦਰਾਬਾਦ ਹਾਊਸ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਰਟ ਡੀ ਵੇਵਰ ਦੀ ਮੌਜੂਦਗੀ ਵਿਚ ਭਾਰਤ ਅਤੇ ਬੈਲਜੀਅਮ ਦਰਮਿਆਨ ਸਮਝੌਤਿਆਂ ਦਾ ਆਦਾਨ-ਪ੍ਰਦਾਨ ਹੋਇਆ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, ÷ਪ੍ਰਧਾਨ ਮੰਤਰੀ ਦਾ ਉਨ੍ਹਾਂ ਦੇ ਪਹਿਲੇ ਭਾਰਤ ਦੌਰੇ 'ਤੇ ਨਿੱਘਾ ਸਵਾਗਤ ਕਰਦੇ ਹੋਏ ਮੈਨੂੰ ਬਹੁਤ ਖੁਸ਼ੀ ਹੋ ਰਹੀ ਹੈ। ਹਾਲਾਂਕਿ ਇਹ ਸੱਚਮੁੱਚ ਉਨ੍ਹਾਂ ਦਾ ਭਾਰਤ ਦਾ ਪਹਿਲਾ ਦੌਰਾ ਹੈ, ਪਰ ਦੇਸ਼ ਨਾਲ ਉਨ੍ਹਾਂ ਦੀ ਜਾਣ-ਪਛਾਣ ਬਹੁਤ ਪੁਰਾਣੀ ਹੈ। ਉਨ੍ਹਾਂ ਨੇ ਲੰਬੇ ਸਮੇਂ ਤੱਕ ਐਂਟਵਰਪ ਦੇ ਮੇਅਰ ਵਜੋਂ ਸੇਵਾ ਨਿਭਾਈ ਅਤੇ ਐਂਟਵਰਪ ਦੇ ਵੱਡੇ ਭਾਰਤੀ ਭਾਈਚਾਰੇ ਦੇ ਨਾਲ-ਨਾਲ ਭਾਰਤ ਅਤੇ ਬੈਲਜੀਅਮ ਵਿਚਕਾਰ ਹੀਰੇ ਦੇ ਵਪਾਰ ਦਾ ਲਗਾਤਾਰ ਸਮਰਥਨ ਕੀਤਾ ਹੈ। ਭਾਰਤ ਅਤੇ ਬੈਲਜੀਅਮ ਵਿਚਕਾਰ ਸੰਬੰਧ ਇਤਿਹਾਸ ਵਿਚ ਬਹੁਤ ਡੂੰਘੀਆਂ ਜੜ੍ਹਾਂ ਵਾਲੇ ਹਨ। ਪਹਿਲੇ ਵਿਸ਼ਵ ਯੁੱਧ ਦੌਰਾਨ ਬੈਲਜੀਅਮ ਵਿਚ ਹਜ਼ਾਰਾਂ ਭਾਰਤੀ ਸੈਨਿਕਾਂ ਦੀ ਹਿੰਮਤ ਅਤੇ ਕੁਰਬਾਨੀ ਸਾਡੀ ਸਾਂਝੀ ਯਾਦ ਦਾ ਇਕ ਮਹੱਤਵਪੂਰਨ ਹਿੱਸਾ ਬਣੀ ਹੋਈ ਹੈ। ਅੱਜ, ਲੋਕਤੰਤਰੀ ਕਦਰਾਂ-ਕੀਮਤਾਂ, ਇਕ ਬਾਜ਼ਾਰ ਅਰਥਵਿਵਸਥਾ, ਅਤੇ ਮਜ਼ਬੂਤ ਲੋਕ-ਤੋਂ-ਲੋਕ ਸਬੰਧ ਸਾਨੂੰ ਕੁਦਰਤੀ ਭਾਈਵਾਲ ਬਣਾਉਂਦੇ ਹਨ...। ਉਨ੍ਹਾਂ ਕਿਹਾ, ਮੈਨੂੰ ਦਸ ਸਾਲ ਪਹਿਲਾਂ ਬੈਲਜੀਅਮ ਦਾ ਦੌਰਾ ਕਰਨ ਦਾ ਮੌਕਾ ਮਿਲਿਆ ਸੀ, ਅਤੇ ਮੈਨੂੰ ਪਿਛਲੇ ਦਹਾਕੇ ਦੌਰਾਨ ਸਾਡੀ ਭਾਈਵਾਲੀ ਨੇ ਜੋ ਸ਼ਾਨਦਾਰ ਪ੍ਰਗਤੀ ਕੀਤੀ ਹੈ।

# ਜ਼ਿਲ੍ਹਾ ਸਕੂਲ ਖੇਡਾਂ 'ਚ ਲੜਕੀਆਂ ਦੇ ਬਾਸਕਟਬਾਲ ਮੁਕਾਬਲੇ ਕਰਵਾਏ ਗਏ



**ਪਟਿਆਲਾ, 3 ਸਤੰਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕੀਆਂ ਦੇ ਬਾਸਕਟ ਬਾਲ ਮੁਕਾਬਲੇ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ। ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਜਸਪਾਲ ਸਿੰਘ ਮੰਡੌਰ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪੋਲੋ ਗਰਾਉਂਡ ਪਟਿਆਲਾ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ।ਅੰਡਰ-14 ਲੜਕੀਆਂ ਦੇ ਵਿੱਚ ਪਟਿ-1 ਜੋਨ ਨੇ ਪਹਿਲਾ,ਪਟਿ-2 ਜੋਨ ਨੇ ਦੂਜਾ,ਪਟਿ-3 ਜੋਨ ਨੇ ਤੀਜਾ,ਅੰਡਰ-17 ਦੇ ਵਿੱਚ ਪਟਿ-2 ਜੋਨ ਨੇ ਪਹਿਲਾ,ਪਟਿ-3 ਜੋਨ ਨੇ ਦੂਜਾ,ਪਟਿ-1 ਜੋਨ ਨੇ ਤੀਜਾ, ਅੰਡਰ-19 ਦੇ ਵਿੱਚ ਪਟਿ-2 ਜੋਨ ਨੇ ਪਹਿਲਾ,ਪਟਿ-3 ਜੋਨ ਨੇ ਦੂਜਾ ਤੇ ਪਟਿ-1 ਜੋਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਖੇਡ ਕਨਵੀਨਰ ਪ੍ਰਿੰਸੀਪਲ ਜੱਗਾ ਸਿੰਘ ਸਸਸਸ ਕਪੂਰੀ, ਅਮਰਜੋਤ ਸਿੰਘ, ਬਲਵਿੰਦਰ ਸਿੰਘ ਜੱਸਲ ਜੋਨਲ ਸਕੱਤਰ ਪਟਿ-2, ਅਮਨਦੀਪ ਕੌਰ, ਇੰਦੂ ਬਾਲਾ,ਪਰਮਜੀਤ ਕੌਰ, ਗੁਰਿੰਦਰ ਸਿੰਘ, ਲਖਵਿੰਦਰ ਕੌਰ, ਇਰਵਨਦੀਪ ਕੌਰ, ਗੁਰਮੀਤ ਸਿੰਘ ਕੋਚ, ਕੰਵਲਦੀਪ ਸਿੰਘ ਕੋਚ, ਰਮਣੀਕ ਅਹੂਜਾ ਕੋਚ, ਤੇਜਿੰਦਰ ਕੌਰ, ਹਰਵੀਰ ਕੌਰ, ਗੁਰਪ੍ਰੀਤ ਸਿੰਘ ਬਾਜਵਾ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਪੰਜਾਬ ਸਰਕਾਰ: ਮੋਹਿੰਦਰ ਭਗਤ



**ਜਲੰਧਰ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਮੰਤਰੀ ਮੋਹਿੰਦਰ ਭਗਤ ਨੇ ਅੱਜ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦੀ ਦ੍ਰਿੜ ਵਚਨਬੱਧਤਾ ਦੁਹਰਾਈ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਨੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਚੇਅਰਮੈਨ ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਚੇਅਰਮੈਨ ਪੰਜਾਬ ਰਾਜ ਖਾਦੀ ਬੋਰਡ ਗਗਨਦੀਪ ਸਿੰਘ ਕਾਕੂ ਆਹਲੂਵਾਲੀਆ, ਮੇਅਰ ਵਿਨੀਤ ਧੀਰ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਨਿਤਿਨ ਕੋਹਲੀ ਸਮੇਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਨਾਮੁਰਾਦ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨਸ਼ਿਆਂ ਨੂੰ ਖ਼ਤਮ ਕਰਨ ਦਾ ਤਹੱਈਆ ਕੀਤਾ ਹੋਇਆ ਹੈ, ਜਿਸ ਤਹਿਤ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲਾਂ ਦੀਆਂ ਸਲਾਖਾਂ ਪਿੱਛੇ ਭੇਜਣ ਤੋਂ ਇਲਾਵਾ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜ ਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ।

ਸ਼੍ਰੀ ਭਗਤ ਨੇ ਨਸ਼ਾ ਮੁਕਤੀ ਮੋਰਚਾ ਵੱਲੋਂ ਨਸ਼ਿਆਂ ਖਿਲਾਫ਼ ਲੜਾਈ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਹੋਰ ਡਟ ਕੇ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕਮੇਟੀਆਂ ਵੱਲੋਂ ਜਿਥੇ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਵਿੱਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ ਉਥੇ ਸ਼ੱਕੀ ਵਿਅਕਤੀਆਂ ਦੀ ਪਛਾਣ, ਇਲਾਕਿਆਂ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਪੁਲਿਸ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਵਿੱਚ ਵੀ ਮਹੱਤਵਪੂਰਣ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਇਸ ਮੁਹਿੰਮ ਨੂੰ ਹੇਠਲੇ ਪੱਧਰ ਤੱਕ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਿਵਲ ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਨਾਲ ਬਿਹਤਰ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਪੱਧਰ 'ਤੇ ਡੀ.ਐਸ.ਪੀਜ਼, ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰਾਂ ਅਤੇ ਲੋਕ ਨੁਮਾਇੰਦਿਆਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾਣ ਅਤੇ ਇਸ ਸਮੱਸਿਆ ਨਾਲ ਨਜਿੱਠਣ ਲਈ ਤਾਲਮੇਲ ਵਾਲੇ ਯਤਨਾਂ 'ਤੇ ਜ਼ੋਰ ਦਿੱਤਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਾ ਛੁਡਾਊ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਹੈ ਤਾਂ ਜੋ ਨਸ਼ੇ ਦੀ ਗ੍ਰਿਫ਼ਤ ਵਿੱਚ ਆਏ ਹਰ ਵਿਅਕਤੀ ਦਾ ਵਧੀਆ ਇਲਾਜ ਅਤੇ ਮੁੜ ਵਸੇਬਾ ਯਕੀਨੀ ਬਣਾਇਆ ਜਾ ਸਕੇ। ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ।

ਇਸ ਤੋਂ ਪਹਿਲਾਂ ਮੇਅਰ ਵਿਨੀਤ ਧੀਰ, ਰਾਜਵਿੰਦਰ ਕੌਰ ਥਿਆੜਾ ਅਤੇ ਨਿਤਿਨ ਕੋਹਲੀ ਨੇ ਨਸ਼ਿਆਂ ਦੇ ਖਾਤਮੇ ਲਈ ਹਰ ਵਰਗ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ।

ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਾਰੇ ਵਰਗਾਂ ਨੂੰ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਵਿੱਚ ਭਾਈਵਾਲ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਮੂਹਿਕ ਯਤਨਾਂ ਨਾਲ ਹੀ ਨਸ਼ਾ ਮੁਕਤ ਰੰਗਲਾ ਪੰਜਾਬ ਦਾ ਸੁਪਨਾ ਪੂਰਾ ਕੀਤਾ ਜਾ ਸਕਦਾ ਹੈ।

ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਗਈ ਹੈ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਨਸ਼ਿਆਂ ਦੇ ਮਾਮਲੇ ਵਿੱਚ ਪਿਛਲੇ ਦੋ ਮਹੀਨਿਆਂ ਜੁਲਾਈ ਤੇ ਅਗਸਤ ਦੌਰਾਨ 500 ਤੋਂ ਵੱਧ ਕੇਸ ਦਰਜ ਕੀਤੇ ਗਏ ਹਨ।





# ਪੰਜਾਬ ਸਰਕਾਰ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਦ੍ਰਿੜ ਸੰਕਲਪ : ਹਰਭਜਨ ਸਿੰਘ ਈ.ਟੀ.ਓ



**ਤਰਨਤਾਰਨ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਿੱਢੀ ਗਈ ਮੁਹਿੰਮ @ਯੁੱਧ ਨਸ਼ਿਆਂ ਵਿਰੁੱਧ@ ਦੀ ਸਮੀਖਿਆ ਕਰਨ ਲਈ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਅੱਜ ਤਰਨ ਤਾਰਨ ਪਹੁੰਚੇ। ਇਸ ਮੌਕੇ ਹੋਈ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਐਸ.ਐਸ.ਪੀ ਸੁਰੇਂਦਰ ਲਾਂਬਾ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੰਜੀਵ ਕੁਮਾਰ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਮਾਝਾ ਜੋ ?ਨ ਦੇ ਇੰਚਾਰਜ ਦੀਕਸ਼ਿਤ ਧਵਨ, ਜ਼ਿਲ੍ਹਾ ਕੋਆਰਡੀਨੇਟਰ ਅਮਰਿੰਦਰ ਸਿੰਘ ਐਮੀ ਸਮੇਤ ਜ਼ਿਲ੍ਹੇ ਦੀ ਨਸ਼ਾ ਮੁਕਤੀ ਮੋਰਚਾ ਦੀ ਸਮੁੱਚੀ ਟੀਮ ਤੋਂ ਇਲਾਵਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਵੀ ਮੌਜੂਦ ਰਹੇ।

ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਪੂਰੀ ਤਰ੍ਹਾਂ ਦ੍ਰਿੜ ਸੰਕਲਪ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਜਿਥੇ ਵੱਡੀ ਗਿਣਤੀ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਭੇਜਿਆ ਹੈ, ਉਥੇ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦੇ ਮੁੜ-ਵਸੇਬੇ ਲਈ ਵੱਡੇ ਪੱਧਰ @ਤੇ ਉਪਰਾਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਨਸ਼ਾ ਮੁਕਤੀ ਮੋਰਚਾ ਦੀ ਟੀਮ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੂੰ ਆਪਸੀ ਤਾਲਮੇਲ ਅਤੇ ਸੰਜ਼ੀਦਗੀ ਨਾਲ ਕੰਮ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮਾਜ ਦੇ ਹਰੇਕ ਵਰਗ ਦਾ ਸਹਿਯੋਗ ਮਿਲੇ ਤਾਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਟੀਚਾ ਜਲਦ ਹਾਸਲ ਕੀਤਾ ਜਾ ਸਕਦਾ ਹੈ।

ਇਸ ਮੌਕੇ ਐਸ.ਐਸ.ਪੀ ਸੁਰੇਂਦਰ ਲਾਂਬਾ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਅਤੇ ਹੋਰਨਾਂ ਬੁਲਾਰਿਆਂ ਨੇ ਵੀ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈਆਂ ਜਾ ਰਹੀਆਂ ਕਾਰਵਾਈਆਂ ਅਤੇ ਜਾਗਰੂਕਤਾ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਐਸ.ਡੀ.ਐਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐਸ.ਪੀ ਸੁਖਨਿੰਦਰ ਸਿੰਘ, ਐਸ.ਪੀ ਡਾ. ਰਿਪੁਤਾਮਨ ਸਿੰਘ, ਤਹਿਸੀਲਦਾਰ ਅਰਚਨਾ ਸ਼ਰਮਾ, ਨਾਇਬ ਤਹਿਸੀਲਦਾਰ ਕਰਨਵੀਰ ਸਿੰਘ, ਨਸ਼ਾ ਮੁਕਤੀ ਮੋਰਚਾ ਦੇ ਵਾਈਸ ਜ਼ਿਲ੍ਹਾ ਕੋਆਰਡੀਨੇਟਰ ਕੁਲਦੀਪ ਸਿੰਘ ਢਿੱਲੋਂ, ਅਸੰਬਲੀ ਕੋਆਰਡੀਨੇਟਰ ਤਰਨ ਤਾਰਨ ਆਲਮਬੀਰ ਸਿੰਘ ਰੰਧਾਵਾ, ਅਸੰਬਲੀ ਕੋਆਰਡੀਨੇਟਰ ਖੇਮਕਰਨ ਜੋਗਿੰਦਰ ਸਿੰਘ ਸੰਧੂ, ਅਸੰਬਲੀ ਕੋਆਰਡੀਨੇਟਰ ਪੱਟੀ ਪਰਮਜੀਤ ਸਿੰਘ ਚੰਬਲ ਅਤੇ ਅਸੰਬਲੀ ਕੋਆਰਡੀਨੇਟਰ ਖਡੂਰ ਸਾਹਿਬ ਜਸਕਰਨ ਸਿੰਘ ਲਾਡੀ, ਵਾਈਸ ਕੋਆਰਡੀਨੇਟਰ ਸਰਬਜੀਤ ਸਿੰਘ, ਰਣਜੀਤ ਸਿੰਘ ਧੂੰਦਾ, ਮਲਕੀਤ ਸਿੰਘ, ਗੁਰਵੰਤ ਸਿੰਘ ਰੋੜਾਂਵਾਲੀ, ਸੁਖਵਿੰਦਰ ਸਿੰਘ ਹੁੰਦਲ, ਬਲਜਿੰਦਰ ਸਿੰਘ ਚੂਸਲੇਵੜ ਅਤੇ ਸੋਨਵੀਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਨਸ਼ਾ ਮੁਕਤੀ ਮੋਰਚਾਉਨ੍ਹਾਂ ਨਸ਼ਾ ਮੁਕਤੀ ਮੋਰਚਾ ਦੀ ਟੀਮ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੂੰ ਆਪਸੀ ਤਾਲਮੇਲ ਅਤੇ ਸੰਜ਼ੀਦਗੀ ਨਾਲ ਕੰਮ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮਾਜ ਦੇ ਹਰੇਕ ਵਰਗ ਦਾ ਸਹਿਯੋਗ ਮਿਲੇ ਤਾਂ ਪੰਜਾਬ ਨੂੰ ਨਸ਼ਾ ਦੇ ਬਲਾਕ ਪਰਮਜੀਤ ਸਿੰਘ ਚੰਬਲ ਅਤੇ ਅਸੰਬਲੀ ਕੋਆਰਡੀਨੇਟਰ ਖਡੂਰ ਸਾਹਿਬ ਜਸਕਰਨ ਸਿੰਘ ਲਾਡੀ, ਵਾਈਸ ਕੋਆਰਡੀਨੇਟਰ ਅਤੇ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਪੌਲੀਟਿਕਸ



## ਪ੍ਰਸ਼ਾਸਕ ਨੇ ਸਰਕਾਰੀ ਸਕੂਲਾਂ ਦੀ ਅਕਾਦਮਿਕ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ



**ਚੰਡੀਗੜ੍ਹ, 3 ਸਤੰਬਰ**
**-ਸੰਜੀਵ ਸਿੰਗਲਾ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਇੱਕ ਮੀਟਿੰਗ ਵਿੱਚ ਸਰਕਾਰੀ ਸਕੂਲਾਂ ਦੀ ਅਕਾਦਮਿਕ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਸਕੱਤਰ ਸਿੱਖਿਆ ਸੁਸ਼੍ਰੀ ਪ੍ਰੇਰਣਾ ਪੁਰੀ; ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ ਅਤੇ 13 ਸਕੂਲਾਂ ਦੀ ਪ੍ਰਤੀਨਿਧਤਾ ਕਰਨ ਵਾਲੇ 12 ਪ੍ਰਿੰਸੀਪਲ ਹਾਜ਼ਰ ਰਹੇ।

ਮੀਟਿੰਗ ਦੇ ਦੌਰਾਨ, ਸ਼੍ਰੀ ਕਟਾਰੀਆ ਨੇ ਸਕੂਲਾਂ ਦੇ ਪ੍ਰਦਰਸ਼ਨ ਅਤੇ ਵਿਦਿਆਰਥੀਆਂ ਦੇ ਅਕਾਦਮਿਕ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਵਾਲੇ ਕਾਰਕਾਂ 'ਤੇ ਚਰਚਾ ਕੀਤੀ ਅਤੇ ਉਨ੍ਹਾਂ ਖੇਤਰਾਂ 'ਤੇ ਪ੍ਰਿੰਸੀਪਲਾਂ ਤੋਂ ਸੁਝਾਅ ਮੰਗੇ ਜਿਨ੍ਹਾਂ 'ਤੇ ਵਿਸ਼ੇਸ਼ ਧਿਆਨ ਅਤੇ ਸਹਿਯੋਗ ਦੀ ਜ਼ਰੂਰਤ ਹੈ।

ਪ੍ਰਸ਼ਾਸਕ ਨੇ ਵਿਦਿਆਰਥੀਆਂ ਦੀ ਨਿਯਮਿਤ ਹਾਜ਼ਰੀ, ਸਿੱਖਣ ਦੇ ਪੱਧਰ ਵਿੱਚ ਆਉਣ ਵਾਲੇ ਅੰਤਰ (ਲਰਨਿੰਗ ਗੈਪਸ) ਦੀ ਪਹਿਚਾਣ ਕਰਨ ਅਤੇ ਸੁਧਾਰਾਤਮਕ ਸਿੱਖਿਆ (ਰੇਮੇਡੀਅਲ ਟੀਚਿੰਗ) ਅਤੇ ਅਕਾਦਮਿਕ ਸਹਿਯੋਗ ਦੇ ਜ਼ਰੀਏ ਕਮਜ਼ੋਰ ਵਿਦਿਆਰਥੀਆਂ 'ਤੇ ਵਿਸ਼ੇਸ਼ ਧਿਆਨ ਦੇਣ ਅਤੇ ਵਿਦਿਆਰਥੀਆਂ ਦੀ ਪ੍ਰਗਤੀ ਦੀ ਨਿਰੰਤਰ ਨਿਗਰਾਨੀ ਦੇ ਮਹੱਤਵ 'ਤੇ ਬਲ ਦਿੱਤਾ। ਉਨ੍ਹਾਂ ਨੇ ਸਟਾਫ਼ ਦੀ ਉਪਲਬਧਤਾ, ਬੁਨਿਆਦੀ ਢਾਂਚੇ ਦੀਆਂ ਜ਼ਰੂਰਤਾਂ, ਵਿਦਿਆਰਥੀਆਂ ਦੇ ਪ੍ਰਵਾਸ/ਪਲਾਇਨ ਅਤੇ ਮਾਪਿਆਂ ਦੀ ਭਾਗੀਦਾਰੀ ਜਿਹੇ ਮੁੱਦਿਆਂ ਦੀ ਵੀ ਸਮੀਖਿਆ ਕੀਤੀ, ਜਿਨ੍ਹਾਂ ਦਾ ਅਸਰ ਸਕੂਲ ਦੇ ਪ੍ਰਦਰਸ਼ਨ 'ਤੇ ਪੈ ਸਕਦਾ ਹੈ।

ਸ਼੍ਰੀ ਕਟਾਰੀਆ ਨੇ ਜ਼ਰੂਰਤ ਅਨੁਸਾਰ ਅਤਿਰਿਕਤ ਕਲਾਸਰੂਮਸ ਦੇ ਨਿਰਮਾਣ 'ਤੇ ਜ਼ੋਰ ਦਿੱਤਾ ਅਤੇ ਨਿਰਦੇਸ਼ ਦਿੱਤਾ ਕਿ ਸਿੱਖਿਆ ਅਤੇ ਸਿੱਖਣ ਨੂੰ ਮਜ਼ਬੂਤ ਕਰਨ ਲਈ ਪੈਰੀਫੇਰੀ (ਬਾਹਰੀ/ਸੀਮਾਵਰਤੀ) ਖੇਤਰਾਂ ਦੇ ਸਕੂਲਾਂ ਵਿੱਚ ਲੋੜੀਂਦਾ ਸਟਾਫ਼ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਨੇ ਅਕਾਦਮਿਕ ਪ੍ਰਦਰਸ਼ਨ ਵਿੱਚ ਸੁਧਾਰ ਲਈ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕਰਨ ਹਿਤ ਉੱਘੇ ਸੇਵਾਮੁਕਤ ਵਿਅਕਤੀਆਂ ਦੁਆਰਾ ਹਰੇਕ ਸਕੂਲ ਦੀ ਨਿਯਮਿਤ ਮੈਂਟਰਿੰਗ ਦੀ ਜ਼ਰੂਰਤ 'ਤੇ ਵੀ ਬਲ ਦਿੱਤਾ।

ਸ਼੍ਰੀ ਕਟਾਰੀਆ ਨੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਦੇ ਹਿੱਸੇ ਦੇ ਰੂਪ ਵਿੱਚ ਉਨ੍ਹਾਂ ਨੂੰ ਖੇਡਾਂ, ਕਿੱਤਾਮੁਖੀ ਸਿੱਖਿਆ, ਕੌਸ਼ਲ ਵਿਕਾਸ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਅਵਸਰ ਪ੍ਰਦਾਨ ਕਰਨ ਦੇ ਮਹੱਤਵ ਨੂੰ ਵੀ ਰੇਖਾਂਕਿਤ ਕੀਤਾ।

ਪ੍ਰਸ਼ਾਸਕ ਨੇ ਅਧਿਕਾਰੀਆਂ ਅਤੇ ਸਕੂਲ ਮੁਖੀਆਂ ਨੂੰ ਸ਼ਨਾਖ਼ਤ ਕੀਤੇ ਗਏ ਖੇਤਰਾਂ 'ਤੇ ਸਮੂਹਿਕ ਤੌਰ 'ਤੇ ਕਾਰਜ ਕਰਨ, ਮੌਜੂਦਾ ਪਹਿਲਾਂ ਨੂੰ ਮਜ਼ਬੂਤ ਕਰਨ ਅਤੇ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਲਿਆਉਣ ਅਤੇ ਵਿਦਿਆਰਥੀਆਂ ਨੂੰ ਇੱਕ ਸਹਾਇਕ ਅਤੇ ਸੰਪੂਰਨ ਵਿੱਦਿਅਕ ਵਾਤਾਵਰਣ ਪ੍ਰਦਾਨ ਕਰਨ ਲਈ ਨਿਯਮਿਤ ਤੌਰ 'ਤੇ ਪ੍ਰਗਤੀ ਦੀ ਸਮੀਖਿਆ ਕਰਨ ਦੇ ਨਿਰਦੇਸ਼ ਦਿੱਤੇ।

## ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਢਾਈ ਕਿਲੋਮੀਟਰ ਸੜਕ ਦੇ ਨਿਰਮਾਣ ਕਾਰਜਾਂ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸ਼ੁਰੂਆਤ



**ਭਵਾਨੀਗੜ੍ਹ, 2 ਸਤੰਬਰ:**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮਜ਼ਬੂਤ ਅਤੇ ਬਿਹਤਰ ਸੜਕੀ ਢਾਂਚਾ ਮੁਹੱਈਆ ਕਰਵਾਉਣ ਲਈ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦਾ ਕੰਮ ਲਗਾਤਾਰ ਜ਼ੋਰਾਂ 'ਤੇ ਚੱਲ ਰਿਹਾ ਹੈ। ਇਸੇ ਤਹਿਤ ਅੱਜ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਗਭਗ ਢਾਈ ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਇਹ ਸੜਕ ਸ਼ਮਸ਼ਾਨ ਘਾਟ ਰੋਡ ਤੋਂ ਕਾਕੜਾ ਰੋਡ ਰਾਹੀਂ ਡੰਪ ਤੱਕ ਬਣਾਈ ਜਾਵੇਗੀ। ਇਸ ਸੜਕ ਦੇ ਨਿਰਮਾਣ ਨਾਲ ਭਵਾਨੀਗੜ੍ਹ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸੜਕਾਂ ਦਾ ਮਜ਼ਬੂਤ ਨੈੱਟਵਰਕ ਨਾ ਸਿਰਫ਼ ਆਵਾਜਾਈ ਨੂੰ ਸੁਚਾਰੂ ਬਣਾਉਂਦਾ ਹੈ, ਸਗੋਂ ਇਲਾਕੇ ਦੇ ਵਪਾਰਕ ਅਤੇ ਆਰਥਿਕ ਵਿਕਾਸ ਨੂੰ ਵੀ ਗਤੀ ਦਿੰਦਾ ਹੈ।

ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਕਾਰਜ ਨੂੰ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਮੁਕੰਮਲ ਕਰਵਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਲੰਮੇ ਸਮੇਂ ਤੱਕ ਇਸ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸ ਮੌਕੇ ਇਲਾਕੇ ਦੇ ਪਤਵੰਤੇ, ਸਥਾਨਕ ਆਗੂ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

## ਹਰਜੋਤ ਮਾਂਗਟ ਨੂੰ ਮਿਲੀ ਵੱਡੀ ਜ਼ਿੰਮੇਵਾਰੀ, ਪਾਰਟੀ ਨੇ ਲਾਇਆ ਹਲਕਾ ਫਤਿਹਗੜ੍ਹ ਸਾਹਿਬ ਤੋਂ ਇੰਚਾਰਜ ਤੇ ਯੂਥ ਅਕਾਲੀ ਦਲ ਦਾ ਵਰਕਿੰਗ ਪ੍ਰਧਾਨ



**ਮਾਛੀਵਾੜਾ ਸਾਹਿਬ, 3 ਸਤੰਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਯੂਥ ਅਕਾਲੀ ਦਲ ਦੇ 7 ਮਿਹਨਤੀ ਨੌਜਵਾਨਾਂ ਨੂੰ ਯੂਥ ਅਕਾਲੀ ਦਲ ਦਾ ਵਰਕਿੰਗ ਪ੍ਰਧਾਨ ਅਤੇ ਲੋਕ ਸਭਾ ਹਲਕਿਆਂ ਦਾ ਇੰਚਾਰਜ ਨਿਯੁਕਤ ਕੀਤਾ।ਇਸ ਮੌਕੇ ਪਾਰਟੀ ਵੱਲੋਂ ਜਿ਼ ?ਲ੍ਹਾ ਪ੍ਰਧਾਨਾਂ ਦਾ ਵੀ ਐਲਾਨ ਕੀਤਾ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇੱਕ ਅਹਿਮ ਐਲਾਨ ਕਰਦੇ ਹੋਏ ਯੂਥ ਅਕਾਲੀ ਦਲ ਦੇ ਪ੍ਰਧਾਨ . ਸਰਬਜੀਤ ਸਿੰਘ ਝਿੰਜਰ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ 7 ਮਿਹਨਤੀ ਨੌਜਵਾਨਾਂ ਨੂੰ ਯੂਥ ਅਕਾਲੀ ਦਾ ਵਰਕਿੰਗ ਪ੍ਰਧਾਨ ਅਤੇ ਨਾਲ 7 ਵੱਖ-ਵੱਖ ਲੋਕ ਸਭਾ ਹਲਕਿਆਂ ਦਾ ਹਲਕਾ ਇੰਚਾਰਜ ਵੀ ਨਿਯੁਕਤ ਕਰਨ ਅਤੇ ਇਸਦੇ ਨਾਲ ਹੀ ਦੋ ਜਿਲਿਆ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ ਕਰਨ ਦਾ ਐਲਾਨ ਕੀਤਾ। ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਯੂਥ ਵਿੰਗ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਦੱਸਿਆ ਕਿ ਪਾਰਟੀ ਦੇ 7 ਮਿਹਨਤੀ ਅਤੇ ਸੁਝਵਾਨ ਨੌਜਵਾਨਾਂ ਨੂੰ ਯੂਥ ਅਕਾਲੀ ਦਲ ਦਾ ਵਰਕਿੰਗ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਅਤੇ ਇਹਨਾਂ ਨੌਜਵਾਨਾਂ ਨੂੰ ਵੱਖ ਵੱਖ ਲੋਕ ਸਭਾ ਹਲਕਿਆਂ ਦਾ ਹਲਕਾ ਇੰਚਾਰਜ ਵੀ ਨਿਯੁਕਤ ਕੀਤਾ ਗਿਆ ਹੈ। ਜਿਹਨਾਂ 7 ਨੌਜਵਾਨਾਂ ਨੂੰ ਵਰਕਿੰਗ ਪ੍ਰਧਾਨ ਦੇ ਨਾਲ ਨਾਲ ਲੋਕ ਸਭਾ ਹਲਕਿਆਂ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ ਉਹਨਾਂ ਵਿੱਚ ਆਕਾਸ਼ਦੀਪ ਸਿੰਘ ਮਿੱਡੂਖੇੜਾ ਲੋਕ ਸਭਾ ਹਲਕਾ ਬਠਿੰਡਾ, ਹਰਿੰਦਰ ਸਿੰਘ ਮਹਿਰਾਜ ਲੋਕ ਸਭਾ ਹਲਕਾ ਫਰੀਦਕੋਟ ਐਸ.ਸੀ, ਲਵਪ੍ਰੀਤ ਸਿੰਘ ਲੱਪੀ ਈਨਾ ਖੇੜਾ ਲੋਕ ਸਭਾ ਹਲਕਾ ਫਿਰੋਜਪੁਰ, . ਹਰਪਾਲ ਸਿੰਘ ਖੜਿਆਲ ਲੋਕ ਸਭਾ ਹਲਕਾ ਸੰਗਰੂਰ, ਮਨਜੀਤ ਸਿੰਘ ਮਲਕਪੁਰ ਲੋਕ ਸਭਾ ਹਲਕਾ ਪਟਿਆਲਾ, ਹਰਜੋਤ ਸਿੰਘ ਮਾਂਗਟ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਐਸ. ਸੀ. ਅਤੇ . ਗੁਰਸੇਵਕ ਸਿੰਘ ਸ਼ੇਖ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਨਾਮ ਸ਼ਾਮਲ ਹਨ। ਹਰਜੋਤ ਸਿੰਘ ਮਾਂਗਟ ਜੋ ਕਿ ਮੌਜੂਦਾ ਜ਼ਿਲ੍ਹਾ ਪਰਿਸ਼ਦ ਮੈਂਬਰ ਹਨ, ਅਤੇ ਪਾਰਟੀ ਦੇ ਜੁਝਾਰੂ ਤੇ ਮਿਹਨਤੀ ਵਰਕਰ ਹਨ ਜੋ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦਿਆਂ ਆਪਣੇ ਨਾਲ ਜੋੜ ਰਹੇ ਹਨ। ਸਾਫ ਸੁਥਰੇ ਕਿਰਦਾਰ ਅਤੇ ਨਿਮਰ ਸੁਭਾਅ ਦੇ ਹਰਜੋਤ ਸਿੰਘ ਮਾਂਗਟ ਦਾ ਰਾਜਨੀਤੀ ਖੇਤਰ ਵਿੱਚ ਜਿੱਥੇ ਇੱਕ ਵੱਡਾ ਕੱਦ ਹੈ , ਉੱਥੇ ਹੀ ਸਮਾਜ ਸੇਵੀ ਕਾਰਜਾਂ ਵਿੱਚ ਵੀ ਉਹਨਾਂ ਦਾ ਵੱਡਾ ਕੱਦ ਹੈ। ਵੱਡੀ ਅਤੇ ਅਹਿਮ ਜਿੰਮੇਵਾਰੀ ਮਿਲਣ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਹਰਜੋਤ ਸਿੰਘ ਮਾਗਤ ਨੇ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਣਾ ਖਾਸ ਤੌਰ ਤੇ ਨੌਜਵਾਨਾਂ ਨੂੰ ਉਹਨਾਂ ਤੋਂ ਜਾਣੂ ਕਰਵਾਉਣਾ ਅਤੇ ਸਮੇਂ ਸਮੇਂ ਦੇ ਪੰਜਾਬ ਵਿੱਚ ਆਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੋਏ ਵਿਕਾਸ ਕਾਰਜਾਂ ਬਾਰੇ ਦੱਸਣਾ ਉਹਨਾਂ ਦਾ ਮੁੱਖ ਕੰਮ ਹੈ।

## 5 ਸਤੰਬਰ ਅਧਿਆਪਕ ਦਿਵਸ ਨੂੰ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ ਅਤੇ 12 ਸਤੰਬਰ ਨੂੰ ਹੋਵੇਗੀ ਸੰਗਰੂਰ ਵਿਖੇ ਰੈਲੀ: ਸਪੈਸ਼ਲ ਕਾਡਰ ਅਧਿਆਪਕ ਫਰੰਟ



**ਸੰਗਰੂਰ, 3 ਸਤੰਬਰ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਪੈਸ਼ਲ ਕਾਡਰ ਅਧਿਆਪਕ ਫਰੰਟ ਚ ਸ਼ਾਮਲ ਸਮੂਹ ਕਾਡਰ ਨੂੰ ਪੇਅ ਸਕੇਲ ਅਤੇ ਮਿਲਦੀਆਂ ਹੋਰ ਰੈਗੂਲਰ ਸਹੂਲਤਾਂ ਤੋਂ ਵਾਂਝੇ ਰੱਖਿਆ ਗਿਆ ਹੈ।ਨਿਗੁਣਾ ਤਨਖਾਹ ਵਾਧਾ ਅਤੇ 58 ਸਾਲ ਤੱਕ ਨੌਕਰੀ ਸੁਰੱਖਿਅਤ ਰੱਖਣ ਦੀ ਨਿਯੁਕਤੀ ਪੱਤਰ ਤਾਂ ਦੇ ਦਿੱਤੇ ਪਰ ਉਹ ਖਾਲੀ ਤੇ ਸਾਫ਼ ਕਾਗਜ ਹੀ ਸਾਬਤ ਹੋਏ ਕਿਉਂਕਿ ਉਹਨਾਂ ਆਰਡਰਾਂ ਵਿਚ ਇੱਕ ਵੀ ਰੈਗੂਲਰ ਮੁਲਾਜ਼ਮ ਵਾਲੀ ਸਹੂਲਤ ਸ਼ਾਮਲ ਨਹੀਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਟੇਟ ਆਗੂ ਮਨਪ੍ਰੀਤ ਸਿੰਘ ਮੋਗਾ ਵੀਰਪਾਲ ਕੌਰ ਸਿਧਾਨਾ ਅਨੁਭਵ ਗੁਪਤਾ ਦਵਿੰਦਰ ਸੰਧੂ ਅਤੇ ਗੁਰਲਾਲ ਸਿੰਘ ਤੂਰ ਵਲੋਂ ਕੀਤਾ ਗਿਆ। ਉਹਨਾਂ ਨੇ ਸਰਕਾਰ ਤੇ ਆਪਣਾ ਰੋਸ ਪ੍ਰਗਟ ਕਰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ,ਹੋਰ ਵਿਧਾਇਕ ਅਤੇ ਕੇਜਰੀਵਾਲ ਖੁਦ ਮੋਹਾਲੀ ਧਰਨੇ ਤੇ ਆਏ ਸਨ ਤੇ ਸਰਕਾਰ ਬਣਦਿਆ ਹੀ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ।

ਆਗੂਆਂ ਨੇ ਦੱਸਿਆ ਕਿ ਸਾਨੂੰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਾਡੇ ਬਹੁਤ ਸਾਰੇ ਸਾਥੀ ਇਸ ਦੁਨੀਆਂ ਨੂੰ ਅਲਵਿਦਾ ਕਹਿ ਚੁੱਕੇ ਹਨ, ਬਹੁਤ ਸਾਰੇ ਸਾਥੀ ਬਿਨਾਂ ਕਿਸੇ ਸਹੂਲਤ ਤੋਂ ਰਿਟਾਇਰ ਹੋ ਰਹੇ ਹਨ, ਵਿਭਾਗ ਨੂੰ ਲੰਮਾ ਸਮਾਂ ਸੇਵਾਵਾਂ ਦੇਣ ਦੇ ਬਾਵਜੂਦ ਖਾਲੀ ਹੱਥ ਘਰ ਜਾ ਰਹੇ ਹਨ ਤੇ ਮਹਿੰਗਾਈ ਦੇ ਦੌਰ ਵਿੱਚ ਗੁਜ਼ਾਰੇ ਕਰਨੇ ਔਖੇ ਹੋਏ ਪਏ ਹਨ।

ਕਿਸੇ ਪ੍ਰਕਾਰ ਦੀ ਮੈਡੀਕਲ ਸਹੂਲਤ ਨਹੀਂ ਦਿੱਤੀ ਜਾਂਦੀ,ਕਈ ਸਾਥੀ ਭਿਆਨਕ ਬਿਮਾਰੀ ਨਾਲ ਪੀੜਤ ਹਨ ਤੇ ਕਈ ਸਾਥੀਆਂ ਦੇ ਪਰਿਵਾਰ ਵੱਖ ਵੱਖ ਬਿਮਾਰੀਆਂ ਨਾਲ ਆਪਣੇ ਜੀਵਨ ਦਾ ਸੰਘਰਸ਼ ਲੜ ਰਹੇ ਹਨ। ਪੰਜਾਬ ਸਰਕਾਰ ਵਲੋਂ ਸਾਨੂੰ ਮੁਲਾਜ਼ਮ ਨਾ ਸਮਝਦੇ ਹੋਏ ਮੁਲਜ਼ਮਾਂ ਵਾਲੀ ਕਤਾਰ ਵਿਚ ਖੜ੍ਹਾ ਕਰ ਦਿੱਤਾ ਹੈ। ਕਿਉਂਕਿ ਸਾਡੀ ਕੋਈ ਬਦਲੀ ਨਹੀਂ, ਕੋਈ ਸਹੂਲਤ ਨਹੀਂ।

ਪੰਜਾਬ ਸਰਕਾਰ ਨੇ ਆਪਣੇ ਕੀਤੇ ਵਾਅਦੇ ਅਨੁਸਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਮੀਟਿੰਗ ਦੇ ਕੇ ਵਾਰ ਵਾਰ ਮੀਟਿੰਗਾਂ ਪੋਸਟਪੋਨ ਕਰਕੇ ਹਰਾਸ ਕੀਤਾ ਜਾ ਰਿਹਾ ਹੈ। ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਕਮੇਟੀ ਵਲੋਂ ਦਿੱਤੇ ਫੈਸਲੇ ਅਨੁਸਾਰ 5 ਸਤੰਬਰ ਨੂੰ ਪੂਰੇ ਪੰਜਾਬ ਵਿੱਚ ਸਮੂਹ ਕਾਡਰ ਵਲੋਂ ਕਾਲੇ ਬਿੱਲੇ ਜਾਂ ਕਾਲੀਆਂ ਪੱਟੀਆਂ ਬੰਨਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ ਜਿਸ ਕਰਕੇ 12 ਸਤੰਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।ਇਸ ਰੈਲੀ ਵਿੱਚ ਪੂਰੇ ਪੰਜਾਬ ਦੇ ਕਾਡਰ ਵਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਮੁੱਖ ਮੰਤਰੀ ਨਿਵਾਸ ਸਥਾਨ ਦਾ ਘਿਰਾਓ ਕੀਤਾ ਜਾਵੇਗਾ।ਜੇਕਰ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਵਲੋਂ ਕਿਸੇ ਪ੍ਰਕਾਰ ਦੀ ਵਧੀਕੀ ਕੀਤੀ ਜਾਂਦੀ ਹੈ ਤਾਂ ਮੌਕੇ ਤੇ ਗੁਪਤ ਐਕਸਨ ਕੀਤਾ ਜਾਵੇਗਾ। ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪੇਅ ਸਕੇਲ ਲਾਗੂ ਕਰਕੇ ਸਾਡਾ ਭਵਿੱਖ ਸੁਰੱਖਿਅਤ ਕੀਤਾ ਜਾਵੇ ਤਾਂ ਜ਼ੋ ਰਹਿੰਦੀ ਸਰਵਿਸ ਬਿਨਾਂ ਕਿਸੇ ਆਰਥਿਕ ਮਾਨਸਿਕ ਦਬਾਅ ਤੋਂ ਪੂਰੀ ਕਰ ਸਕੀਏ ਤੇ ਬੱਚਿਆਂ ਨੂੰ ਹੋਰ ਤਨਦੇਹੀ ਨਾਲ ਪੜਾ ਸਕੀਏ॥ਜੇਕਰ ਪੰਜਾਬ ਸਰਕਾਰ ਸਾਨੂੰ ਪੇਅ ਸਕੇਲ ਅਤੇ ਸੀ ਐਸ ਆਰ ਲਾਗੂ ਕਰਨ ਵਿਚ ਦੇਰੀ ਕਰਦੀ ਹੈ ਜਾਂ ਆਨਾਕਾਨੀ ਕਰਦੀ ਹੈ ਤਾਂ ਸੰਘਰਸ਼ ਦੀ ਲਗਾਤਾਰਤਾ ਵਧਾਉਂਦੇ ਹੋਏ ਹੋਰ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਦਵਿੰਦਰ ਸੰਧੂ, ਅਨੁਭਵ ਗੁਪਤਾ, ਮਨਪ੍ਰੀਤ ਸਿੰਘ ਮੋਗਾ, ਵੀਰਪਾਲ ਕੌਰ ਸਿਧਾਣਾ, ਗੁਰਲਾਲ ਸਿੰਘ, ਜਗਵਿੰਦਰ ਸਿੰਘ ਖੰਨਾ, ਕੁਲਵੀਰ ਸਿੰਘ ਮਲੇਰਕੋਟਲਾ, ਮੈਡਮ ਰਜਿੰਦਰ ਮਲੇਰ ਕੋਟਲਾ, ਸੁਖਵਿੰਦਰ ਸਿੰਘ ਲੁਧਿਆਣਾ, ਗੁਰਚਰਨ ਸਿੰਘ ਤਰਨ ਤਾਰਨ, ਅੰਮ੍ਰਿਤਪਾਲ ਸਿੰਘ ਹੁਸ਼ਿਆਰਪੁਰ, ਗੁਰਚਰਨ ਸਿੰਘ ਸੰਗਰੂਰ ਅਤੇ ਹੋਰ ਵੱਖ ਵੱਖ ਜਿਲ੍ਹਿਆਂ ਦੇ ਜੁਝਾਰੂ ਸਾਥੀ ਹਾਜ਼ਰ ਸਨ।

## 6 ਸਤੰਬਰ ਨੂੰ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਲੱਗੇਗਾ ਵਿਸ਼ੇਸ਼ ਕੈਂਪ: ਜ਼ਿਲ੍ਹਾ ਚੋਣ ਅਫ਼ਸਰ



**ਹੁਸ਼ਿਆਰਪੁਰ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਪੰਜਾਬ ਵਿੱਚ ਚੱਲ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਦੇ ਤਹਿਤ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ 6 ਸਤੰਬਰ 2026, ਐਤਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਯੋਗ ਨਾਗਰਿਕਾਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਯਕੀਨੀ ਬਣਾਉਣਾ ਅਤੇ ਵੋਟਰਾਂ ਨੂੰ ਵੱਖ-ਵੱਖ ਚੋਣ ਸਬੰਧੀ ਸੇਵਾਵਾਂ ਮੁਹੱਈਆ ਕਰਵਾਉਣਾ ਹੈ।

ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਕੈਂਪ ਦੌਰਾਨ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ। ਯੋਗ ਨਾਗਰਿਕਾਂ ਤੋਂ ਲੋੜ ਅਨੁਸਾਰ ਫਾਰਮ ਨੰਬਰ 6, ਫਾਰਮ ਨੰਬਰ 6-ਏ ਅਤੇ ਫਾਰਮ ਨੰਬਰ 8 ਭਰਵਾਏ ਜਾਣਗੇ ਅਤੇ ਸਬੰਧਤ ਘੋਸ਼ਣਾ ਪੱਤਰਾਂ ਸਮੇਤ ਲੋੜੀਂਦੇ ਸਹਾਇਕ ਦਸਤਾਵੇਜ਼ ਵੀ ਪ੍ਰਾਪਤ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨੇ ਵਿਸ਼ੇਸ਼ ਤੌਰ 'ਤੇ 18 ਤੋਂ 19 ਸਾਲ ਦੀ ਉਮਰ ਵਰਗ ਦੇ ਨੌਜਵਾਨਾਂ ਦੀ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰਿਕ ਪ੍ਰਕਿਰਿਆ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਬਹੁਤ ਮਹੱਤਵਪੂਰਨ ਹੈ ਅਤੇ ਯੋਗ ਨੌਜਵਾਨਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਲਈ ਇਸ ਵਿਸ਼ੇਸ਼ ਕੈਂਪ ਦਾ ਲਾਭ ਉਠਾਉਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਦਿਵਿਆਂਗ (ਪੀ.ਡਬਲਯੂ.ਡੀ.) ਵੋਟਰਾਂ ਦੀ ਪਛਾਣ ਵੀ ਕੀਤੀ ਜਾਵੇਗੀ ਅਤੇ ਉਨ੍ਹਾਂ ਦੀ ਲੋੜੀਂਦੀ ਮਾਰਕਿੰਗ ਲਈ ਫਾਰਮ ਨੰਬਰ 8 ਭਰਵਾਏ ਜਾਣਗੇ, ਤਾਂ ਜੋ ਉਨ੍ਹਾਂ ਨੂੰ ਚੋਣ ਸਬੰਧੀ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਬੂਥ ਲੈਵਲ ਏਜੰਟਾਂ (ਬੀ.ਐਲ.ਏ.) ਨੂੰ ਵੀ ਵਿਸ਼ੇਸ਼ ਕੈਂਪ ਸਬੰਧੀ ਪਹਿਲਾਂ ਹੀ ਸੂਚਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਸਾਰੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬੀ.ਐਲ.ਏ. ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾਵੇ, ਤਾਂ ਜੋ ਵੋਟਰ ਸੂਚੀ ਦੀ ਸੋਧ ਦਾ ਕੰਮ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕੀਤਾ ਜਾ ਸਕੇ।ਉਨ੍ਹਾਂ ਸਾਰੇ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਨੂੰ ਆਪਣੇ ਅਧੀਨ ਆਉਂਦੇ ਪੋਲਿੰਗ ਬੂਥਾਂ 'ਤੇ ਲਗਾਏ ਜਾਣ ਵਾਲੇ ਕੈਂਪਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਅਤੇ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸਾਰੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਸਬੰਧਤ ਸਕੂਲਾਂ ਅਤੇ ਦਫ਼ਤਰਾਂ ਦੇ ਮੁਖੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਸਕੂਲਾਂ ਜਾਂ ਦਫ਼ਤਰਾਂ ਵਿੱਚ ਪੋਲਿੰਗ ਬੂਥ ਸਥਾਪਿਤ ਹਨ, ਉਹ 6 ਸਤੰਬਰ ਨੂੰ ਵਿਸ਼ੇਸ਼ ਕੈਂਪ ਦੌਰਾਨ ਖੁੱਲ੍ਹੇ ਰੱਖੇ ਜਾਣ।

## ਪੰਜਾਬੀ ਆਪਣੀ ਵਿਦਵਤਾ ਭਰਪੂਰ ਵਿਰਾਸਤ ਨੂੰ ਅਣਗੌਲਿਆ ਕਰ ਰਹੇ ਹਨ- ਪ੍ਰੋ. ਹਰਪਾਲ ਸਿੰਘ ਪੰਨੂ



**ਪਟਿਆਲਾ, 3 ਸਤੰਬਰ**
**-ਅਰਸ਼ਦੀਪ ਸਿੰਘ-**

ਭਾਸ਼ਾ ਵਿਭਾਗ ਪੰਜਾਬ ਨੇ ਆਪਣੇ ਅਧਿਕਾਰੀਆਂ ਤੇ ਕਰਮਚਾਰੀਆਂ 'ਚ ਪੁਸਤਕ ਰੁਚੀ ਪ੍ਰਫੁੱਲਿਤ ਕਰਨ ਹਿੱਤ ਚਲਾਈ ਮੁਹਿੰਮ ਤਹਿਤ ਅੱਜ ਮਹੀਨਾਵਾਰ 'ਪੁਸਤਕ ਮਿਲਣੀ' ਕਰਵਾਈ। ਜਿਸ ਦੌਰਾਨ ਉੱਘੇ ਵਿਦਵਾਨ ਪ੍ਰੋ. ਹਰਪਾਲ ਸਿੰਘ ਪੰਨੂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਡਾਇਰੈਕਟਰ ਭਾਸ਼ਾਵਾਂ ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਡਿਜੀਟਲ ਯੁੱਗ 'ਚ ਕਿਤਾਬਾਂ ਹਰ ਥਾਂ ਸਾਡੇ ਅੰਗ-ਸੰਗ ਰਹਿੰਦੀਆਂ ਹਨ ਜਿਸ ਕਰਕੇ ਪੜ੍ਹਨੀਆਂ ਬਹੁਤ ਸੌਖੀਆਂ ਹੋ ਗਈਆਂ ਹਨ। ਇਹਨਾਂ ਨੂੰ ਅਸੀਂ ਕਿਸੇ ਵੀ ਸਮੇਂ ਤੇ ਕਿਸੇ ਵੀ ਥਾਂ ਫੋਨ ਜਾਂ ਆਈਪੈਡ ਜ਼ਰੀਏ ਪੜ੍ਹ ਸਕਦੇ ਹਾਂ, ਲੋੜ ਹੈ ਸਿਰਫ਼ ਰੁਚੀ ਦੀ। ਪ੍ਰੋ. ਹਰਪਾਲ ਸਿੰਘ ਪੰਨੂ ਵਰਗੀਆਂ ਸ਼ਖ਼ਸੀਅਤਾਂ ਪੁਸਤਕਾਂ ਪੜ੍ਹ-ਪੜ੍ਹ ਕੇ ਖੁਦ ਗਿਆਨ ਦਾ ਸਮੁੰਦਰ ਬਣ ਗਈਆਂ ਹਨ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਲੋਕਾਂ ਅੱਗੇ ਖੁਦ ਮਿਸਾਲ ਬਣਨ।

ਪ੍ਰੋ. ਹਰਪਾਲ ਸਿੰਘ ਪੰਨੂ ਨੇ ਕਿਹਾ ਕਿ ਅਸੀਂ ਉਸ ਧਰਤੀ ਦੇ ਜਾਏ ਹਾਂ ਜਿੱਥੋਂ ਦੇ ਪੁਰਖਿਆਂ ਨੇ ਉਸ ਵੇਲੇ ਵੇਦਾਂ ਦੀ ਰਚਨਾ ਕਰ ਦਿੱਤੀ ਸੀ ਜਦੋਂ ਬਾਕੀ ਦੁਨੀਆ ਨੂੰ ਅਜੇ ਲਿਬਾਸ ਪਹਿਨਣ ਦੀ ਸੋਝੀ ਨਹੀਂ ਸੀ। ਇਸ ਕਰਕੇ ਇਹ ਗੱਲ ਬੜੇ ਮਾਣ ਨਾਲ ਕਹਿ ਸਕਦੇ ਹਾਂ ਕਿ ਸਾਡੇ ਵੱਡੇ-ਵਡੇਰੇ ਬੌਧਿਕ ਪੱਖੋਂ ਬਹੁਤ ਅਮੀਰ ਸਨ। ਅਫ਼ਸੋਸ ਦੀ ਗੱਲ ਇਹ ਹੈ ਕਿ ਅਸੀਂ ਆਪਣੀ ਵਿਦਵਤਾ ਭਰੀ ਵਿਰਾਸਤ ਨੂੰ ਸੰਭਾਲਣ ਤੇ ਇਸ ਦਾ ਲਾਭ ਲੈਣ 'ਚ ਬਹੁਤ ਘੱਟ ਰੁਚੀ ਦਿਖਾ ਰਹੇ ਹਾਂ। ਹੋਰ ਤਾਂ ਹੋਰ ਆਪਣੀ ਬੌਧਿਕ ਵਿਰਾਸਤ 'ਤੇ ਹੱਕ ਜਿਤਾਉਣ ਤੋਂ ਵੀ ਗੁਰੇਜ਼ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡੇ ਖਿੱਤੇ 'ਚ ਅਜਿਹੇ ਮਹਾਨ ਗ੍ਰੰਥ ਰਚੇ ਗਏ ਹਨ, ਜਿੰਨਾਂ ਤੋਂ ਅਨੇਕ ਗ੍ਰੰਥਾਂ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਅਸੀਂ ਆਪਣੇ ਬਹੁਤ ਸਾਰੇ ਅਜਿਹੇ ਗ੍ਰੰਥਾਂ ਤੋਂ ਅਣਜਾਣ ਹਾਂ, ਜਿੰਨਾਂ ਦਾ ਵਿਦੇਸ਼ੀ ਵਿਦਵਾਨਾਂ ਨੇ ਆਪਣੀਆਂ ਭਾਸ਼ਾਵਾਂ 'ਚ ਤਰਜ਼ਮਾ ਕਰਕੇ ਮੁੱਲ ਪਾਇਆ ਹੈ। ਉਨ੍ਹਾਂ ਕਿਹਾ ਕਿ ਅਸੀਂ ਗੁਰੂ ਨਾਨਕ ਦੇਵ ਜੀ ਵਰਗੇ ਦਾਨਿਸ਼ਵਰਾਂ ਦੇ ਵਾਰਿਸ ਹਾਂ ਜਿੰਨਾਂ ਨੇ ਹਮੇਸ਼ਾਂ ਆਪਣੇ ਨਾਲ ਕਲਮ, ਦਵਾਤ ਤੇ ਲਿਖਣ ਲਈ ਪੱਤਰੇ ਰੱਖੇ। ਪੁਸਤਕਾਂ ਪੜ੍ਹਨ ਬਾਰੇ ਉਨ੍ਹਾਂ ਕਿਹਾ ਕਿ ਕਿਤਾਬ ਇੱਕ ਅਜਿਹਾ ਖਜ਼ਾਨਾ ਹੁੰਦੀ ਹੈ ਜਿਸ ਦੀ ਸਿਰਜਣਾ ਇੱਕ ਵਿਦਵਾਨ ਵਿਅਕਤੀ ਬਹੁਤ ਸਾਰਾ ਗਿਆਨ ਇਕੱਠਾ ਕਰਕੇ ਕਰਦਾ ਹੈ। ਇਸ ਕਰਕੇ ਚੰਗੇ ਗੀਤ ਵਾਂਗ ਚੰਗੀ ਪੁਸਤਕ ਵਾਰ-ਵਾਰ ਪੜ੍ਹਨੀ ਚਾਹੀਦੀ ਹੈ ਜੋ ਸਾਨੂੰ ਜੀਵਨ ਜਾਚ ਸਿਖਾਉਂਦੀ ਹੈ।

ਅਖ਼ੀਰ 'ਚ ਪ੍ਰੋ. ਹਰਪਾਲ ਸਿੰਘ ਪੰਨੂ ਦਾ ਵਿਭਾਗੀ ਸ਼ਾਲ ਤੇ ਕਿਤਾਬਾਂ ਦੇ ਸੈੱਟ ਨਾਲ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵਿਭਾਗ ਦੀ ਵਧੀਕ ਡਾਇਰੈਕਟਰ ਚੰਦਨਦੀਪ ਕੌਰ, ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਜਸਪ੍ਰੀਤ ਕੌਰ, ਸੁਰਿੰਦਰ ਕੌਰ, ਇਸ ਮੌਕੇ ਪਦਮਸ਼੍ਰੀ ਪ੍ਰਾਣ ਸੱਭਰਵਾਲ, ਇੰਜੀ. ਜੋਤਿੰਦਰ ਸਿੰਘ, ਡਾ. ਕੁਲਦੀਪ ਸਿੰਘ, ਡਾ. ਮੰਜੂ ਮਿੱਢਾ ਅਰੋੜਾ, ਸ਼ਾਇਰ ਅਵਤਾਰਜੀਤ ਸਿੰਘ, ਅੰਮ੍ਰਿਤਪਾਲ ਸ਼ੈਦਾ, ਗੁਰਮੀਤ ਸਿੰਘ ਤੇ ਗਾਇਕ ਨੀਲੇ ਖਾਂ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

## ਬਿਸ਼ਨਗੜ੍ਹ 'ਚ ਕਾਂਗਰਸ ਦੀ ਅਹਿਮ ਬੈਠਕ, ਸਾਧੂ ਸਿੰਘ ਧਰਮਸੋਤ ਸਮੇਤ ਸੀਨੀਅਰ ਆਗੂਆਂ ਤੇ ਵਰਕਰਾਂ ਨੇ ਕੀਤੀ ਵਿਚਾਰ-ਵਟਾਂਦਰਾ



**ਨਾਭਾ, 3 ਸਤੰਬਰ**
**-ਹਰਸ਼ਪ੍ਰੀਤ ਕੌਰ-**

ਪਿੰਡ ਬਿਸ਼ਨਗੜ੍ਹ ਸੀਨੀਅਰ ਕਾਂਗਰਸੀ ਆਗੂ ਸਰਦਾਰ ਹਰਪ੍ਰੀਤ ਸਿੰਘ ਢੀਂਡਸਾ ਮੀਤ ਪ੍ਰਧਾਨ ਕਿਸਾਨ ਕਾਂਗਰਸ ਕਮੇਟੀ ਪੰਜਾਬ ਜੀ ਦੇ ਗ੍ਰਹਿ ਵਿਖੇ ਕਾਂਗਰਸ ਦੇ ਸੀਨੀਅਰ ਕਾਂਗਰਸ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਰਵਿੰਦਰ ਸਿੰਘ ਮੂੰਗੋ ਹਲਕਾ ਕੋਆਰਡੀਨੇਟਰ, ਜਸਪ੍ਰੀਤ ਸਿੰਘ ਢੀਂਡਸਾ,ਪ੍ਰਿਤਪਾਲ ਸਿੰਘ ਢੀਂਡਸਾ,ਪੱਪੀ ਬਿਰਧਨੋ, ਹਰਵਿੰਦਰ ਸਿੰਘ ਬਿੱਟੂ ਮੈਨੇਜਰ, ਅਮਨਦੀਪ ਸਿੰਘ ਲੱਕੀ ਢੀਂਡਸਾ, ਮਨਪ੍ਰੀਤ ਸਿੰਘ ਪ੍ਰਧਾਨ, ਗੁਰਜੀਤ ਸਿੰਘ, ਮੇਜਰ ਸਿੰਘ ਢੀਂਡਸਾ, ਗੁਰਜੀਤ ਦੰਦਰਾਲਾ, ਗੁਰਬਖਸ਼ ਸਿੰਘ , ਨੀਟਾ ਸ਼ਿਵਗੜ੍ਹ, ਇਸ ਮੌਕੇ ਹਾਜ਼ਰ ਸਨ।

## ਰਜਨੀਸ਼ ਭਾਟੀਆ ਬਣੇ ਮੋਰਿੰਡਾ ਰੋਟਰੀ ਕਲੱਬ ਦੇ ਪ੍ਰਧਾਨ




**ਮੋਰਿੰਡਾ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੋਟਰੀ ਕਲੱਬ ਮੋਰਿੰਡਾ ਦੇ 2026-27 ਅਹੁਦੇਦਾਰਾਂ ਦਾ ਉਦਘਾਟਨ ਸਮਾਰੋਹ ਆਰਚਿਡ ਹੋਟਲ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਾਬਕਾ ਰੋਟਰੀ ਗਵਰਨਰ ਡਾ. ਮਨਮੋਹਨ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਾਬਕਾ ਪ੍ਰਧਾਨ ਯਸ਼ ਸੂਦ ਨੇ ਆਪਣਾ ਲੋਗੋ ਅਤੇ ਜ਼ਿੰਮੇਵਾਰੀਆਂ ਨਵ-ਨਿਯੁਕਤ ਪ੍ਰਧਾਨ ਰਜਨੀਸ਼ ਭਾਟੀਆ ਅਤੇ ਸਕੱਤਰ ਮਨਜੀਤ ਸਿੰਘ ਭਾਟੀਆ ਨੂੰ ਸੌਂਪੀਆਂ। ਖਜ਼ਾਨਚੀ ਕਰਨਲ ਮਲਕੀਅਤ ਸਿੰਘ ਅਤੇ ਡਾ. ਨਿਰਮਲ ਧੀਮਾਨ ਨੇ ਸਟੇਜ ਸੰਭਾਲੀ ਅਤੇ ਪਿਛਲੇ ਸਾਲ ਦੇ ਕੰਮ ਦਾ ਸੰਖੇਪ ਜਾਣਕਾਰੀ ਪੇਸ਼ ਕੀਤੀ, ਜਿਸ ਲਈ ਕਲੱਬ ਨੂੰ ਸਨਮਾਨਿਤ ਕੀਤਾ ਗਿਆ। ਰਜਨੀਸ਼ ਭਾਟੀਆ ਨੇ ਆਉਣ ਵਾਲੇ ਸਾਲ ਦੇ ਪ੍ਰੋਜੈਕਟਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ, ਜਿਸ ਵਿੱਚ 17 ਸਤੰਬਰ ਨੂੰ ਹੋਣ ਵਾਲਾ ਖੂਨਦਾਨ ਕੈਂਪ ਵੀ ਸ਼ਾਮਲ ਹੈ। ਡਾ. ਮਨਮੋਹਨ ਸਿੰਘ ਨੇ ਵਾਤਾਵਰਣ ਅਤੇ ਪਾਣੀ ਪ੍ਰਦੂਸ਼ਣ ਦੇ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਰੋਟਰੀ ਕਲੱਬ ਮੋਰਿੰਡਾ ਦੇ ਸਾਰੇ ਅਹੁਦੇਦਾਰਾਂ ਨੂੰ ਨਵੀਂ ਟੈਕਨਾਲੋਜੀ ਦੀ ਵਰਤੋਂ ਕਰਨ ਅਤੇ ਛਾਂਦਾਰ ਅਤੇ ਫਲਦਾਰ ਰੁੱਖ ਲਗਾਉਣ ਦੀ ਅਪੀਲ ਕੀਤੀ। ਮਨਜੀਤ ਸਿੰਘ ਭਾਟੀਆ ਨੇ ਧੰਨਵਾਦ ਮਤਾ ਪੇਸ਼ ਕੀਤਾ।

ਰੋਟਰੀ ਕਲੱਬ ਮੋਰਿੰਡਾ ਦੇ ਸਾਰੇ ਅਹੁਦੇਦਾਰਾਂ ਦੇ ਪਰਿਵਾਰ ਵੀ ਮੌਜੂਦ ਸਨ। ਕੈਪਸ਼ਨ: ਸਾਲ 2026-27 ਲਈ ਰੋਟਰੀ ਕਲੱਬ ਆਫ਼ ਮੋਰੀਡਾ ਦੇ ਅਧਿਕਾਰੀਆਂ ਦਾ ਤਾਜਪੋਸ਼ੀ ਸਮਾਰੋਹ ਆਰਚਿਡ ਹੋਟਲ ਵਿਖੇ ਆਯੋਜਿਤ ਕੀਤਾ ਗਿਆ।

SEA DESIGN COMPANY
Customized and Designer



- Wedding Invitations
- Wedding Boxes & Cards
- Shagan Envelop
- Sahi Chithi

(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS

WORLDWIDE SHIPPING SERVICE

★ Business Cards
★ Flyers & Broucher
★ Poster
★ Books & Note Books
★ Diaries
★ Carry Bags

Opp. Gurudwara Dukhniwaran Sahib Srihind Road, Patiala

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੌਰਟੀਕਲਚਰ ਨਾਲਿਜ ਸੈਂਟਰ ਨੂੰ ਮਨਜ਼ੂਰੀ

**ਚੰਡੀਗੜ੍ਹ 3 ਸਤੰਬਰ**
**-ਛਤਰਪਾਲ ਸਿੰਘ--**



ਪੰਜਾਬ ਵਿੱਚ ਫ਼ਸਲੀ ਵਿਭਿੰਨਤਾ ਨੂੰ ਵੱਡੇ ਪੱਧਰ 'ਤੇ ਹੁਲਾਰਾ ਦੇਣ ਅਤੇ ਸੂਬੇ ਦੇ ਬਾਗ਼ਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਵੱਡੀ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ (ਜੇਆਈਸੀਏ) ਦੇ ਸਹਿਯੋਗ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਇੱਕ ਹੌਰਟੀਕਲਚਰ ਨਾਲਿਜ ਸੈਂਟਰ ਸਥਾਪਤ ਕਰਨ ਨੂੰ ਮਨਜ਼ੂਰੀ ਦਿੱਤੀ। ਇਹ ਪਹਿਲਕਦਮੀ 1300 ਕਰੋੜ ਰੁਪਏ ਦੇ ਪ੍ਰਾਜੈਕਟ ਦਾ ਹਿੱਸਾ ਹੈ, ਜਿਸ ਉਦੇਸ਼ ਬਾਗਬਾਨੀ ਦਾ ਵਿਸਥਾਰ ਕਰਨਾ, ਵੈਲਯੂ ਚੇਨ ਨੂੰ ਮਜ਼ਬੂਤ ਕਰਨਾ ਅਤੇ ਕਿਸਾਨਾਂ ਦੀ ਆਮਦਨ ਨੂੰ ਵਧਾਉਣਾ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਨੇ 2036 ਤੱਕ ਬਾਗ਼ਬਾਨੀ ਹੇਠਲੇ ਰਕਬੇ ਨੂੰ 16 ਲੱਖ ਹੈਕਟੇਅਰ ਤੱਕ ਵਧਾਉਣ ਦਾ ਟੀਚਾ ਰੱਖਿਆ ਹੈ।

ਬਾਗ਼ਬਾਨੀ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰਾਜੈਕਟ ਦਾ ਮੁੱਖ ਉਦੇਸ਼ ਬਾਗ਼ਬਾਨੀ ਹੇਠਲੇ ਰਕਬੇ ਦਾ ਵਿਸਥਾਰ ਅਤੇ ਮਜ਼ਬੂਤ ਵੈਲਯੂ ਚੇਨ ਬੁਨਿਆਦੀ ਢਾਂਚੇ ਰਾਹੀਂ ਬਾਗਬਾਨੀ ਫ਼ਸਲਾਂ ਨੂੰ ਉਤਸ਼ਾਹਿਤ ਕਰਨਾ ਹੈ। ਇਹ ਨਾ ਸਿਰਫ਼ ਫਸਲੀ ਵਿਭਿੰਨਤਾ ਲਿਆ ਕੇ ਕਿਸਾਨਾਂ ਦੀ ਆਮਦਨ ਵਧਾਏਗਾ, ਸਗੋਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਉਣ ਅਤੇ ਪਾਣੀ ਦੀ ਸੰਭਾਲ ਲਈ ਟਿਕਾਊ ਖੇਤੀਬਾੜੀ ਅਭਿਆਸਾਂ ਵੱਲ ਵੀ ਉਤਸ਼ਾਹਿਤ ਕਰੇਗਾ।"

ਮੁੱਖ ਮੰਤਰੀ ਨੇ ਕਿਹਾ, "ਪੰਜਾਬ ਵਿੱਚ ਇਸ ਸਮੇਂ 41.25 ਲੱਖ ਹੈਕਟੇਅਰ ਰਕਬਾ ਕਾਸ਼ਤ ਅਧੀਨ ਹੈ, ਜਿਸ ਵਿੱਚੋਂ 5.27 ਲੱਖ ਹੈਕਟੇਅਰ ਖੇਤਰ ਬਾਗਬਾਨੀ ਹੇਠ ਹੈ, ਜਿਸ ਦਾ ਉਤਪਾਦਨ 106.10 ਲੱਖ ਮੀਟ੍ਰਿਕ ਟਨ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬਾਗ਼ਬਾਨੀ ਵਿੱਚ ਫਲ, ਸਬਜ਼ੀਆਂ, ਮਸਾਲੇ ਅਤੇ ਖੁਸ਼ਬੂਦਾਰ ਪਦਾਰਥ, ਫੁੱਲ ਅਤੇ ਹੋਰ ਵਸਤਾਂ ਦੀ ਕਾਸ਼ਤ ਕੀਤੀ ਜਾਂਦੀ ਹੈ। ਇਸ ਵਿੱਚ ਮੁੱਖ ਫਲ ਕਿੰਨੂ ਅਤੇ ਅਮਰੂਦ ਹਨ, ਜਦੋਂ ਕਿ ਮੁੱਖ ਸਬਜ਼ੀਆਂ ਆਲੂ ਅਤੇ ਮਟਰ ਹਨ। ਇਸ ਤੋਂ ਇਲਾਵ ਮਧੂ-ਮੱਖੀ ਪਾਲਣ ਅਤੇ ਖੁੰਬਾਂ ਦੀ ਕਾਸ਼ਤਕਾਰੀ ਵੀ ਬਾਗ਼ਬਾਨੀ ਦਾ ਹੀ ਹਿੱਸਾ ਹੈ।

ਉਨ੍ਹਾਂ ਕਿਹਾ, ਬਾਗਬਾਨੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਜੇਆਈਸੀਏ ਦੇ ਸਹਿਯੋਗ ਵਾਲੇ ਇਸ 1300 ਕਰੋੜੀ ਪ੍ਰਾਜੈਕਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਪ੍ਰਾਜੈਕਟ ਵਿੱਚ ਮਸ਼ੀਨਰੀ, ਬੁਨਿਆਦੀ ਢਾਂਚੇ, ਮਾਰਕੀਟਿੰਗ, ਬੀਜ ਅਤੇ ਖੋਜ ਵਿੱਚ ਨਿਵੇਸ਼ ਦੀ ਸੰਭਾਵਨਾ ਹੈ, ਜਿਸ ਤਹਿਤ 2036 ਤੱਕ ਬਾਗਬਾਨੀ ਅਧੀਨ ਰਕਬਾ 16 ਲੱਖ ਹੈਕਟੇਅਰ ਤੱਕ ਵਧਾਇਆ ਜਾਣਾ ਹੈ, ਜੋ ਮੌਜੂਦਾ ਪੱਧਰ ਤੋਂ ਲਗਪਗ 300 ਫੀਸਦੀ ਵਾਧੇ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, ਸਾਡੀ ਮੁੱਖ ਤਰਜੀਹ ਇੱਕ ਟਿਕਾਊ ਬਾਗ਼ਬਾਨੀ ਵੈਲਯੂ ਚੇਨ ਵਿਕਸਤ ਕਰਨਾ, ਬਾਗ਼ਬਾਨੀ ਹੇਠਲੇ ਖੇਤਰ ਦਾ ਵਿਸਥਾਰ ਅਤੇ ਕਿਸਾਨਾਂ ਨੂੰ ਉਤਸ਼ਾਹਿਤ ਕਰਨਾ ਹੈ ਤਾਂ ਜੋ ਉੱਚ-ਗੁਣਵੱਤਾ ਤੇ ਲਾਹੇਵੰਦ ਬੂਟਿਆਂ ਨਾਲ ਨਰਸਰੀਆਂ ਦੀ ਵਿਭਿੰਨਤਾ ਅਤੇ ਸੁਧਾਰ ਨੂੰ ਹੁਲਾਰਾ ਦਿੱਤਾ ਜਾ ਸਕੇ। ਇਸ ਦੇ ਨਾਲ ਹੀ ਵਾਢੀ ਤੋਂ ਬਾਅਦ ਪ੍ਰਬੰਧਨ ਬੁਨਿਆਦੀ ਢਾਂਚੇ ਦੇ ਵਿਕਾਸ, ਮਾਰਕੀਟ ਪਹੁੰਚ ਵਿੱਚ ਸੁਧਾਰ, ਵਿਸਥਾਰ ਸੇਵਾਵਾਂ ਨੂੰ ਮਜ਼ਬੂਤ ਕਰਨ, ਤਕਨੀਕੀ ਸਹਾਇਤਾ ਪ੍ਰਣਾਲੀ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੌਰਟੀਕਲਚਰ ਨਾਲਿਜ ਸੈਂਟਰ ਵਿਆਪਕ ਤੇ ਅਹਿਮ ਪਹਿਲਕਦਮੀ ਹੈ, ਜੋ ਖੋਜ, ਤਕਨੀਕੀ ਗਿਆਨ, ਸਮਰੱਥਾ ਨਿਰਮਾਣ ਅਤੇ ਨਵੀਨਤਮ ਬਾਗ਼ਬਾਨੀ ਅਭਿਆਸਾਂ ਨੂੰ ਅਪਣਾਉਣ ਲਈ ਸੰਸਥਾਗਤ ਸਹਾਇਤਾ ਮੁਹੱਈਆ ਕਰੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਹਿਲਕਦਮੀ ਨਾਲ ਵਧੀਆ ਬੂਟੇ ਅਤੇ ਕਾਸ਼ਤ ਤੋਂ ਲੈ ਕੇ ਵਾਢੀ ਤੋਂ ਬਾਅਦ ਦੇ ਪ੍ਰਬੰਧਨ, ਮਾਰਕੀਟਿੰਗ ਅਤੇ ਮਾਰਕੀਟ ਪਹੁੰਚ ਤੱਕ ਸਮੁੱਚੇ ਬਾਗ਼ਬਾਨੀ ਮਾਹੌਲ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ, ਜਿਸ ਨਾਲ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਦਿਆਂ ਕਿਸਾਨਾਂ ਦੀ ਆਰਥਿਕਤਾ ਨੂੰ ਹੋਰ ਬਿਹਤਰ ਬਣਾਉਣ ਲਈ ਢੁਕਵੇਂ ਮੌਕੇ ਪੈਦਾ ਹੋਣਗੇ।"

ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਖੇਤੀਬਾੜੀ ਵਿਭਾਗ ਦੇ ਸਕੱਤਰ ਅਰਸ਼ਦੀਪ ਸਿੰਘ ਥਿੰਦ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਸਰਕਾਰੀ ਕਾਲਜ ਮਾਛੀਵਾੜਾ ਦੀ ਦਮਨਪ੍ਰੀਤ ਕੌਰ ਬਣੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਪੁਜੀਸ਼ਨ ਹੋਲਡਰ



**ਮਾਛੀਵਾੜਾ ਸਾਹਿਬ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਰਕਾਰੀ ਕਾਲਜ ਮਾਛੀਵਾੜਾ ਪ੍ਰਿੰਸੀਪਲ ਨੰਦਿਨੀ ਵੈਦ ਦੀ ਯੋਗ ਅਗਵਾਈ ਹੇਠ ਕਾਲਜ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿੱਤਾ-ਮੁੱਖੀ ਉਚੇਰੀ ਸਿੱਖਿਆ ਦੇਣਾ ਹੈ।ਪੰਜਾਬ ਯੂਨਵਰਸਿਟੀ,ਚੰਡੀਗੜ ਦੇ ਐਲਾਨੇ ਨਤੀਜਿਆਂ ਅਨੁਸਾਰ ਸਰਕਾਰੀ ਕਾਲਜ ਮਾਛੀਵਾੜਾ ਦੇ ਬੀ.ਬੀ.ਏ. ਵਿਭਾਗ ਦਾ ਨਤੀਜਾ ਸ਼ਾਨਦਾਰ ਰਿਹਾ। ਪੰਜਾਬ ਯੂਨੀਵਰਸਿਟੀ,ਚੰਡੀਗੜ੍ਹ ਦੇ ਐਲਾਨੇ ਚੌਥੇ ਸਮੈਸਟਰ ਦੇ ਨਤੀਜਿਆਂ ਦੌਰਾਨ ਬੀ.ਬੀ.ਏ. ਵਿਭਾਗ ਦੀ ਵਿਦਿਆਰਥਣ ਦਮਨਪ੍ਰੀਤ ਕੌਰ ਨੇ 8 08 ਅੰਕਾਂ ਨਾਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚੋਂ ਪਹਿਲਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਅਨਮੋਲਦੀਪ ਕੌਰ ਨੇ 7.08 ਅੰਕ ਲੈਣ ਕੇ ਯੂਨੀਵਰਸਿਟੀ ਚੰਡੀਗੜ੍ਹ 'ਚੋਂ ਪੰਜਵਾ ਸਥਾਨ ਹਾਸਿਲ ਕੀਤਾ। ਜਸ਼ਨਦੀਪ ਕੌਰ ਨੇ 6 75 ਅੰਕਾਂ ਨਾਲ ਕਾਲਜ ਵਿਚੋਂ ਤੀਸਰੀ ਪੁਜੀਸ਼ਨ ਹਾਸਿਲ ਕੀਤੀ।

ਪ੍ਰਿੰਸੀਪਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਵਾਇਸ ਪ੍ਰਿੰਸੀਪਲ ਸਹਾਇਕ ਪ੍ਰੋਫ਼ੈਸਰ ਪਰਦੀਪ ਸਿੰਘ ਨੇ ਬੀ.ਬੀ.ਏ. ਵਿਭਾਗ ਦੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ। ਵਿਭਾਗ ਦੇ ਮੁੱਖੀ ਸਹਾਇਕ ਪ੍ਰੋਫ਼ੈਸਰ ਅਜੈ ਕੁਮਾਰ ਨੇ ਕਿਹਾ ਕਿ ਵਿਭਾਗ ਭਵਿੱਖ ਵਿਚ ਵੀ ਸ਼ਾਨਦਾਰ ਨਤੀਜਿਆਂ ਲਈ ਪ੍ਰਤੀਬੱਧ ਹੈ।ਇਸ ਸਮੇਂ ਸਹਾਇਕ ਪ੍ਰੋਫ਼ੈਸਰ ਅਮਰੀਸ਼ ਖੁੱਲਰ, ਸਹਾਇਕ ਪ੍ਰੋਫ਼ੈਸਰ ਡਾ.ਕਮਲਜੀਤ ਕੌਰ ਬਾਂਗਾ, ਸਹਾਇਕ ਪ੍ਰੋਫ਼ੈਸਰ ਬੰਗੇਰਾ ਰੁਪਿੰਦਰ ਕੌਰ,ਸਹਾਇਕ ਪ੍ਰੋਫ਼ੈਸਰ ਅਮਨਦੀਪ ਕੌਰ ਅਤੇ ਦੇ ਅਧੀਨ ਬੀ.ਬੀ.ਏ. ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਸੁਨੀਲ ਕੁਮਾਰ ,ਸਹਾਇਕ ਪ੍ਰੋਫ਼ੈਸਰ ਗੁਰਪ੍ਰੀਤ ਕੌਰ ਅਤੇ ਸਹਾਇਕ ਪ੍ਰੋਫ਼ੈਸਰ ਅਮਨਦੀਪ ਕੌਰ ਵੀ ਹਾਜ਼ਿਰ ਸਨ।

# ਸਾਉਣੀ ਸੀਜ਼ਨ ਵਿੱਚ ਝੋਨੇ ਦੀ ਸੁਚਾਰੂ ਤੇ ਨਿਰਵਿਘਨ ਖ਼ਰੀਦ ਲਈ ਪੰਜਾਬ ਤਿਆਰ-ਬਰ-ਤਿਆਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਨੇ ਆਉਣ ਵਾਲੇ ਸਾਉਣੀ ਮਾਰਕੀਟਿੰਗ ਸੀਜ਼ਨ 2026-27 ਦੌਰਾਨ ਝੋਨੇ ਦੀ ਸੁਚਾਰੂ, ਨਿਰਵਿਘਨ ਅਤੇ ਸਮੇਂ-ਸਿਰ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਹਨ। ਇਸੇ ਉਦੇਸ਼ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਖ਼ਰੀਦ ਏਜੰਸੀਆਂ ਨੂੰ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਖ਼ੂਨ-ਪਸੀਨੇ ਅਤੇ ਮਿਹਨਤ ਨਾਲ ਪੈਦਾ ਕੀਤੇ ਝੋਨੇ ਦੇ ਇੱਕ-ਇੱਕ ਦਾਣੇ ਨੂੰ ਬਿਨਾਂ ਕਿਸੇ ਦੇਰੀ ਤੋਂ ਖਰੀਦਿਆ ਅਤੇ ਚੁੱਕਿਆ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਉਣ ਵਾਲੇ ਖ਼ਰੀਦ ਸੀਜ਼ਨ ਦੌਰਾਨ 5.09 ਲੱਖ ਬਾਰਦਾਨੇ ਦੀ ਲੋੜ ਹੋਵੇਗੀ ਅਤੇ ਇਸ ਦੀ ਉਪਲਬਧਤਾ ਲਈ ਪ੍ਰਬੰਧ ਪਹਿਲਾਂ ਹੀ ਕਰ ਲਏ ਗਏ ਹਨ। ਲੋੜੀਂਦੇ ਬਾਰਦਾਨੇ ਦਾ ਸਮੇਂ ਸਿਰ ਪ੍ਰਬੰਧ ਕੀਤਾ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖ਼ਰੀਦ ਦੌਰਾਨ ਝੋਨੇ ਦੀ ਭਰਾਈ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ, ਸੂਬਾ ਸਰਕਾਰ ਵੱਲੋਂ ਕੈਸ਼ ਕ੍ਰੈਡਿਟ ਲਿਮਟ (ਸੀ.ਸੀ.ਐਲ.) ਲਈ ਪਹਿਲਾਂ ਹੀ ਆਰ.ਬੀ.ਆਈ. ਨੂੰ ਪ੍ਰਸਤਾਵ ਭੇਜ ਦਿੱਤਾ ਗਿਆ ਹੈ। ਅਸੀਂ ਭਾਰਤੀ ਸਟੇਟ ਸਟੇਟ ਬੈਂਕ ਅਤੇ ਆਰ.ਬੀ.ਆਈ. ਨਾਲ ਲਗਾਤਾਰ ਪੈਰਵੀ ਕਰ ਰਹੇ ਹਾਂ ਅਤੇ ਸੀ.ਸੀ.ਐਲ. ਨੂੰ ਜਲਦ ਹੀ ਮਿਲਣ ਦੀ ਸੰਭਾਵਨਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ 2026-27 ਦੇ ਸੀਜ਼ਨ ਦੌਰਾਨ ਪੰਜਾਬ ਵਿੱਚ ਲਗਪਗ 180 ਲੱਖ ਮੀਟ੍ਰਿਕ ਟਨ ਝੋਨਾ ਆਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ, ਸੀਪੀ, ਐਸਐਸਪੀ, ਮੰਡੀ ਬੋਰਡ ਅਤੇ ਪੁਲਿਸ ਵਿਭਾਗ ਨੂੰ ਸਖ਼ਤ ਨਿਗਰਾਨੀ ਰੱਖਣ ਅਤੇ ਦੂਜੇ ਰਾਜਾਂ ਤੋਂ ਪੰਜਾਬ ਵਿੱਚ ਝੋਨੇ ਦੀ ਆਮਦ ਨੂੰ ਪ੍ਰਭਾਵੀ ਢੰਗ ਨਾਲ ਰੋਕਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ, ਪਿਛਲੇ ਚਾਰ ਸਾਲਾਂ ਦੌਰਾਨ ਕਿਸਾਨਾਂ ਨੂੰ ਆਪਣਾ ਅਨਾਜ ਵੇਚਣ ਵਿੱਚ ਕਦੇ ਵੀ ਕੋਈ ਮੁਸ਼ਕਲ ਪੇਸ਼ ਨਹੀਂ ਆਈ ਅਤੇ ਇਸੇ ਅਮਲ ਨੂੰ ਬਰਕਰਾਰ ਰੱਖਿਆ ਜਾਵੇਗਾ। ਜ਼ਿਕਰਯੋਗ ਹੈ ਕਿ ਨਾ ਸਿਰਫ਼ ਸੁਚਾਰੂ, ਨਿਰਵਿਘਨ ਅਤੇ ਸਮੇਂ ਸਿਰ ਖ਼ਰੀਦ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ, ਸਗੋਂ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਸਮੇਂ ਸਿਰ ਭੁਗਤਾਨ ਵੀ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਵੇਚਣ ਵਿੱਚ ਖੱਜਲ-ਖੁਆਰ ਨਾ ਹੋਣਾ ਪਵੇ।



ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੂਰੀ ਖਰੀਦ ਪ੍ਰਕਿਰਿਆ ਨੂੰ ਨਿਰਵਿਘਨ ਅਤੇ ਕਿਸਾਨ-ਪੱਖੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ, ਪੰਜਾਬੀ ਕਿਸਾਨਾਂ ਵੱਲੋਂ ਮਿਹਨਤ ਨਾਲ ਪੈਦਾ ਕੀਤੇ ਅਨਾਜ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਜੇਕਰ ਕਿਸੇ ਕਿਸਾਨ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਆਉਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।"

ਸੂਬੇ ਦੀਆਂ ਖ਼ਰੀਦ ਏਜੰਸੀਆਂ ਨੂੰ ਆਉਣ ਵਾਲੇ ਸੀਜ਼ਨ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਸਰਕਾਰ ਹਰ ਪੱਧਰ 'ਤੇ ਪੁਖ਼ਤਾ ਖ਼ਰੀਦ ਪ੍ਰਬੰਧ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੁੱਖ ਮੰਤਰੀ ਨੇ ਕਿਹਾ, ਮੈਂ ਨਿੱਜੀ ਤੌਰ 'ਤੇ ਪੂਰੀ ਖ਼ਰੀਦ ਪ੍ਰਕਿਰਿਆ ਦੀ ਨਿਗਰਾਨੀ ਕਰਾਂਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਨਾ ਹੋਵੇ।

ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਪ੍ਰਮੁੱਖ ਸਕੱਤਰ ਖੁਰਾਕ ਅਤੇ ਸਿਵਲ ਸਪਲਾਈ ਰਾਹੁਲ ਤਿਵਾੜੀ, ਖੁਰਾਕ ਅਤੇ ਸਿਵਲ ਸਪਲਾਈ ਦੇ ਡਾਇਰੈਕਟਰ ਵਰਿੰਦਰ ਸ਼ਰਮਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# 6 ਸਤੰਬਰ ਨੂੰ ਜ਼ਿਲ੍ਹੇ ਦੇ ਸਾਰੇ 1997 ਪੋਲਿੰਗ ਸਟੇਸ਼ਨਾਂ 'ਤੇ ਲਗਾਏ ਜਾਣਗੇ ਵਿਸ਼ੇਸ਼ ਕੈਂਪ

**ਜਲੰਧਰ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ)-2026 ਦਾ ਮਹੱਤਵਪੂਰਣ ਕੰਮ ਚੱਲ ਰਿਹਾ ਹੈ। ਇਸ ਤਹਿਤ 13 ਅਗਸਤ 2026 ਨੂੰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਢਲੀ ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ 12 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ। ਵੋਟਰ ਆਪਣੇ ਦਾਅਵੇ ਅਤੇ ਇਤਰਾਜ਼ ਸਬੰਧੀ ਫਾਰਮ ਨੰਬਰ 6, 6-ਏ ਅਤੇ 8 ਆਨਲਾਈਨ www.voters.eci.gov.in ਅਤੇ Voter Helpline App ਰਾਹੀਂ ਜਾਂ ਆਫ਼ਲਾਈਨ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ (ਈ.ਆਰ.ਓ.) ਅਤੇ ਬੀ.ਐਲ.ਓ. ਕੋਲ ਜਮ੍ਹਾ ਕਰਵਾ ਸਕਦੇ ਹਨ।

ੀ ਵਾਲੀਆ ਨੇ ਅੱਗੇ ਦੱਸਿਆ ਕਿ ਐਸ.ਆਈ.ਆਰ.-2026 ਤਹਿਤ ਆਮ ਲੋਕਾਂ ਅਤੇ ਵੋਟਰਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ 6 ਸਤੰਬਰ 2026, ਦਿਨ ਐਤਵਾਰ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ 1997 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੀ.ਐਲ.ਓ. ਆਪੋ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ, ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਕੇ ਇਸ ਵਿਸ਼ੇਸ਼ ਕੈਂਪ ਦਾ ਲਾਭ ਲੈਣ।

# ਫੋਰਟਿਸ ਹਸਪਤਾਲ, ਮੋਹਾਲੀ ਵਿਖੇ ਹੈਲਦੀ ਟਿਫ਼ਿਨ ਮੁਕਾਬਲੇ ਵਿੱਚ ਏਂਜਲਸ ਵਰਲਡ ਸਕੂਲ ਨੇ ਹਾਸਲ ਕੀਤਾ ਦੂਜਾ ਸਥਾਨ

**ਮੋਰਿੰਡਾ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫੋਰਟਿਸ ਹਸਪਤਾਲ, ਮੋਹਾਲੀ ਵੱਲੋਂ ਡਾਕਟਰ ਸੋਨੀਆ ਗਾਂਧੀ ਦੀ ਅਗਵਾਈ ਹੇਠ ਟ੍ਰਾਈਸਿਟੀ ਦੇ ਸਕੂਲੀ ਵਿਦਿਆਰਥੀਆਂ ਲਈ 'ਹੈਲਦੀ ਟਿਫ਼ਿਨ ਮੁਕਾਬਲੇ' ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਟ੍ਰਾਈਸਿਟੀ ਦੇ ਕੁੱਲ 12 ਸਕੂਲਾਂ ਨੇ ਉਤਸ਼ਾਹ ਨਾਲ ਭਾਗ ਲਿਆ।




ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਜਾਗਰੂਕ ਕਰਨਾ ਅਤੇ ਰੋਜ਼ਾਨਾ ਜੀਵਨ ਵਿੱਚ ਪੌਸ਼ਟਿਕ ਤੇ ਸੰਤੁਲਿਤ ਭੋਜਨ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਏਂਜਲਸ ਵਰਲਡ ਸਕੂਲ, ਮੋਰਿੰਡਾ ਦੇ ਵਿਦਿਆਰਥੀਆਂ ਨੇ ਵੀ ਇਸ ਮੁਕਾਬਲੇ ਵਿੱਚ ਬੜੇ ਉਤਸ਼ਾਹ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲੈਂਦਿਆਂ 12 ਸਕੂਲਾਂ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਵੱਲੋਂ ਛੋਲੇ ਚਾਟ, ਕਬਾਬ, ਉੱਤਪਮ, ਰਾਜਮਾ- ਚਾਵਲ ਸਮੇਤ ਕਈ ਤਰ੍ਹਾਂ ਦੇ ਸੁਆਦਲੇ, ਸਿਹਤਮੰਦ ਅਤੇ ਪੌਸ਼ਟਿਕ ਪਕਵਾਨ ਤਿਆਰ ਕਰਕੇ ਬੜੇ ਸੁਚੱਜੇ ਅਤੇ ਆਕਰਸ਼ਕ ਢੰਗ ਨਾਲ ਪੇਸ਼ ਕੀਤੇ ਗਏ। ਸਾਰੇ ਵਿਦਿਆਰਥੀਆਂ ਨੂੰ ਪਾਰਟੀਸਪੇਸ਼ਨ ਸਰਟੀਫਿਕੇਟ ਵੀ ਦਿੱਤੇ ਗਏ।

ਇਸ ਮੁਕਾਬਲੇ ਦੌਰਾਨ ਵਿਦਿਆਰਥੀਆਂ ਨੂੰ ਭੋਜਨ ਦੇ ਪੌਸ਼ਟਿਕ ਤੱਤਾਂ, ਸੰਤੁਲਿਤ ਆਹਾਰ ਦੀ ਮਹੱਤਤਾ ਅਤੇ ਸਿਹਤਮੰਦ ਜੀਵਨ-ਸ਼ੈਲੀ ਬਾਰੇ ਵਿਹਾਰਕ ਜਾਣਕਾਰੀ ਪ੍ਰਾਪਤ ਹੋਈ। ਉਨ੍ਹਾਂ ਨੇ ਇਹ ਵੀ ਸਿੱਖਿਆ ਕਿ ਰੋਜ਼ਾਨਾ ਖੁਰਾਕ ਵਿੱਚ ਪੌਸ਼ਟਿਕ ਭੋਜਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਜੰਕ ਫੂਡ ਤੇ ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਵਿਦਿਆਰਥੀਆਂ ਨੇ ਆਪਣੇ ਪਕਵਾਨਾਂ ਦੀ ਪੇਸ਼ਕਾਰੀ ਪੂਰੇ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਸੁਚੱਜੇ ਢੰਗ ਨਾਲ ਕੀਤੀ। ਉਨ੍ਹਾਂ ਦੀ ਮਿਹਨਤ, ਲਗਨ ਅਤੇ ਸਮਰਪਣ ਸਦਕਾ ਸਕੂਲ ਨੇ ਇਹ ਮਾਣਮੱਤੀ ਉਪਲਬਧੀ ਹਾਸਲ ਕੀਤੀ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਦੀਪਿਕਾ ਸ਼ਰਮਾ ਜੀ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਿਹਤਮੰਦ ਭੋਜਨ ਬੱਚਿਆਂ ਦੀ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਉਨ੍ਹਾਂ ਦੇ ਮਾਨਸਿਕ ਵਿਕਾਸ, ਇਕਾਗਰਤਾ ਅਤੇ ਸਿੱਖਣ ਦੀ ਸਮਰੱਥਾ ਲਈ ਵੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਦੇ ਨਾਲ-ਨਾਲ ਆਪਣੀ ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਨੂੰ ਪ੍ਰਗਟ ਕਰਨ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ। ਪ੍ਰਿੰਸੀਪਲ ਸਾਹਿਬ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ 12 ਸਕੂਲਾਂ ਵਿੱਚੋਂ ਦੂਜਾ ਸਥਾਨ ਹਾਸਲ ਕਰਨਾ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਸਮਰਪਣ ਦਾ ਪ੍ਰਮਾਣ ਹੈ। ਉਨ੍ਹਾਂ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਸਿਹਤਮੰਦ, ਰਚਨਾਤਮਕ ਅਤੇ ਗਿਆਨਵਰਧਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਇਹ ਸ਼ਾਨਦਾਰ ਉਪਲਬਧੀ ਏਂਜਲਸ ਵਰਲਡ ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਲਈ ਮਾਣ ਦਾ ਪਲ ਬਣੀ ਅਤੇ ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਇੱਕ ਯਾਦਗਾਰ ਤੇ ਗਿਆਨਵਰਧਕ ਅਨੁਭਵ ਪ੍ਰਦਾਨ ਕੀਤਾ।

# ਭਾਜਪਾ ਹਾਈਕਮਾਂਡ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਜਿੱਤਣ ਲਈ ਮਾਸਟਰ ਪਲਾਨ ਤਿਆਰ : ਖੱਟੜਾ

**ਪਟਿਆਲਾ, 3 ਸਤੰਬਰ**
**-ਬਲਜੀਤ ਸਰਨਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੀ ਸਿਰਮੌਰ ਸਮਾਜ ਸੇਵੀ ਸੰਸਥਾ ਦੀ ਪਟਿਆਲਾ ਵੈਲਫੇਅਰ ਸੁਸਾਇਟੀ ਦੀ ਅਹਿਮ ਮੀਟਿੰਗ ਐਡਵੋਕੇਟ ਸਤਬੀਰ ਸਿੰਘ ਖੱਟੜਾ ਦੀ ਅਗਵਾਈ ਹੇਠ ਹੋਈ। ਜਿਥੇ ਸਮਾਜ ਸੇਵਾ ਦੇ ਕਾਰਜਾਂ 'ਤੇ ਵਿਚਾਰ ਚਰਚਾ ਕੀਤੀ ਗਈ, ਉਥੇ ਹੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸੰਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਉਨ੍ਹਾਂ ਵਰਕਰਾਂ ਨੂੰ ਦਿਹਾਤੀ ਹਲਕਾ ਵਿਚ ਹੁਣ ਤੋਂ ਹੀ ਡੱਟ ਜਾਣ ਲਈ ਕਿਹਾ। ਉਨ੍ਹਾਂ ਕਿਹਾ ਕਿ ਭਾਜਪਾ ਹਾਈਕਮਾਂਡ ਕਿਸੀ ਵੀ ਕੀਮਤ ਉਤੇ ਪੰਜਾਬ ਵਿੱਚ ਢਿੱਲ ਵਰਤਣ ਦੇ ਰੌਂਅ ਵਿਚ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਮੈ ਭਾਜਪਾ ਵਿੱਚ ਕੁਝ ਸਮਾਂ ਪਹਿਲੇ ਜੁਆਇੰਨ ਕੀਤੀ ਹੁੰਦੀ ਤਾਂ ਮਹਾਰਾਣੀ ਪਰਨੀਤ ਕੌਰ ਅੱਜ ਕੇਂਦਰ ਸਰਕਾਰ ਵਿਚ ਸੀਨੀਅਰ ਮੰਤਰੀ ਪਦ ਉਤੇ ਹੁੰਦੀ ਕਿਉਕਿ ਉਨਾਂ ਨੂੰ ਪਟਿਆਲਾ ਦਿਹਾਤੀ ਵਿਚ ਨਾ ਮਾਤਰ ਵੋਟਾਂ ਮਿਲੀਆਂ। ਇਸ ਮੌਕੇ ਬੋਲਦਿਆਂ ਸੁਸਾਇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸਾਰੀ ਪੁਰਾਣੀ ਟੀਮ ਮੀਟਿੰਗ ਵਿਚ ਮੌਜੂਦ ਸੀ। ਇਥੇ ਸਮੁੱਚੇ ਪੁਰਾਣੇ ਵਰਕਰਾਂ ਤੇ ਆਗੂਆਂ ਨੇ ਐਡਵੋਕੇਟ ਖੱਟੜਾ ਨੂੰ ਪਟਿਆਲਾ ਦਿਹਾਤੀ ਹਲਕੇ ਤੋਂ ਵਿਧਾਨ ਸਭਾ ਚੋਣਾਂ ਵਿਚ ਜਿਤਾਉਣ ਲਈ ਕਮਰ ਕਸ ਲਈ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੋਟਾਂ ਚੇਹਰੇ ਦੇਖ ਕੇ ਵੀ ਵੋਟਾਂ ਪੈਣਗੀਆਂ। ਲੋਕ ਇਹ ਦੇਖ ਕੇ ਵੋਟਾਂ ਪਾਉਣਗੇ ਕਿ ਕਿਹੜਾ ਉਮੀਦਵਾਰ ਉਨ੍ਹਾਂ ਦੇ ਦੁੱਖ ਸੁੱਖ ਸਾਥ ਦੇ ਸਕਦਾ ਹੈ। ਇਸ ਮੌਕੇ ਜਥੇਦਾਰ ਅਮਰੀਕ ਸਿੰਘ ਲੰਗ ਨੇ ਆਪਣੇ ਪ੍ਰਭਾਵ ਸ਼ਾਲੀ ਸੰਬੋਧਨ ਵਿਚ ਕਿਹਾ ਕੇ ਪੰਜਾਬ ਦੇ ਵਪਾਰੀ ਤਰਾਹ ਤਰਾਹ ਕਰ ਰਹੇ ਹਨ ਜਦੋਂ ਕਿ ਹੋਰ ਸੂਬੇ ਵਾਪਰੀਆਂ ਨੂੰ ਹਰ ਪੱਖੋਂ ਸੰਤੁਸ਼ਟ ਕਰ ਰਹੇ ਹਨ ਉਨਾਂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਵਿੱਚੋਂ ਗਰੀਬੀ ਚੁੱਕਣ ਲਈ ਪੰਜਾਬ ਵਿੱਚ ਭਾਜਪਾਂ ਦੀ ਅਗਵਾਈ ਵਾਲੀ ਡਬਲ ਇੰਜਣ ਦੀ ਸਰਕਾਰ ਬਣਾਈ ਜਾਵੇ। ਇਸ ਮੌਕੇ ਸੂਬੇਦਾਰ ਗੁਰਨਾਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਤਕ ਦੀ ਸਭ ਤੋਂ ਜਾਲਮ ਸਰਕਾਰ ਸਾਬਿਤ ਹੋਈ ਹੈ।



# 70ਵੇਂ ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਤਾਈਕਵਾਂਡੋ ਮੁਕਾਬਲੇ ਕਰਵਾਏ ਗਏ



**ਪਟਿਆਲਾ, 3 ਸਤੰਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਦੇ ਤਾਈਕਵਾਂਡੋ ਦੇ ਮੁਕਾਬਲੇ ਪੀ.ਐੱਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਮਲਟੀਪਰਪਜ਼ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਗਏ।

ਅੰਡਰ 14 ਦੇ ਮੁਕਾਬਲਿਆਂ ਵਿੱਚ -41 ਭੁਪਿੰਦਰ ਸਿੰਘ ਪਟਿ- ਨੇ ਗੋਲਡ,-18 ਵੀਵਾਨ ਸੈਣੀ ਪਟਿ-3 ਜੋਨ ਨੇ ਗੋਲਡ,-38 ਅਰਨਵ ਸ਼ਰਮਾ ਪਟਿ-2 ਜੋਨ ਨੇ ਗੋਲਡ,-21 ਸੁਖਵੀਰ ਸਿੰਘ ਭੁੰਨਰਹੇੜੀ ਜੋਨ ਨੇ ਗੋਲਡ, -29 ਰੋਹਿਤ ਗਿਰੀ ਨੇ ਗੋਲਡ,ਅੰਡਰ 17 ਦੇ ਮੁਕਾਬਲਿਆਂ ਵਿੱਚ -38 ਅੰਮ੍ਰਿਤ ਮਲਿਕ ਭੁੰਨਰਹੇੜੀ ਜੋਨ ਨੇ ਗੋਲਡ, -41 ਖੁਸ਼ਪ੍ਰੀਤ ਸਿੰਘ ਰਾਜਪੁਰਾ ਜੋਨ ਨੇ ਗੋਲਡ ਅਤੇ-35 ਨਰੇਸ਼ ਕੁਮਾਰ ਰਾਜਪੁਰਾ ਜੋਨ ਨੇ ਗੋਲਡ ਜਿੱਤਿਆ।ਅੰਗਰੇਜ਼ ਸ਼ਰਮਾ ਅਤੇ ਹਰੀਸ਼ ਕੁਮਾਰ ਰਾਵਤ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਮੋਹਿਤ ਕੁਮਾਰ ਡੀਪੀਈ (ਕਨਵੀਨਰ), ਬੁੱਧ ਰਾਮ,ਹਰਪ੍ਰੀਤ ਸਿੰਘ, ਇੰਦਰ ਕੋਚ,ਅਭਿਨਵ ਕੋਚ, ਸੁਰਿੰਦਰ ਪਾਲ ਸਿੰਘ ਡੀਪੀਈ,ਅਨਮੋਲ ਕੋਚ,ਰਕੇਸ਼ ਕੁਮਾਰ ਕੋਚ, ਸਿਮਰਨ ਕੋਚ,ਪਵਨ ਸਿੰਗਲਾ,ਇੰਦਰ ਕੁਮਾਰ ਕੋਚ,ਹਰਦੀਪ ਕੁਮਾਰ ਕੋਚ,ਨੀਰਜ ਪਾਠਕ ਕੋਚ, ਮਨਦੀਪ ਕੌਰ,ਪਰਤੋਸ਼ ਗੋਰੀ ਕੋਚ,ਅਜਮੇਰ ਸਿੰਘ,ਰਾਕੇਸ਼ ਕੁਮਾਰ ਲਚਕਾਣੀ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਮਜੀਠੀਆ ਪਹਿਲਾਂ ਆਪਣੀ ਅਥਾਹ ਦੌਲਤ ਦਾ ਹਿਸਾਬ ਦੇਵੇ, ਫਿਰ ਦੂਜਿਆਂ 'ਤੇ ਉਂਗਲ ਚੁੱਕੇ: ਬਲਤੇਜ ਸਿੰਘ ਪੰਨੂ

**ਪਟਿਆਲਾ, 3 ਸਤੰਬਰ**
**-ਛਤਰਪਾਲ ਸਿੰਘ-**

ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਲਗਾਏ ਜਾ ਰਹੇ ਦੋਸ਼ਾਂ ਦਾ ਜਵਾਬ ਦਿੰਦਿਆਂ ਤਿੱਖਾ ਹਮਲਾ ਬੋਲਿਆ ਹੈ। ਪੰਨੂ ਨੇ ਮਜੀਠੀਆ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਦੂਸਰਿਆਂ ਵੱਲ ਉਂਗਲ ਚੁੱਕਣ ਵਾਲੇ ਆਗੂ ਨੂੰ ਪਹਿਲਾਂ ਖੁਦ ਆਪਣੀ ਅਥਾਹ ਜਾਇਦਾਦ ਬਾਰੇ ਜਨਤਾ ਨੂੰ ਜਵਾਬ ਦੇਣਾ ਚਾਹੀਦਾ ਹੈ।

ਪਟਿਆਲਾ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਬਲਤੇਜ ਪੰਨੂ ਨੇ ਸਵਾਲ ਕਰਦਿਆਂ ਕਿਹਾ ਕਿ ਜਿਸ ਵਿਅਕਤੀ ਕੋਲ ਕਦੇ ਸਿਰਫ਼ ਇੱਕ ਹਰੇ ਰੰਗ ਦੀ ਕੁਆਲਿਸ ਗੱਡੀ ਹੁੰਦੀ ਸੀ, ਅੱਜ ਉਸ ਕੋਲ ਇੰਨੀ ਬੇਸ਼ੁਮਾਰ ਜਾਇਦਾਦ ਕਿੱਥੋਂ ਅਤੇ ਕਿਵੇਂ ਆ ਗਈ? ਉਨ੍ਹਾਂ ਅਕਾਲੀ ਦਲ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਹਨਾਂ ਆਗੂਆਂ ਨੇ ਪੰਜਾਬ ਨੂੰ ਕਰਜ਼ੇ ਦੀ ਦਲਦਲ ਵਿੱਚ ਧੱਕ ਕੇ ਆਪਣੇ ਨਿੱਜੀ ਕਰਜ਼ੇ ਉਤਾਰੇ ਹਨ। ਪੰਜਾਬ ਦੇ ਲੋਕ ਇਹਨਾਂ ਦੀਆਂ ਸਾਰੀਆਂ ਕਰਤੂਤਾਂ ਤੋਂ ਭਲੀ-ਭਾਂਤ ਜਾਣੂ ਹਨ।

ਮਜੀਠੀਆ ਵੱਲੋਂ ਸੋਸ਼ਲ ਮੀਡੀਆ ਜਾਂ ਪ੍ਰੈਸ ਵਿੱਚ ਦਿਖਾਈਆਂ ਜਾ ਰਹੀਆਂ ਤਸਵੀਰਾਂ 'ਤੇ ਚੁਟਕੀ ਲੈਂਦਿਆਂ ਪੰਨੂ ਨੇ ਕਿਹਾ ਕਿ ਜਿਹੜੇ ਵਿਅਕਤੀਆਂ ਦੀਆਂ ਤਸਵੀਰਾਂ ਦਿਖਾਈਆਂ ਜਾ ਰਹੀਆਂ ਹਨ, ਉਹ ਤਾਂ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਦੇ ਵੀ ਨੇੜਲੇ ਸੰਪਰਕ ਵਿੱਚ ਹਨ। ਇਸ ਤੋਂ ਇਹ ਸਾਫ਼ ਜ਼ਾਹਿਰ ਹੁੰਦਾ ਹੈ ਕਿ ਮਜੀਠੀਆ ਖੁਦ ਭਾਜਪਾ ਦੇ ਇਸ਼ਾਰੇ 'ਤੇ ਇਹ ਸਾਰੀਆਂ ਸਿਆਸੀ ਚਾਲਾਂ ਚੱਲ ਰਹੇ ਹਨ। ਪੰਨੂ ਨੇ ਮਜੀਠੀਆ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ ਕਿ ਉਹ ਸਪੱਸ਼ਟ ਕਰਨ ਕਿ ਉਨ੍ਹਾਂ ਦਾ ਪਿੰਦੇ ਅਤੇ ਸੱਤੇ ਨਾਲ ਕੀ ਸਬੰਧ ਹੈ, ਜਦਕਿ ਪਿੰਦੇ ਨੂੰ ਤਾਂ ਐਫ.ਬੀ.ਆਈ. ਵੱਲੋਂ ਗ੍ਰਿਫ਼ਤਾਰ ਵੀ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਿਸ ਵਿਅਕਤੀ ਖ਼ਿਲਾਫ਼ ਪਹਿਲਾਂ ਹੀ ਈ.ਡੀ. (ਇਨਫੋਰਸਮੈਂਟ ਡਾਇਰੈਕਟੋਰੇਟ) ਅਤੇ ਐਨ.ਡੀ.ਪੀ.ਐਸ. (ਨਸ਼ਾ ਤਸਕਰੀ) ਵਰਗੇ ਅਤਿ-ਗੰਭੀਰ ਅਪਰਾਧਿਕ ਮਾਮਲੇ ਦਰਜ ਹਨ, ਉਸ ਨੂੰ ਦੂਜਿਆਂ 'ਤੇ ਚਿੱਕੜ ਉਛਾਲਣਾ ਸ਼ੋਭਾ ਨਹੀਂ ਦਿੰਦਾ। ਅਜਿਹੇ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਵਿਅਕਤੀ ਸਿਰਫ਼ ਆਪਣੀ ਹੋਂਦ ਬਚਾਉਣ ਲਈ ਝੂਠੇ ਦੋਸ਼ ਲਾ ਕੇ ਫੋਕੀ ਸਿਆਸਤ ਚਮਕਾਉਣ ਦੀ ਨਾਕਾਮ ਕੋਸ਼ਿਸ਼ ਕਰ ਰਿਹਾ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਓਐਸਡੀ ਗੁਰਵਿੰਦਰ ਸਿੰਘ, ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਬੀ.ਸੀ. ਸਰਟੀਫਿਕੇਟਾਂ ਸਬੰਧੀ ਅਸਪਸ਼ਟਤਾ ਦੂਰ ਕਰਨ ਲਈ ਚਲਾਈ ਜਾਵੇਗੀ ਸੂਬਾ ਪੱਧਰੀ ਮੁਹਿੰਮ, ਹਰ ਯੋਗ ਲਾਭਪਾਤਰੀ ਨੂੰ ਮਿਲੇਗਾ ਉਸਦਾ ਹੱਕ: ਡਾ. ਬਲਜੀਤ ਕੌਰ

**ਚੰਡੀਗੜ੍ਹ, 3 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੀ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਕਿ ਬੈਕਵਰਡ ਕਲਾਸ (ਬੀ.ਸੀ.) ਸਰਟੀਫਿਕੇਟਾਂ ਸਬੰਧੀ ਫੈਲੇ ਭਰਮ ਨੂੰ ਦੂਰ ਕਰਨ ਅਤੇ ਹਰ ਯੋਗ ਵਿਅਕਤੀ ਨੂੰ ਉਸ ਦਾ ਬਣਦਾ ਹੱਕ ਯਕੀਨੀ ਬਣਾਉਣ ਲਈ ਸੂਬਾ ਪੱਧਰ 'ਤੇ ਵਿਸ਼ੇਸ਼ ਜਾਗਰੂਕਤਾ ਅਤੇ ਸੁਵਿਧਾ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਦੇ ਧਿਆਨ ਵਿੱਚ ਇਹ ਗੱਲ ਆਈ ਹੈ ਕਿ ਕਈ ਥਾਵਾਂ 'ਤੇ ਨਿਯਮਾਂ ਦੀ ਗਲਤ ਵਿਆਖਿਆ ਕਾਰਨ ਯੋਗ ਬਿਨੈਕਾਰਾਂ ਨੂੰ ਬੀ.ਸੀ. ਸਰਟੀਫਿਕੇਟ ਜਾਰੀ ਕਰਨ ਵਿੱਚ ਦਿੱਕਤਾਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਬੀ.ਸੀ. ਸਰਟੀਫਿਕੇਟਾਂ ਸਬੰਧੀ ਨਿਯਮਾਂ ਨੂੰ ਸੂਬੇ ਭਰ ਵਿੱਚ ਇੱਕਸਾਰ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਵਚਨਬੱਧ ਹੈ।

ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਬੀ.ਸੀ. ਸਰਟੀਫਿਕੇਟ ਲਈ ਯੋਗਤਾ ਦਾ ਨਿਰਧਾਰਨ ਕੇਵਲ ਬਿਨੈਕਾਰ ਦੇ ਮਾਪਿਆਂ ਦੀ ਸਥਿਤੀ ਦੇ ਆਧਾਰ 'ਤੇ ਕੀਤਾ ਜਾਂਦਾ ਹੈ। ਜੀਵਨ ਸਾਥੀ ਦੀ ਨੌਕਰੀ, ਆਮਦਨ ਜਾਂ ਸਮਾਜਿਕ ਸਥਿਤੀ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸੇ ਤਰ੍ਹਾਂ ਚਾਚਾ, ਤਾਇਆ ਜਾਂ ਹੋਰ ਕਿਸੇ ਰਿਸ਼ਤੇਦਾਰ ਦੀ ਸਥਿਤੀ ਨੂੰ ਵੀ ਯੋਗਤਾ ਤੈਅ ਕਰਨ ਦਾ ਆਧਾਰ ਨਹੀਂ ਬਣਾਇਆ ਜਾ ਸਕਦਾ।



ਉਨ੍ਹਾਂ ਦੱਸਿਆ ਕਿ ਸੰਵਿਧਾਨਕ ਅਹੁਦਿਆਂ 'ਤੇ ਤਾਇਨਾਤ ਵਿਅਕਤੀਆਂ, ਨਿਰਧਾਰਤ ਸ਼੍ਰੇਣੀਆਂ ਦੇ ਕਲਾਸ-ਇੱਕ ਅਤੇ ਕਲਾਸ-ਦੋ ਅਧਿਕਾਰੀਆਂ, ਕੁਝ ਪੇਸ਼ੇਵਰਾਂ ਅਤੇ ਨਿਰਧਾਰਤ ਜਾਇਦਾਦ ਜਾਂ ਕ੍ਰੀਮੀ ਲੇਅਰ ਦੀਆਂ ਸ਼ਰਤਾਂ ਵਿੱਚ ਆਉਣ ਵਾਲੇ ਪਰਿਵਾਰਾਂ ਦੇ ਬੱਚੇ ਬੀ.ਸੀ. ਸ਼੍ਰੇਣੀ ਦੇ ਲਾਭਾਂ ਦੇ ਹੱਕਦਾਰ ਨਹੀਂ ਹੁੰਦੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਲਾਸ-ਤਿੰਨ ਅਤੇ ਕਲਾਸ-ਚਾਰ ਕਰਮਚਾਰੀਆਂ ਦੇ ਮਾਮਲਿਆਂ ਵਿੱਚ ਸਿਰਫ਼ ਸਾਲਾਨਾ ਆਮਦਨ ਦੇ ਆਧਾਰ 'ਤੇ ਕ੍ਰੀਮੀ ਲੇਅਰ ਲਾਗੂ ਕਰਕੇ ਬੀ.ਸੀ. ਸਰਟੀਫਿਕੇਟ ਤੋਂ ਇਨਕਾਰ ਕਰਨਾ ਨਿਯਮਾਂ ਦੇ ਉਲਟ ਹੈ।

ਮੰਤਰੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਵਿਅਕਤੀ ਦੇ ਮਾਪਿਆਂ ਜਾਂ ਪਰਿਵਾਰ ਵਿੱਚ ਪਹਿਲਾਂ ਕਦੇ ਬੀ.ਸੀ. ਸਰਟੀਫਿਕੇਟ ਨਹੀਂ ਬਣਿਆ, ਤਾਂ ਇਸ ਆਧਾਰ 'ਤੇ ਨਵੀਂ ਅਰਜ਼ੀ ਰੱਦ ਨਹੀਂ ਕੀਤੀ ਜਾ ਸਕਦੀ। ਨਿਯਮਾਂ ਅਨੁਸਾਰ ਯੋਗ ਹਰ ਵਿਅਕਤੀ ਪਹਿਲੀ ਵਾਰ ਵੀ ਬੀ.ਸੀ. ਸਰਟੀਫਿਕੇਟ ਲਈ ਅਰਜ਼ੀ ਦੇ ਸਕਦਾ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਨਿਯਮਾਂ ਦੀ ਇੱਕਸਾਰ ਪਾਲਣਾ ਯਕੀਨੀ ਬਣਾਉਣ ਲਈ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ।

ਇਸ ਤੋਂ ਇਲਾਵਾ ਸੇਵਾ ਕੇਂਦਰਾਂ, ਡੀ.ਸੀ. ਦਫ਼ਤਰਾਂ ਅਤੇ ਹੋਰ ਸਰਟੀਫਿਕੇਟ ਜਾਰੀ ਕਰਨ ਵਾਲੇ ਕੇਂਦਰਾਂ ਵਿੱਚ ਸਰਲ ਹਦਾਇਤਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ। ਜਾਗਰੂਕਤਾ ਪੋਸਟਰ ਅਤੇ ਪ੍ਰਿੰਟਿਡ ਦਿਸ਼ਾ-ਨਿਰਦੇਸ਼ ਵੀ ਉਪਲਬਧ ਕਰਵਾਏ ਜਾਣਗੇ, ਤਾਂ ਜੋ ਲੋਕ ਖ਼ੁਦ ਸਮਝ ਸਕਣ ਕਿ ਉਹ ਕ੍ਰੀਮੀ ਲੇਅਰ ਵਿੱਚ ਆਉਂਦੇ ਹਨ ਜਾਂ ਬੀ.ਸੀ. ਸ਼੍ਰੇਣੀ ਦੇ ਲਾਭਾਂ ਦੇ ਹੱਕਦਾਰ ਹਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਸਾਲ 2022 ਤੋਂ ਹੁਣ ਤੱਕ ਆਸ਼ੀਰਵਾਦ ਸਕੀਮ ਤਹਿਤ ਕਰੀਬ 76 ਹਜ਼ਾਰ ਬੀ.ਸੀ. ਲਾਭਪਾਤਰੀਆਂ ਨੂੰ ਲਗਭਗ 391 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਲਾਭ ਵੀ ਬੀ.ਸੀ. ਵਿਦਿਆਰਥੀਆਂ ਤੱਕ ਪਹੁੰਚਾਇਆ ਗਿਆ ਹੈ ਅਤੇ ਸਕਾਲਰਸ਼ਿਪ ਦੀ ਰਕਮ ਵਿੱਚ ਵਾਧੇ ਲਈ ਭਾਰਤ ਸਰਕਾਰ ਕੋਲ ਲਗਾਤਾਰ ਮੰਗ ਕੀਤੀ ਜਾ ਰਹੀ ਹੈ।

ਮੰਤਰੀ ਨੇ ਦੱਸਿਆ ਕਿ ਬੈਕਫਿੰਕੋ ਰਾਹੀਂ ਬੀ.ਸੀ. ਵਰਗ ਨਾਲ ਸਬੰਧਤ ਯੋਗ ਲਾਭਪਾਤਰੀਆਂ ਨੂੰ ਸਵੈ-ਰੁਜ਼ਗਾਰ ਲਈ ਰਿਆਇਤੀ ਕਰਜ਼ੇ ਮੁਹੱਈਆ ਕਰਵਾਏ ਜਾ ਰਹੇ ਹਨ। ਉੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਲੜਕਿਆਂ ਅਤੇ ਲੜਕੀਆਂ ਲਈ 100-100 ਸੀਟਾਂ ਵਾਲੇ ਦੋ ਹੋਸਟਲ ਸਥਾਪਤ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਟਾਪ ਕਲਾਸ ਐਜੂਕੇਸ਼ਨ ਸਕੀਮ ਤਹਿਤ 12 ਨਾਮਵਰ ਸੰਸਥਾਵਾਂ ਵਿੱਚ 210 ਸੀਟਾਂ ਰਾਖਵੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਲਈ ਇਸ ਸਾਲ ਕਰੀਬ 179 ਵਿਦਿਆਰਥੀਆਂ ਨੇ ਅਰਜ਼ੀਆਂ ਦਿੱਤੀਆਂ ਹਨ।

ਉਨ੍ਹਾਂ ਦੱਸਿਆ ਕਿ ਟਾਪ ਕਲਾਸ ਸਕੂਲ ਐਜੂਕੇਸ਼ਨ ਸਕੀਮ ਤਹਿਤ ਸੂਚੀਬੱਧ ਸਕੂਲਾਂ ਵਿੱਚ ਪੜ੍ਹ ਰਹੇ ਯੋਗ ਬੀ.ਸੀ. ਵਿਦਿਆਰਥੀਆਂ ਨੂੰ ਨੌਵੀਂ ਅਤੇ ਦਸਵੀਂ ਜਮਾਤ ਲਈ ਲਗਭਗ 75 ਹਜ਼ਾਰ ਰੁਪਏ ਅਤੇ ਗਿਆਰਵੀਂ ਤੇ ਬਾਰ੍ਹਵੀਂ ਜਮਾਤ ਲਈ ਕਰੀਬ 1.25 ਲੱਖ ਰੁਪਏ ਪ੍ਰਤੀ ਸਾਲ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਲਗਭਗ 6,000 ਸਕੂਲਾਂ ਦੀ ਸੂਚੀ ਡਾ. ਭੀਮ ਰਾਓ ਅੰਬੇਡਕਰ ਪੋਰਟਲ 'ਤੇ ਅਪਲੋਡ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਪੂਰੀ ਜਾਣਕਾਰੀ ਇੱਕ ਹੀ ਥਾਂ ਉਪਲਬਧ ਹੋ ਸਕੇ।

ਡਾ. ਬਲਜੀਤ ਕੌਰ ਨੇ ਮੀਡੀਆ ਨੂੰ ਅਪੀਲ ਕਰਦਿਆਂ ਕਿਹਾ ਕਿ ਬੀ.ਸੀ. ਸਰਟੀਫਿਕੇਟ, ਸਿੱਖਿਆ ਅਤੇ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਅਤੇ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੈਣ ਦਾ ਮੁੱਖ ਆਧਾਰ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਿਭਾਗ ਦੀ ਇਹ ਵਿਸ਼ੇਸ਼ ਜਾਗਰੂਕਤਾ ਮੁਹਿੰਮ ਭਰਮ ਦੂਰ ਕਰੇਗੀ, ਨਿਯਮਾਂ ਦੀ ਇੱਕਸਾਰ ਪਾਲਣਾ ਯਕੀਨੀ ਬਣਾਏਗੀ ਅਤੇ ਹਰ ਯੋਗ ਲਾਭਪਾਤਰੀ ਨੂੰ ਉਸ ਦਾ ਬਣਦਾ ਹੱਕ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।



# ਹਰਿਆਣਾ ਖ਼ਬਰਨਾਮਾ



## ਪੰਚਕੂਲਾ ਵਿੱਚ 5 ਸਤੰਬਰ ਨੂੰ ਰਾਜ ਅਧਿਆਪਕ ਪੁਰਸਕਾਰ ਸਮਾਰੋਹ, ਰਾਜਪਾਲ ਅਤੇ ਮੁੱਖ ਮੰਤਰੀ 79 ਅਧਿਆਪਕਾਂ ਨੂੰ ਕਰਨਗੇ ਸਨਮਾਨਿਤ : ਸਿੱਖਿਆ ਮੰਤਰੀ

**ਚੰਡੀਗੜ੍ਹ, 3 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਸਰਕਾਰ ਵੱਲੋਂ 5 ਸਤੰਬਰ ਨੂੰ ਅਧਿਆਪਕ ਦਿਵਸ ਦੇ ਮੌਕੇ ’ਤੇ ‘ਰਾਜ ਅਧਿਆਪਕ ਪੁਰਸਕਾਰ ਵੰਡ ਸਮਾਰੋਹ’ ਦਾ ਸ਼ਾਨਦਾਰ ਆਯੋਜਨ ਕੀਤਾ ਜਾਵੇਗਾ। ਇਹ ਸਮਾਰੋਹ ਪੰਚਕੂਲਾ ਸਥਿਤ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ.) ਦੇ ਆਡੀਟੋਰੀਅਮ ਵਿੱਚ ਆਯੋਜਿਤ ਹੋਵੇਗਾ। ਸਮਾਰੋਹ ਵਿੱਚ ਸੂਬੇ ਦੇ ਮਹਾਮਹਿਮ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਨਗੇ, ਜਦੋਂ ਕਿ ਪ੍ਰੋਗਰਾਮ ਦੀ ਪ੍ਰਧਾਨਗੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕਰਨਗੇ। ਇਸ ਰਾਜ ਪੱਧਰੀ ਪ੍ਰੋਗਰਾਮ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਵਧੀਆ ਕੰਮ ਕਰਨ ਵਾਲੇ ਪ੍ਰਦੇਸ਼ ਦੇ 79 ਚੁਣੇ ਹੋਏ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸ਼ਲਾਘਾਯੋਗ ਸੇਵਾਵਾਂ ਅਤੇ ਅਤੁੱਲ ਯੋਗਦਾਨ ਲਈ ਸਨਮਾਨਿਤ ਕੀਤਾ ਜਾਵੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਅਧਿਆਪਕ ਸਮਾਜ ਦੇ ਸਿਲਪਕਾਰ ਹੁੰਦੇ ਹਨ, ਜੋ ਨਾ ਸਿਰਫ਼ ਵਿਦਿਆਰਥੀਆਂ ਦਾ ਭਵਿੱਖ ਸੰਵਾਰਦੇ ਹਨ ਸਗੋਂ ਇੱਕ ਮਜ਼ਬੂਤ ਰਾਸ਼ਟਰ ਦੇ ਨਿਰਮਾਣ ਵਿੱਚ ਵੀ ਮੁੱਖ ਭੂਮਿਕਾ ਨਿਭਾਉਂਦੇ ਹਨ। ਇਹ ਪੁਰਸਕਾਰ ਉਨ੍ਹਾਂ ਅਧਿਆਪਕਾਂ ਦੇ ਸਮਰਪਣ, ਸਖ਼ਤ ਮਿਹਨਤ ਅਤੇ ਨਵਾਚਾਰਾਂ ਦਾ ਸਨਮਾਨ ਹੈ, ਜਿਨ੍ਹਾਂ ਨੇ ਮੁਸ਼ਕਿਲ ਹਾਲਤਾਂ ਵਿੱਚ ਵੀ ਸਿੱਖਿਆ ਦੀ ਗੁਣਵੱਤਾ ਨੂੰ ਬਣਾਏ ਰੱਖਿਆ। ਰਾਜ ਸਰਕਾਰ ਅਧਿਆਪਕਾਂ ਦੀ ਭਲਾਈ ਅਤੇ ਸਿੱਖਿਆ ਪ੍ਰਣਾਲੀ ਦੇ ਨਿਰੰਤਰ ਸੁਧਾਰ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਸਕੂਲ ਸਿੱਖਿਆ ਡਾਇਰੈਕਟੋਰੇਟ ਵੱਲੋਂ ਇਸ ਪ੍ਰੋਗਰਾਮ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਸਮਾਰੋਹ ਵਿੱਚ ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਸਮੇਤ ਕਈ ਪਤਵੰਤੇ ਵਿਅਕਤੀ ਮੌਜੂਦ ਰਹਿਣਗੇ। ਸਿੱਖਿਆ ਮੰਤਰੀ ਨੇ ਸਾਰੇ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਨੂੰ ਪਹਿਲਾਂ ਹੀ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਨਮਾਨ ਪ੍ਰਦੇਸ਼ ਦੇ ਹੋਰ ਸਾਰੇ ਅਧਿਆਪਕਾਂ ਨੂੰ ਵੀ ਆਪਣੇ-ਆਪਣੇ ਸਕੂਲਾਂ ਵਿੱਚ ਗੁਣਵੱਤਾ ਭਰਪੂਰ ਸਿੱਖਿਆ ਅਤੇ ਉੱਤਮ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰੇਗਾ।

## ਮਹਿਲਾ ਸਸ਼ਕਤੀਕਰਨ ਅਤੇ ਸੁਰੱਖਿਅਤ ਕੰਮਕਾਜੀ ਥਾਂ ਨੂੰ ਉਤਸ਼ਾਹਤ ਕਰਨ ਲਈ ਦਿੱਤੇ ਜਾਣਗੇ ਮਹਿਲਾ ਸਮਰਥ ਸੰਸਥਾਨ ਪੁਰਸਕਾਰ

**ਚੰਡੀਗੜ੍ਹ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਨੇ ਸੂਬੇ ਵਿੱਚ ਔਰਤਾਂ ਲਈ ਸੁਰੱਖਿਅਤ, ਸਨਮਾਨਜਨਕ ਅਤੇ ਸਮਾਵੇਸ਼ੀ ਕੰਮਕਾਜੀ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਲਈ ’ਮਹਿਲਾ ਸਮਰਥ ਸੰਸਥਾਨ ਪੁਰਸਕਾਰ’ ਪਹਿਲ ਸ਼ੁਰੂ ਕੀਤੀ ਹੈ।

ਇੱਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਕੰਮਕਾਜੀ ਥਾਵਾਂ ਨੂੰ ਜੈਂਡਰ-ਸੰਵੇਦਨਸ਼ੀਲ ਬਣਾਉਣਾ, ਪੋਸ਼ ਐਕਟ (2013) ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣਾ, ਰੁਜ਼ਗਾਰ ਅਤੇ ਲੀਡਰਸ਼ਿਪ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣਾ ਅਤੇ ਬਾਲ ਦੇਖਭਾਲ, ਲਚਕਦਾਰ ਕੰਮ ਸ਼ੈਲੀ ਅਤੇ ਸ਼ਿਕਾਇਤ ਨਿਵਾਰਨ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਰਾਜ ਪੱਧਰੀ ਪਛਾਣ ਅਤੇ ਪ੍ਰੋਤਸਾਹਨ ਯੋਜਨਾ ਲਈ ਕੁੱਲ 23.75 ਲੱਖ ਰੁਪਏ ਦਾ ਬਜਟ ਨਿਰਧਾਰਤ ਕੀਤਾ ਗਿਆ ਹੈ, ਜਿਸ ਤਹਿਤ 5 ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 25 ਪੁਰਸਕਾਰ ਦਿੱਤੇ ਜਾਣਗੇ।

ਇਨ੍ਹਾਂ 5 ਸ਼੍ਰੇਣੀਆਂ ਵਿੱਚ ਸਰਕਾਰੀ ਵਿਭਾਗ/ਬੋਰਡ/ਨਿਗਮ/ਆਯੋਗ ਅਤੇ ਜਨਤਕ ਖੇਤਰ ਦੇ ਅਦਾਰੇ, ਖੁਦਮੁਖਤਿਆਰ ਸੰਸਥਾਵਾਂ/ਨਿੱਜੀ ਕੰਪਨੀਆਂ, ਉਦਯੋਗਿਕ ਇਕਾਈਆਂ, ਸੂਖਮ, ਲਘੂ ਅਤੇ ਮੱਧ ਉਦਯੋਗ ਸਿੱਖਿਆ ਸੰਸਥਾਵਾਂ/ਹਸਪਤਾਲ/ਸੇਵਾ ਖੇਤਰ ਦੇ ਅਦਾਰੇ ਅਤੇ ਗੈਰ-ਸਰਕਾਰੀ ਸੰਗਠਨ ਸ਼ਾਮਲ ਹਨ। ਹਰੇਕ ਸ਼੍ਰੇਣੀ ਲਈ 4.75 ਲੱਖ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ ਅਤੇ ਹਰ ਸ਼੍ਰੇਣੀ ਵਿੱਚ 5-5 ਪੁਰਸਕਾਰ ਪ੍ਰਦਾਨ ਕੀਤੇ ਜਾਣਗੇ।

ਸਰਕਾਰ ਨੇ ਇੱਛੁਕ ਅਤੇ ਯੋਗ ਸੰਸਥਾਵਾਂ ਤੋਂ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ। ਅਰਜ਼ੀ ਦੀ ਆਖਰੀ ਮਿਤੀ 20 ਸਤੰਬਰ, 2026 ਨਿਰਧਾਰਤ ਕੀਤੀ ਗਈ ਹੈ।

ਬੁਲਾਰੇ ਨੇ ਸਪੱਸ਼ਟ ਕੀਤਾ ਕਿ ਸਿਰਫ਼ ਅਧਿਕਾਰਤ ਪੋਰਟਲ ਰਾਹੀਂ ਉਪਲਬਧ ਪੋਰਟਲ ’ਤੇ ਹੀ ਆਨਲਾਈਨ ਅਰਜ਼ੀਆਂ ਸਵੀਕਾਰ ਕੀਤੀਆਂ ਜਾਣਗੀਆਂ। ਡਾਕ, ਕੋਰੀਅਰ ਜਾਂ ਆਫ਼ਲਾਈਨ ਮਾਧਿਅਮ ਰਾਹੀਂ ਭੇਜੀਆਂ ਗਈਆਂ ਅਰਜ਼ੀਆਂ ਯੋਗ ਨਹੀਂ ਮੰਨੀਆਂ ਜਾਣਗੀਆਂ ਅਤੇ ਅਧੂਰੇ ਜਾਂ ਗਲਤ ਫਾਰਮੈਟ ਵਿੱਚ ਜਮ੍ਹਾਂ ਕੀਤੀਆਂ ਅਰਜ਼ੀਆਂ ਨੂੰ ਰੱਦ ਕਰ ਦਿੱਤਾ ਜਾਵੇਗਾ। ਵਿਭਾਗ ਦੀ ਅਧਿਕਾਰਤ ਵੈੱਬਸਾਈਟ ’ਤੇ ਫਾਰਮ, ਮੁਲਾਂਕਣ ਢਾਂਚਾ, ਯੋਗਤਾ ਮਾਪਦੰਡ, ਦਿਸ਼ਾ-ਨਿਰਦੇਸ਼ ਅਤੇ ਨਿਯਮ ਤੇ ਸ਼ਰਤਾਂ ਉਪਲਬਧ ਹਨ।

## ਹਰਿਆਣਾ ਵਿੱਚ ਖੇਤੀ ਨੂੰ ਕਿਫ਼ਾਇਤੀ ਅਤੇ ਲਾਹੇਵੰਦ ਬਣਾਉਣ ਲਈ ਵੱਡਾ ਕਦਮ

**ਚੰਡੀਗੜ੍ਹ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਵਿੱਚ ਖੇਤੀ ਲਾਗਤ ਘਟਾਉਣ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਵਾਤਾਵਰਣ-ਪੱਖੀ ਖੇਤੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਸੂਬਾ ਸਰਕਾਰ ਨੇ ਵੱਡੇ ਨੀਤੀਗਤ ਕਦਮ ਚੁੱਕਣ ਦੀ ਤਿਆਰੀ ਕੀਤੀ ਹੈ।

ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿੱਚ ਮਿਸ਼ਨ ਫਾਰ ਆਤਮਨਿਰਭਰਤਾ ਇਨ ਪਲਸੀਜ਼ ਵਿਸ਼ੇ ’ਤੇ ਆਯੋਜਿਤ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਸੂਬੇ ਵਿੱਚ ਖੇਤਰਵਾਰ ਜਲਵਾਯੂ ਹਾਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਵਿਸ਼ੇਸ਼ ’ਫ਼ਸਲੀ-ਕੈਲੰਡਰ’ ਤਿਆਰ ਕਰਨ। ਇਸ ਕੈਲੰਡਰ ਰਾਹੀਂ ਕਿਸਾਨਾਂ ਦੀ ਸਹੀ ਅਗਵਾਈ ਕੀਤੀ ਜਾਵੇਗੀ, ਤਾਂ ਜੋ ਉਹ ਘੱਟ ਲਾਗਤ ਵਿੱਚ ਵੱਧ ਤੋਂ ਵੱਧ ਮੁਨਾਫ਼ਾ ਕਮਾ ਸਕਣ।

ਇਸ ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਵਿਜੇਂਦਰ ਕੁਮਾਰ, ਡਾਇਰੈਕਟਰ ਸ਼੍ਰੀ ਰਾਜਨਾਰਾਇਣ ਕੌਸ਼ਿਕ, ਵਧੀਕ ਨਿਦੇਸ਼ਕ ਸ਼੍ਰੀ ਰਾਮਪ੍ਰਤਾਪ ਸਿਹਾਗ ਅਤੇ ਡਾ. ਦੇਵੇਂਦਰ ਸਿਹਾਗ ਸਮੇਤ ਕਈ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਅਜਿਹੀਆਂ ਫ਼ਸਲਾਂ ਦੀ ਬਿਜਾਈ ਲਈ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ ਜਿਨ੍ਹਾਂ ਵਿੱਚ ਖਾਦ ਅਤੇ ਪਾਣੀ ਦੀ ਘੱਟੋ-ਘੱਟ ਖਪਤ ਹੋਵੇ। ਉਨ੍ਹਾਂ ਝੋਨੇ ਅਤੇ ਦਾਲਾਂ ਵਰਗੀਆਂ ਫ਼ਸਲਾਂ ਦੀਆਂ ਅਜਿਹੀਆਂ ਉੱਤਮ ਕਿਸਮਾਂ ਦੀ ਪਛਾਣ ਕਰਨ ’ਤੇ ਖਾਸ ਜ਼ੋਰ ਦਿੱਤਾ ਜਿਨ੍ਹਾਂ ਦਾ ਵਿਦੇਸ਼ਾਂ ਵਿੱਚ ਵੀ ਨਿਰਯਾਤ ਕੀਤਾ ਜਾ ਸਕੇ। ਇਸ ਨਾਲ ਨਾ ਸਿਰਫ਼ ਕਿਸਾਨਾਂ ਨੂੰ ਆਪਣੀ ਉਪਜ ਦਾ ਬਿਹਤਰ ਮੁੱਲ ਅਤੇ ਚੰਗੀ ਆਮਦਨ ਮਿਲੇਗੀ, ਸਗੋਂ ਨਿਰਯਾਤ ਵਧਣ ਨਾਲ ਦੇਸ਼ ਦੀ ਜੀ.ਡੀ.ਪੀ. ਵਿੱਚ ਵੀ ਸਕਾਰਾਤਮਕ ਵਾਧਾ ਹੋਵੇਗਾ। ਆਉਣ ਵਾਲੇ ਸੀਜ਼ਨ ਲਈ ਫ਼ਸਲਾਂ ਦੇ ਉੱਤਮ ਬੀਜਾਂ ਦੀ ਉਪਲਬਧਤਾ ਦੀ ਸਮੀਖਿਆ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਫ਼ਸਲ ਦੇ ਬਿਹਤਰ ਉਤਪਾਦਨ ਵਿੱਚ ਬੀਜ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ, ਇਸ ਲਈ ਅਧਿਕਾਰੀਆਂ ਨੂੰ ਕਿਸਾਨਾਂ ਨੂੰ ਸਿਰਫ਼ ਪ੍ਰਮਾਣਿਤ ਅਤੇ ਉੱਨਤ ਕਿਸਮ ਦੇ ਬੀਜ ਖਰੀਦਣ ਲਈ ਹੀ ਪ੍ਰੇਰਿਤ ਕਰਨਾ ਚਾਹੀਦਾ ਹੈ।

ਕੁਦਰਤੀ ਖੇਤੀ ਨੂੰ ਜ਼ਮੀਨੀ ਪੱਧਰ ’ਤੇ ਉਤਾਰਨ ਅਤੇ ਰਸਾਇਣਕ ਖਾਦਾਂ ’ਤੇ ਨਿਰਭਰਤਾ ਘਟਾਉਣ ਲਈ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਇੱਕ ਅਨੋਖੀ ਪਹਿਲ ਦਾ ਸੁਝਾਅ ਦਿੱਤਾ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਗਊਸ਼ਾਲਾਵਾਂ ਵਿੱਚ ਗਾਵਾਂ ਦੇ ਗੋਬਰ ਅਤੇ ਗਊਂ ਮੂਤਰ ਤੋਂ ’ਜੀਵਾਮ੍ਰਿਤ’ ਤਿਆਰ ਕਰਕੇ ਕਿਸਾਨਾਂ ਨੂੰ ਮੁਫ਼ਤ ਮੁਹੱਈਆ ਕਰਵਾਉਣ ਦੀਆਂ ਸੰਭਾਵਨਾਵਾਂ ਦੀ ਭਾਲ ਕਰਨ, ਤਾਂ ਜੋ ਕਿਸਾਨ ਕੁਦਰਤੀ ਖੇਤੀ ਜ਼ਰੀਏ ਆਪਣਾ ਉਤਪਾਦਨ ਵਧਾ ਸਕਣ। ਇਸ ਲਈ ਉਨ੍ਹਾਂ ਨੇ ਇੱਕ ਸਮਰਪਿਤ ਪਾਇਲਟ ਪ੍ਰੋਜੈਕਟ ਬਣਾ ਕੇ ਕੰਮ ਕਰਨ ਦੀ ਸਲਾਹ ਦਿੱਤੀ।

ਇਸ ਦੇ ਨਾਲ ਹੀ, ਖੇਤੀ ਵਿੱਚ ਮਿਹਨਤ ਅਤੇ ਲਾਗਤ ਨੂੰ ਘਟਾਉਣ ਦੇ ਉਦੇਸ਼ ਨਾਲ ਮੰਤਰੀ ਨੇ ਕਪਾਹ ਅਤੇ ਦਾਲ ਵਾਲੀਆਂ ਫ਼ਸਲਾਂ ਦੀ ਕਟਾਈ ਅਤੇ ਗਹਾਈ ਲਈ ਆਧੁਨਿਕ ਮਸ਼ੀਨੀਕਰਨ ਨੂੰ ਅਪਣਾਉਣ ’ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਬਿਜਾਈ ਤੋਂ ਲੈ ਕੇ ਕਟਾਈ ਤੱਕ ਅਜਿਹੇ ਵਿਗਿਆਨਕ ਪ੍ਰਬੰਧਨ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਜਿਸ ਨਾਲ ਖੇਤੀ ਦਾ ਖਰਚਾ ਘੱਟ ਹੋਵੇ ਅਤੇ ਇਹ ਕਿਸਾਨਾਂ ਲਈ ਆਰਥਿਕ ਤੌਰ ’ਤੇ ਬਹੁਤ ਜ਼ਿਆਦਾ ਲਾਹੇਵੰਦ ਸਾਬਤ ਹੋ ਸਕੇ।

## ਹਰਿਆਣਾ ਸਰਕਾਰ ਨੇ ਸ਼ੁਰੂ ਕੀਤੀ ਬਾਗਬਾਨੀ ਦੀ ਮੁਫ਼ਤ ਸਿਖਲਾਈ ਯੋਜਨਾ; ‘ਪਹਿਲਾਂ ਆਓ, ਪਹਿਲਾਂ ਪਾਓ’ ਦੇ ਆਧਾਰ ’ਤੇ ਕਿਸਾਨਾਂ ਨੂੰ ਮਿਲੇਗਾ ਹੁਨਰ ਵਿਕਾਸ ਦਾ ਮੌਕਾ

**ਚੰਡੀਗੜ੍ਹ 3 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਰਾਜ ਦੇ ਕਿਸਾਨਾਂ ਨੂੰ ਆਧੁਨਿਕ ਅਤੇ ਵਿਗਿਆਨਕ ਖੇਤੀ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਪਹਿਲ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਬਾਗਬਾਨੀ ਵਿਭਾਗ ਵੱਲੋਂ ਸਾਲ 2026-27 ਦੌਰਾਨ ’ਏਕੀਕ੍ਰਿਤ ਬਾਗਬਾਨੀ ਵਿਕਾਸ ਕੇਂਦਰ, ਸੁੰਦਰਹ, ਮਹਿੰਦਰਗੜ੍ਹ’ ਵਿੱਚ ਰਾਜ ਭਰ ਦੇ ਕਿਸਾਨਾਂ ਲਈ ਵੱਖ-ਵੱਖ ਕਿਸਮ ਦੀਆਂ ਬਾਗਬਾਨੀ ਤਕਨੀਕਾਂ ਦਾ ਮੁਫ਼ਤ 05 ਦਿਨਾਂ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ। ਸ਼੍ਰੀ ਰਾਣਾ ਨੇ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਕਿਸਾਨਾਂ ਨੂੰ ਰਵਾਇਤੀ ਫਸਲਾਂ ਦੇ ਨਾਲ-ਨਾਲ ਉੱਚ ਮੁੱਲ ਵਾਲੀਆਂ ਬਾਗਬਾਨੀ ਫਸਲਾਂ, ਜੈਵਿਕ ਖੇਤੀ ਅਤੇ ਸੁਰੱਖਿਅਤ ਖੇਤੀ ਵੱਲ ਉਤਸ਼ਾਹਤ ਕਰਨਾ ਹੈ ਤਾਂ ਜੋ ਉਨ੍ਹਾਂ ਦੀ ਆਮਦਨ ਵਿੱਚ ਸਥਾਈ ਵਾਧਾ ਹੋ ਸਕੇ। ਖੇਤੀਬਾੜੀ ਮੰਤਰੀ ਨੇ ਸਿਖਲਾਈ ਪ੍ਰੋਗਰਾਮਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੁੰਦਰਹ ਸਥਿਤ ਕੇਂਦਰ ਵਿੱਚ ਵੱਖ-ਵੱਖ ਵਿਸ਼ਿਆਂ ’ਤੇ ਵਿਸ਼ੇਸ਼ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਵਿੱਚ 7 ਸਤੰਬਰ ਤੋਂ 11 ਸਤੰਬਰ 2026 ਅਤੇ 14 ਦਸੰਬਰ ਤੋਂ 18 ਦਸੰਬਰ 2026 ਤੱਕ ਸਬਜ਼ੀਆਂ ਦੀ ਸੁਰੱਖਿਅਤ ਖੇਤੀ ’ਤੇ ਸਿਖਲਾਈ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ 14 ਸਤੰਬਰ ਤੋਂ 18 ਸਤੰਬਰ 2026, 5 ਅਕਤੂਬਰ ਤੋਂ 9 ਅਕਤੂਬਰ 2026 ਅਤੇ 2 ਨਵੰਬਰ ਤੋਂ 6 ਨਵੰਬਰ 2026 ਦੌਰਾਨ ਮਸ਼ਰੂਮ ਉਤਪਾਦਨ ਅਤੇ ਤਕਨੀਕਾਂ ’ਤੇ ਡੂੰਘੀ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਜਾਵੇਗੀ। ਉੱਥੇ ਹੀ, 12 ਅਕਤੂਬਰ ਤੋਂ 16 ਅਕਤੂਬਰ 2026 ਤੱਕ ਬਾਗਬਾਨੀ ਫਸਲਾਂ ਦੀ ਜੈਵਿਕ ਖੇਤੀ ’ਤੇ ਸੈਸ਼ਨ ਦਾ ਆਯੋਜਨ ਹੋਵੇਗਾ, ਅਤੇ 16 ਨਵੰਬਰ ਤੋਂ 20 ਨਵੰਬਰ 2026 ਅਤੇ 7 ਦਸੰਬਰ ਤੋਂ 11 ਦਸੰਬਰ 2026 ਤੱਕ ਖੁੱਲ੍ਹੇ ਖੇਤ ਵਿੱਚ ਬਾਗਬਾਨੀ ਫਸਲਾਂ ਦੇ ਉਤਪਾਦਨ ਦੀ ਸਿਖਲਾਈ ਮਿਲੇਗੀ।

ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਅੱਗੇ ਦੱਸਿਆ ਕਿ ਪ੍ਰਦੇਸ਼ ਦੇ ਨੌਜਵਾਨਾਂ ਅਤੇ ਕਿਸਾਨਾਂ ਨੂੰ ਨਰਸਰੀ ਪ੍ਰਬੰਧਨ ਵਿੱਚ ਆਤਮਨਿਰਭਰ ਬਣਾਉਣ ਲਈ ’ਹਰਿਆਣਾ ਬਾਗਬਾਨੀ ਨਰਸਰੀ ਨਿਯਮ 2026’ ਤਹਿਤ ਵਿਸ਼ੇਸ਼ ਸਿਖਲਾਈ ਮੋਡੀਊਲ ਤਿਆਰ ਕੀਤੇ ਗਏ ਹਨ, ਜਿਨ੍ਹਾਂ ਦਾ ਆਯੋਜਨ 30 ਨਵੰਬਰ ਤੋਂ 04 ਦਸੰਬਰ 2026, 28 ਦਸੰਬਰ 2026 ਤੋਂ 1 ਜਨਵਰੀ 2027, 18 ਜਨਵਰੀ ਤੋਂ 22 ਜਨਵਰੀ 2027, 1 ਫਰਵਰੀ ਤੋਂ 05 ਫਰਵਰੀ 2027 ਅਤੇ 15 ਫਰਵਰੀ ਤੋਂ 19 ਫਰਵਰੀ 2027 ਤੱਕ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਨਵੇਂ ਬਾਗਾਂ ਦੇ ਬੂਟੇ ਲਗਾਉਣ ਅਤੇ ਫਲ ਉਤਪਾਦਨ ਤਕਨੀਕਾਂ ’ਤੇ 4 ਜਨਵਰੀ ਤੋਂ 8 ਜਨਵਰੀ 2027 ਤੱਕ 5 ਦਿਨਾਂ ਸਿਖਲਾਈ ਆਯੋਜਿਤ ਹੋਵੇਗੀ।

ਇੱਕ ਸਰਕਾਰੀ ਬੁਲਾਰੇ ਨੇ ਅੱਗੇ ਦੱਸਿਆ ਕਿ ਹਰਿਆਣਾ ਦੇ ਸਾਰੇ ਜ਼ਿਲ੍ਹਿਆਂ ਦੇ 18 ਤੋਂ 60 ਸਾਲ ਦੀ ਉਮਰ ਦੇ ਕਿਸਾਨ ਬਾਗਬਾਨੀ ਵਿਭਾਗ ਦੇ ਪੋਰਟਲ kaushal.hortharyana.gov.in ਦੇ ਮਾਧਿਅਮ ਨਾਲ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ। ਹਰੇਕ ਸਿਖਲਾਈ ਬੈਚ ਲਈ 20 ਸੀਟਾਂ ਨਿਰਧਾਰਤ ਕੀਤੀਆਂ ਗਈਆਂ ਹਨ, ਅਤੇ ਉਮੀਦਵਾਰਾਂ ਦੀ ਚੋਣ ÷ਪਹਿਲਾਂ ਆਓ, ਪਹਿਲਾਂ ਪਾਓ÷ ਦੇ ਆਧਾਰ ’ਤੇ ਕੀਤੀ ਜਾਵੇਗੀ। ਸਿਖਲਾਈ ਦੌਰਾਨ ਰਾਤ ਦੇ ਠਹਿਰਾਅ ਦੀ ਵਿਵਸਥਾ ਨਹੀਂ ਹੋਵੇਗੀ ਅਤੇ ਚੁਣੇ ਗਏ ਉਮੀਦਵਾਰਾਂ ਨੂੰ ਪਹਿਲੇ ਦਿਨ ਆਪਣਾ ਆਧਾਰ ਕਾਰਡ ਅਤੇ ਪਰਿਵਾਰ ਪਛਾਣ ਪੱਤਰ (PPP) ਦੀ ਫੋਟੋਕਾਪੀ ਪੇਸ਼ ਕਰਨੀ ਪਵੇਗੀ।

ਉਨ੍ਹਾਂ ਇੱਛੁਕ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਧੇਰੇ ਜਾਣਕਾਰੀ ਲਈ ਸਿਖਲਾਈ ਇੰਚਾਰਜ ਡਾ. ਮੁਕੇਸ਼ ਸ਼ਿਵਰਾਣ (9983414484, 8076830135) ਨਾਲ ਸੰਪਰਕ ਕਰਕੇ ਇਸ ਸਰਕਾਰੀ ਯੋਜਨਾ ਦਾ ਸਮੇਂ ਸਿਰ ਲਾਭ ਉਠਾਓ।

## ਐਸ.ਜੀ.ਐਸ.ਟੀ. ਇੱਕਠਾ ਵਿੱਚ ਹਰਿਆਣਾ ਨੇ ਦੇਸ਼ ਭਰ ਵਿੱਚ ਦਰਜ ਕੀਤਾ ਸਭ ਤੋਂ ਵੱਧ ਵਾਧਾ

**ਚੰਡੀਗੜ੍ਹ, 3 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਨੇ ਚਾਲੂ ਵਿੱਤ ਸਾਲ 2026-27 ਦੇ ਪਹਿਲੇ ਪੰਜ ਮਹੀਨਿਆਂ ਵਿੱਚ ਰਾਜ ਜੀ.ਐਸ.ਟੀ. (ਐਸ.ਜੀ.ਐਸ.ਟੀ.) ਕੁਲੈਕਸ਼ਨ ਵਿੱਚ 29 ਫੀਸਦੀ ਦਾ ਵਾਧਾ ਦਰਜ ਕੀਤਾ ਹੈ, ਜੋ ਦੇਸ਼ ਦੇ ਸਾਰੇ ਰਾਜਾਂ ਵਿੱਚੋਂ ਸਭ ਤੋਂ ਵੱਧ ਹੈ। ਇਸ ਮਿਆਦ ਦੌਰਾਨ ਸੂਬੇ ਦਾ ਐਸ.ਜੀ.ਐਸ.ਟੀ. ਕੁਲੈਕਸ਼ਨ 24,662 ਕਰੋੜ ਰੁਪਏ ਰਿਹਾ, ਜਦਕਿ ਪਿਛਲੇ ਵਿੱਤ ਸਾਲ ਦੀ ਇਸੇ ਮਿਆਦ ਵਿੱਚ ਇਹ 19,174 ਕਰੋੜ ਰੁਪਏ ਸੀ। ਰਾਜ ਦਾ ਇਹ ਵਾਧਾ ਰਾਸ਼ਟਰੀ ਔਸਤ ਵਿਕਾਸ ਦਰ 16 ਫੀਸਦੀ ਨਾਲੋਂ ਲਗਭਗ ਦੁਗਣਾ ਹੈ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਅਗਸਤ 2026 ਵਿੱਚ ਵੀ ਹਰਿਆਣਾ ਨੇ ਐਸ.ਜੀ.ਐਸ.ਟੀ. ਕੁਲੈਕਸ਼ਨ ਵਿੱਚ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਇਸ ਮਹੀਨੇ ਰਾਜ ਨੂੰ ਐਸ.ਜੀ.ਐਸ.ਟੀ. (ਸਮਾਯੋਜਨ ਤੋਂ ਬਾਅਦ) ਤੋਂ 4,982 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜਦਕਿ ਪਿਛਲੇ ਸਾਲ ਅਗਸਤ ਮਹੀਨੇ ਵਿੱਚ ਇਹ ਕੁਲੈਕਸ਼ਨ 4,119 ਕਰੋੜ ਰੁਪਏ ਸੀ। ਇਸ ਤਰ੍ਹਾਂ ਅਗਸਤ 2026 ਵਿੱਚ ਐਸ.ਜੀ.ਐਸ.ਟੀ. ਕੁਲੈਕਸ਼ਨ ਵਿੱਚ 21 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ, ਜੋ ਰਾਸ਼ਟਰੀ ਔਸਤ ਵਿਕਾਸ ਦਰ 13 ਫੀਸਦੀ ਤੋਂ ਵੱਧ ਹੈ।

ਬੁਲਾਰੇ ਨੇ ਦੱਸਿਆ ਕਿ ਹਰਿਆਣਾ ਵਿੱਚ ਮੌਜੂਦਾ ਸਮੇਂ ਵਿੱਚ ਕੁੱਲ 6.63 ਲੱਖ ਜੀ.ਐਸ.ਟੀ. ਟੈਕਸਦਾਤੇ ਹਨ। ਇਹ ਗਿਣਤੀ ਦੇਸ਼ ਦੇ ਕੁੱਲ ਜੀ.ਐਸ.ਟੀ. ਟੈਕਸਦਾਤਿਆਂ ਦੀ 4 ਫੀਸਦੀ ਤੋਂ ਵੀ ਘੱਟ ਹੈ। ਇਸ ਦੇ ਬਾਵਜੂਦ ਦੇਸ਼ ਦੇ ਕੁੱਲ ਜੀ.ਐਸ.ਟੀ. ਕੁਲੈਕਸ਼ਨ (ਐਸਜੀਐਸਟੀ+ਸੀਜੀਐਸਟੀ+ਆਈਜੀਐਸਟੀ) ਵਿੱਚ ਹਰਿਆਣਾ ਦਾ ਯੋਗਦਾਨ ਲਗਭਗ 7.7 ਫੀਸਦੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸੂਬੇ ਵਿੱਚ ਵੈਟ/ਸੀ.ਐਸ.ਟੀ. ਕੁਲੈਕਸ਼ਨ ਵਿੱਚ ਵੀ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ। ਵਿੱਤ ਸਾਲ 2026-27 ਦੇ ਪਹਿਲੇ ਪੰਜ ਮਹੀਨਿਆਂ ਵਿੱਚ ਵੈਟ/ਸੀ.ਐਸ.ਟੀ. ਤੋਂ 5,768 ਕਰੋੜ ਰੁਪਏ ਦਾ ਕੁਲੈਕਸ਼ਨ ਹੋਇਆ ਹੈ, ਜਦਕਿ ਪਿਛਲੇ ਸਾਲ ਇਸੇ ਮਿਆਦ ਵਿੱਚ ਇਹ 5,067 ਕਰੋੜ ਰੁਪਏ ਸੀ। ਇਸ ਤਰ੍ਹਾਂ ਵੈਟ/ਸੀ.ਐਸ.ਟੀ. ਕੁਲੈਕਸ਼ਨ ਵਿੱਚ 13.8 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

## ਆਈ.ਐਮ.ਏ. ਦੇ ਸੱਦੇ ਦੇ ਬਾਵਜੂਦ ਹਰਿਆਣਾ ਵਿੱਚ ਆਯੂਸਮਾਨ ਭਾਰਤ ਯੋਜਨਾ ਦੀਆਂ ਸੇਵਾਵਾਂ ਨਿਰਵਿਘਨ ਰਹੀਆਂ

### ਨਿੱਜੀ ਅਤੇ ਸਰਕਾਰੀ ਹਸਪਤਾਲਾਂ ਵਿੱਚ 3,511 ਤੋਂ ਵੱਧ ਦਾਅਵੇ ਕੀਤੇ ਗਏ ਪੇਸ਼, ਮਰੀਜ਼ਾਂ ਦੇ ਇਲਾਜ ’ਤੇ ਨਹੀਂ ਪਿਆ ਕੋਈ ਅਸਰ

**ਚੰਡੀਗੜ੍ਹ, 3 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਵਿੱਚ ਆਯੁਸਮਾਨ ਭਾਰਤ-ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ (ਏ.ਬੀ.-ਪੀ.ਐਮ.ਜੇ.ਏ.ਵਾਈ.) ਤਹਿਤ ਸਿਹਤ ਸੇਵਾਵਾਂ ਆਮ ਵਾਂਗ ਜਾਰੀ ਰਹੀਆਂ। ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐਮ.ਏ.) ਵੱਲੋਂ 31 ਅਗਸਤ ਦੀ ਰਾਤ ਤੋਂ 1 ਸਤੰਬਰ ਦੀ ਰਾਤ ਤੱਕ ਯੋਜਨਾ ਤਹਿਤ ਸੇਵਾਵਾਂ ਰੋਕਣ ਦੇ ਸੱਦੇ ਦੇ ਬਾਵਜੂਦ ਸੂਬੇ ਵਿੱਚ ਯੋਗ ਲਾਭਪਾਤਰੀਆਂ ਨੂੰ ਇਲਾਜ ਲੈਣ ਵਿੱਚ ਕਿਸੇ ਕਿਸਮ ਦੀ ਵੱਡੀ ਪਰੇਸ਼ਾਨੀ ਨਹੀਂ ਆਈ।



ਰਾਜ ਸਿਹਤ ਅਥਾਰਟੀ (ਐਸ.ਐਚ.ਏ.), ਹਰਿਆਣਾ ਤੋਂ ਮਿਲੀ ਜਾਣਕਾਰੀ ਅਨੁਸਾਰ, ਇਸ ਮਿਆਦ ਵਿੱਚ ਨਿੱਜੀ ਸੂਚੀਬੱਧ ਹਸਪਤਾਲਾਂ ਨੇ ਹੀ 1,314 ਤੋਂ ਵੱਧ ਦਾਅਵੇ ਪੇਸ਼ ਕੀਤੇ।

ਸਰਕਾਰੀ ਹਸਪਤਾਲਾਂ ਦੇ ਦਾਅਵਿਆਂ ਨੂੰ ਵੀ ਸ਼ਾਮਲ ਕਰਨ ’ਤੇ ਆਯੁਸਮਾਨ ਭਾਰਤ ਯੋਜਨਾ ਤਹਿਤ ਕੁੱਲ 3,511 ਤੋਂ ਵੱਧ ਦਾਅਵੇ ਪੇਸ਼ ਕੀਤੇ ਗਏ। ਇਹ ਗਿਣਤੀ ਯੋਜਨਾ ਤਹਿਤ ਰੋਜ਼ਾਨਾ ਪੇਸ਼ ਹੋਣ ਵਾਲੇ ਕਰੀਬ 3,441 ਦਾਅਵਿਆਂ ਦੇ ਔਸਤ ਨਾਲੋਂ ਵੀ ਵੱਧ ਹੈ। ਇਸ ਤੋਂ ਸਾਫ਼ ਹੈ ਕਿ ਆਈ.ਐਮ.ਏ. ਦੇ ਸੱਦੇ ਦਾ ਸੂਬੇ ਵਿੱਚ ਆਯੁਸਮਾਨ ਭਾਰਤ ਯੋਜਨਾ ਤਹਿਤ ਇਲਾਜ ਲੈਣ ਵਾਲੇ ਮਰੀਜ਼ਾਂ ’ਤੇ ਕੋਈ ਵੱਡਾ ਅਸਰ ਨਹੀਂ ਪਿਆ।

**ਹਸਪਤਾਲਾਂ ਦੇ ਨਾਲ ਲਗਾਤਾਰ ਸੰਪਰਕ ਵਿੱਚ ਰਿਹਾ ਸਿਹਤ ਅਥਾਰਟੀ**

ਰਾਜ ਸਿਹਤ ਅਥਾਰਟੀ ਨੇ ਪੂਰੇ ਮਾਮਲੇ ’ਤੇ ਲਗਾਤਾਰ ਨਜ਼ਰ ਰੱਖੀ। ਜ਼ਿਲ੍ਹਾ ਪੱਧਰ ’ਤੇ ਅਧਿਕਾਰੀਆਂ, ਜ਼ਿਲ੍ਹਾ ਅਮਲ ਪ੍ਰਬੰਧਕਾਂ ਅਤੇ ਸੂਚੀਬੱਧ ਹਸਪਤਾਲਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਗਿਆ। ਸਾਰੇ ਸੂਚੀਬੱਧ ਹਸਪਤਾਲਾਂ ਨੂੰ ਕਿਹਾ ਗਿਆ ਕਿ ਆਯੁਸਮਾਨ ਭਾਰਤ ਯੋਜਨਾ ਦੇ ਯੋਗ ਮਰੀਜ਼ਾਂ ਨੂੰ ਪਹਿਲ ਦਿੰਦੇ ਹੋਏ ਇਲਾਜ ਅਤੇ ਸਿਹਤ ਸੇਵਾਵਾਂ ਆਮ ਵਾਂਗ ਜਾਰੀ ਰੱਖਣ। ਹਸਪਤਾਲਾਂ ਤੋਂ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਗਿਆ ਕਿ ਕਿਸੇ ਯੋਗ ਮਰੀਜ਼ ਨੂੰ ਯੋਜਨਾ ਤਹਿਤ ਇਲਾਜ ਲੈਣ ਵਿੱਚ ਬੇਲੋੜੀ ਪਰੇਸ਼ਾਨੀ ਨਾ ਆਵੇ।

ਐਸ.ਐਚ.ਏ. ਦੇ ਅਨੁਸਾਰ, ਇਸ ਮਿਆਦ ਵਿੱਚ ਕਿਸੇ ਯੋਗ ਮਰੀਜ਼ ਨੂੰ ਇਲਾਜ ਤੋਂ ਮਨ੍ਹਾ ਕਰਨ ਜਾਂ ਆਯੁਸਮਾਨ ਭਾਰਤ ਯੋਜਨਾ ਤਹਿਤ ਸਿਹਤ ਸੇਵਾਵਾਂ ਵਿੱਚ ਰੁਕਾਵਟ ਦੀ ਕੋਈ ਸ਼ਿਕਾਇਤ ਪ੍ਰਾਪਤ ਨਹੀਂ ਹੋਈ। ਹਸਪਤਾਲਾਂ ਤੋਂ ਮਿਲੇ ਜਵਾਬ ਅਤੇ ਇਸ ਦੌਰਾਨ ਪੇਸ਼ ਕੀਤੇ ਗਏ ਦਾਅਵਿਆਂ ਦੀ ਗਿਣਤੀ ਤੋਂ ਵੀ ਸਪੱਸ਼ਟ ਹੈ ਕਿ ਲਾਭਪਾਤਰੀਆਂ ਨੂੰ ਯੋਜਨਾ ਤਹਿਤ ਸਿਹਤ ਸੇਵਾਵਾਂ ਮਿਲਦੀਆਂ ਰਹੀਆਂ।

**12 ਹਜ਼ਾਰ ਕਰੋੜ ਰੁਪਏ ਦੇ ਬਕਾਏ ਦੀ ਖ਼ਬਰ ਨੂੰ ਦੱਸਿਆ ਭਰਮਾਊ:**

ਰਾਜ ਸਿਹਤ ਅਥਾਰਟੀ ਨੇ ਕੁਝ ਅਖਬਾਰਾਂ ਵਿੱਚ ਆਯੁਸਮਾਨ ਭਾਰਤ ਯੋਜਨਾ ਤਹਿਤ ਹਸਪਤਾਲਾਂ ਦੇ 12,000 ਕਰੋੜ ਰੁਪਏ ਦੇ ਬਕਾਏ ਨਾਲ ਜੁੜੀਆਂ ਖ਼ਬਰਾਂ ਨੂੰ ਤੱਥਾਤਮਕ ਤੌਰ ’ਤੇ ਸਹੀ ਨਹੀਂ ਦੱਸਿਆ ਹੈ। ਐਸ.ਐਚ.ਏ. ਨੇ ਕਿਹਾ ਕਿ ਇਸ ਤਰ੍ਹਾਂ ਦੀ ਜਾਣਕਾਰੀ ਨਾਲ ਲਾਭਪਾਤਰੀਆਂ ਅਤੇ ਆਮ ਲੋਕਾਂ ਵਿੱਚ ਬੇਲੋੜਾ ਭਰਮ ਪੈਦਾ ਹੁੰਦਾ ਹੈ। ਯੋਜਨਾ ਤਹਿਤ ਭੁਗਤਾਨ ਅਤੇ ਦਾਅਵਿਆਂ ਦੀ ਅਸਲ ਸਥਿਤੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਜਾਂਚੀ ਜਾਂਦੀ ਹੈ।

ਅਥਾਰਟੀ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਪੁਸ਼ਟ ਖ਼ਬਰਾਂ ਜਾਂ ਅਧੂਰੀ ਜਾਣਕਾਰੀ ’ਤੇ ਭਰੋਸਾ ਨਾ ਕਰਨ ਅਤੇ ਸਿਰਫ਼ ਸਹੀ ਅਤੇ ਅਧਿਕਾਰਤ ਜਾਣਕਾਰੀ ’ਤੇ ਹੀ ਵਿਸ਼ਵਾਸ ਕਰਨ।

**ਇਲਾਜ ਤੋਂ ਮਨ੍ਹਾ ਕਰਨ ਦੀ ਸ਼ਿਕਾਇਤ ’ਤੇ ਹੋਵੇਗੀ ਜਾਂਚ :**

ਰਾਜ ਸਿਹਤ ਅਥਾਰਟੀ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕਿਸੇ ਲਾਭਪਾਤਰੀ ਵੱਲੋਂ ਇਹ ਸ਼ਿਕਾਇਤ ਮਿਲਦੀ ਹੈ ਕਿ 31 ਅਗਸਤ ਜਾਂ 1 ਸਤੰਬਰ ਨੂੰ ਕਿਸੇ ਸੂਚੀਬੱਧ ਹਸਪਤਾਲ ਨੇ ਆਯੁਸਮਾਨ ਭਾਰਤ ਯੋਜਨਾ ਤਹਿਤ ਇਲਾਜ ਕਰਨ ਤੋਂ ਮਨ੍ਹਾ ਕੀਤਾ, ਤਾਂ ਉਸ ਮਾਮਲੇ ਦੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਜਾਂਚ ਕੀਤੀ ਜਾਵੇਗੀ।

ਐਸ.ਐਚ.ਏ. ਸ਼ਿਕਾਇਤਾਂ ਅਤੇ ਹਸਪਤਾਲਾਂ ਤੋਂ ਮਿਲੀ ਜਾਣਕਾਰੀ ਦੀ ਸਮੀਖਿਆ ਕਰੇਗਾ। ਜੇਕਰ ਜਾਂਚ ਵਿੱਚ ਕਿਸੇ ਹਸਪਤਾਲ ਵੱਲੋਂ ਯੋਗ ਲਾਭਪਾਤਰੀ ਨੂੰ ਯੋਜਨਾ ਤਹਿਤ ਇਲਾਜ ਦੇਣ ਤੋਂ ਮਨ੍ਹਾ ਕਰਨ ਜਾਂ ਜਾਣਬੁੱਝ ਕੇ ਇਲਾਜ ਵਿੱਚ ਰੁਕਾਵਟ ਪਾਉਣ ਦੀ ਗੱਲ ਸਹੀ ਪਾਈ ਜਾਂਦੀ ਹੈ, ਤਾਂ ਸਬੰਧਤ ਹਸਪਤਾਲ ਖਿਲਾਫ ਨਿਯਮਾਂ ਅਨੁਸਾਰ ਉਚਿਤ ਕਾਰਵਾਈ ਕੀਤੀ ਜਾਵੇਗੀ।

**ਲਾਭਪਾਤਰੀਆਂ ਤੋਂ ਇਲਾਜ ਜਾਰੀ ਰੱਖਣ ਦੀ ਅਪੀਲ :**

ਰਾਜ ਸਿਹਤ ਅਥਾਰਟੀ ਨੇ ਆਯੁਸਮਾਨ ਭਾਰਤ-ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੇ ਸਾਰੇ ਯੋਗ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਨਿਰਧਾਰਤ ਪ੍ਰਕਿਰਿਆ ਤਹਿਤ ਪ੍ਰਦੇਸ਼ ਦੇ ਸੂਚੀਬੱਧ ਹਸਪਤਾਲਾਂ ਵਿੱਚ ਆਪਣਾ ਇਲਾਜ ਜਾਰੀ ਰੱਖ ਸਕਦੇ ਹਨ। ਲਾਭਪਾਤਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕਿਸੇ ਅਫਵਾਹ, ਅਪੁਸ਼ਟ ਸੂਚਨਾ ਜਾਂ ਭਰਮਾਊ ਖ਼ਬਰ ਤੋਂ ਪ੍ਰਭਾਵਿਤ ਨਾ ਹੋਣ।

ਹਰਿਆਣਾ ਸਰਕਾਰ ਦੀ ਪਹਿਲ ਪ੍ਰਦੇਸ਼ ਦੇ ਯੋਗ ਨਾਗਰਿਕਾਂ ਨੂੰ ਸਮੇਂ ’ਤੇ, ਆਸਾਨੀ ਨਾਲ ਅਤੇ ਬਿਹਤਰ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਰਾਜ ਸਰਕਾਰ ਆਯੁਸਮਾਨ ਭਾਰਤ ਯੋਜਨਾ ਦੇ ਪ੍ਰਭਾਵਸ਼ਾਲੀ ਸੰਚਾਲਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਯੋਗ ਲਾਭਪਾਤਰੀਆਂ ਨੂੰ ਇਲਾਜ ਲੈਣ ਵਿੱਚ ਕਿਸੇ ਪ੍ਰਕਾਰ ਦੀ ਪਰੇਸ਼ਾਨੀ ਨਾ ਆਵੇ। ਰਾਜ ਸਿਹਤ ਅਥਾਰਟੀ ਵੱਲੋਂ ਜ਼ਿਲ੍ਹਾ ਪੱਧਰ ਦੇ ਅਧਿਕਾਰੀਆਂ ਅਤੇ ਸੂਚੀਬੱਧ ਹਸਪਤਾਲਾਂ ਨਾਲ ਲਗਾਤਾਰ ਤਾਲਮੇਲ ਕੀਤਾ ਜਾ ਰਿਹਾ ਹੈ, ਤਾਂ ਜੋ ਯੋਜਨਾ ਤਹਿਤ ਸਿਹਤ ਸੇਵਾਵਾਂ ਅਤੇ ਇਲਾਜ ਦੀ ਵਿਵਸਥਾ ਸੁਚਾਰੂ ਰੂਪ ਨਾਲ ਚੱਲਦੀ ਰਹੇ।




